@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

ਦਿੱਲੀ, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 3 August 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 3 ਅਗਸਤ 2026, 19 ਸਾਵਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 270, qpatrika@gmail.com ਫੋਨ : 9971359517 www.qaumipatrika.org


## ਪੀਐਮ ਕਿਸਾਨ ਯੋਜਨਾ ਤੋਂ 'ਸਮੁੰਦਰ ਮੰਥਨ' ਤੱਕ... ਮੋਦੀ ਕੈਬਿਨੇਟ ਦੀ ਬੈਠਕ ਵਿੱਚ ਕਈ ਅਹਿਮ ਫ਼ੈਸਲੇ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 2 ਅਗਸਤ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਨਵੀਂ ਦਿੱਲੀ ਵਿੱਚ ਹੋਈ ਕੇਂਦਰੀ ਮੰਤਰੀ ਮੰਡਲ ਦੀ ਬੈਠਕ ਵਿੱਚ ਊਰਜਾ, ਖੇਤੀਬਾੜੀ, ਖੇਡਾਂ, ਤੇਲ-ਗੈਸ ਖੋਜ ਅਤੇ ਹੋਰ ਕਈ ਮਹੱਤਵਪੂਰਨ ਖੇਤਰਾਂ ਨਾਲ ਜੁੜੇ ਅਹਿਮ ਫ਼ੈਸਲੇ ਲਏ ਗਏ। ਕੈਬਿਨੇਟ ਬ੍ਰੀਫਿੰਗ ਦੌਰਾਨ ਕੇਂਦਰੀ ਮੰਤਰੀ ਅਸ਼ਵਿਨੀ ਵੈਸ਼ਣਵ ਨੇ ਦੱਸਿਆ ਕਿ ਸਰਕਾਰ ਨੇ ਪ੍ਰਧਾਨ ਮੰਤਰੀ ਸੂਰਜ ਸਰੋਵਰ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਵਿਅਕਤੀ ਸੂਰਜੀ ਊਰਜਾ ਸਮਰੱਥਾ ਦੇ ਮਾਮਲੇ ਵਿੱਚ ਭਾਰਤ ਪਹਿਲਾਂ ਹੀ ਦੁਨੀਆ ਦੇ ਅਗੇਤੜ ਦੇਸ਼ਾਂ ਵਿੱਚ ਸ਼ਾਮਲ ਹੈ। ਨਵੀਂ ਯੋਜਨਾ ਤਹਿਤ ਦੇਸ਼ ਦੇ ਜਲਾਸ਼ਿਆਂ ਅਤੇ ਹੋਰ ਜਲ ਸਰੋਤਾਂ ਦੀ ਸਤ?ਹਾ 'ਤੇ ਸੂਰਜੀ ਊਰਜਾ ਪ੍ਰੋਜੈਕਟ ਲਗਾਏ ਜਾਣਗੇ। ਇਸ ਨਾਲ ਸਾਫ਼ ਊਰਜਾ ਦੇ ਉਤਪਾਦਨ ਨੂੰ ਹੋਰ ਗਤੀ ਮਿਲੇਗੀ ਅਤੇ ਕੁਦਰਤੀ ਸਰੋਤਾਂ ਦੀ ਬਿਹਤਰ ਵਰਤੋਂ ਯਕੀਨੀ ਬਣੇਗੀ। ਕੇਂਦਰੀ



ਕੈਬਿਨੇਟ ਨੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਨੂੰ ਵਿੱਤੀ ਸਾਲ 2026-27 ਤੋਂ 2030-31 ਤੱਕ ਹੋਰ ਪੰਜ ਸਾਲ ਲਈ ਵਧਾ ਦਿੱਤਾ ਹੈ। ਇਸ ਲਈ ਸਰਕਾਰ ਨੇ 3.15 ਲੱਖ ਕਰੋੜ ਰੁਪਏ ਦਾ ਬਜਟ ਮਨਜ਼ੂਰ ਕੀਤਾ ਹੈ। ਯੋਜਨਾ ਤਹਿਤ ਯੋਗ ਕਿਸਾਨਾਂ ਨੂੰ ਹਰ ਸਾਲ 6,000 ਰੁਪਏ ਦੀ ਆਰਥਿਕ ਸਹਾਇਤਾ ਤਿੰਨ ਕਿਸ਼ਤਾਂ (ਹਰ ਇੱਕ 2,000 ਰੁਪਏ) ਰਾਹੀਂ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਰਹੇਗੀ। ਸਰਕਾਰ ਦਾ ਕਹਿਣਾ ਹੈ ਕਿ ਇਸ ਨਾਲ ਕਿਸਾਨ ਸਮੇਂ ਸਿਰ ਬੀਜ, ਖਾਦ ਅਤੇ ਹੋਰ ਖੇਤੀਬਾੜੀ ਸਮੱਗਰੀ ਖਰੀਦ ਸਕਣਗੇ ਅਤੇ ਮਹਿੰਗੇ ਕਰਜ਼ਿਆਂ 'ਤੇ ਨਿਰਭਰਤਾ ਘਟੇਗੀ। ਇਸ ਦਾ ਸਭ ਤੋਂ ਵੱਧ ਲਾਭ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਮਿਲੇਗਾ। ਖੇਲੋ ਇੰਡੀਆ ਯੋਜਨਾ ਲਈ 29,000 ਕਰੋੜ ਰੁਪਏ ਕੈਬਿਨੇਟ ਨੇ ਦੇਸ਼ ਵਿੱਚ ਖੇਡ ਸੰਸਕ੍ਰਿਤੀ ਅਤੇ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਖੇਲੋ ਇੰਡੀਆ ਯੋਜਨਾ ਨੂੰ ਵੀ ਅਗਲੇ ਪੰਜ ਸਾਲ ਲਈ ਵਧਾਉਂਦੇ ਹੋਏ 29,000 ਕਰੋੜ ਰੁਪਏ ਦਾ ਬਜਟ ਮਨਜ਼ੂਰ ਕੀਤਾ ਹੈ। ਅਸ਼ਵਿਨੀ ਵੈਸ਼ਣਵ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਖੇਡਾਂ ਨੂੰ ਮਿਲੇ ਪ੍ਰੋਤਸਾਹਨ ਕਾਰਨ ਹੀ ਭਾਰਤ ਅੱਜ ਓਲੰਪਿਕ, ਏਸ਼ੀਆਈ ਖੇਡਾਂ ਅਤੇ ਰਾਸ਼ਟਰਮੰਡਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਿਹਾ ਹੈ। ਇਸ ਰਕਮ ਦਾ ਮੁੱਖ ਉਦੇਸ਼ ਭਾਰਤੀ ਖਿਡਾਰੀਆਂ ਨੂੰ ਆਉਣ ਵਾਲੇ ਓਲੰਪਿਕ, ਪੈਰਾਲੰਪਿਕ ਅਤੇ ਖਾਸ ਕਰਕੇ 2030 ਵਿੱਚ ਭਾਰਤ ਵਿੱਚ ਹੋਣ ਵਾਲੀਆਂ ਰਾਸ਼ਟਰਮੰਡਲ ਖੇਡਾਂ ਲਈ ਵਿਸ਼ਵ-ਪੱਧਰੀ ਤਿਆਰੀ ਮੁਹੱਈਆ ਕਰਵਾਉਣਾ ਹੈ। ਸੰਸਦ ਦੇ ਦੋਵੇਂ ਸਦਨਾਂ ਵਿੱਚ ਵਿਰੋਧੀ ਧਿਰ ਦੇ ਹੰਗਾਮੇ ਦੇ ਦਰਮਿਆਨ ਲੋਕ ਸਭਾ ਨੇ ਜਨਮ ਅਤੇ ਮੌਤ ਰਜਿਸਟ?ਰੇਸ਼ਨ (ਸੋਧ) ਬਿੱਲ ਧੁਨੀ ਮਤ ਨਾਲ ਪਾਸ ਕਰ ਦਿੱਤਾ। ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਵੱਲੋਂ ਪੇਸ਼ ਕੀਤੇ ਗਏ ਇਸ ਬਿੱਲ ਵਿੱਚ ਪ੍ਰਬੰਧ ਕੀਤਾ ਗਿਆ ਹੈ ਕਿ ਜੇ ਜਨਮ ਜਾਂ ਮੌਤ ਦੀ ਸੂਚਨਾ ਇੱਕ ਸਾਲ ਤੋਂ ਬਾਅਦ ਪਰ ਦੋ ਸਾਲਾਂ ਦੇ ਅੰਦਰ ਦਿੱਤੀ ਜਾਂਦੀ ਹੈ, ਤਾਂ ਉਸ ਦੀ ਰਜਿਸਟ?ਰੇਸ਼ਨ ਕੇਵਲ ਜ਼ਿਲ੍ਹਾ ਮੈਜਿਸਟ?ਰੇਟ (ਡੀਐਮ), ਐਸਡੀਐਮ ਜਾਂ ਅਧਿਕ੍ਰਿਤ ਕਾਰਜਕਾਰੀ ਮੈਜਿਸਟ?ਰੇਟ ਦੀ ਪਹਿਲਾਂ ਮਨਜ਼ੂਰੀ ਨਾਲ ਹੀ ਹੋ ਸਕੇਗੀ। ਬਿੱਲ ਪਾਸ ਹੋਣ ਤੋਂ ਬਾਅਦ ਸੰਸਦੀ ਕਾਰਜ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਸਰਕਾਰ ਇਸ ਮਹੱਤਵਪੂਰਨ ਬਿੱਲ 'ਤੇ ਚਰਚਾ ਚਾਹੁੰਦੀ ਸੀ

## 'ਰੂਸ-ਯੂਕਰੇਨ ਯੁੱਧ 'ਚ ਮਾਰੇ ਗਏ ਭਾਰਤੀਆਂ ਦੇ ਪਰਿਵਾਰਾਂ ਦੀ ਮਦਦ ਕਰੇ ਕੇਂਦਰ', ਸੁਪਰੀਮ ਕੋਰਟ ਦਾ ਹੁਕਮ

ਕੌਮੀ ਪਤ੍ਰਿਕਾ

ਨਵੀਂ ਦਿੱਲੀ 2 ਅਗਸਤ। ਸੁਪਰੀਮ ਕੋਰਟ ਨੇ ਨਿਰਦੇਸ਼ ਦਿੱਤਾ ਕਿ ਉਹ ਰੂਸ-ਯੂਕਰੇਨ ਯੁੱਧ ਵਿੱਚ ਮਾਰੇ ਗਏ ਭਾਰਤੀਆਂ ਦੇ ਪਰਿਵਾਰਾਂ ਦੀ ਮਦਦ ਲਈ ਇੱਕ ਨੋਡਲ ਅਧਿਕਾਰੀ ਨਿਯੁਕਤ ਕਰਨ। ਇਹ ਅਧਿਕਾਰੀ ਪਰਿਵਾਰਕ ਮੈਂਬਰਾਂ ਨੂੰ ਲਾਸ਼ਾਂ ਦੀ ਪ੍ਰਾਪਤੀ, ਡੀ.ਐੱਨ.ਏ. ਮੈਚਿੰਗ ਅਤੇ ਰੂਸੀ ਦੂਤਾਵਾਸ ਜ਼ਰੀਏ ਮੁਆਵਜ਼ਾ ਦਿਵਾਉਣ ਦੀ ਪ੍ਰਕਿਰਿਆ ਵਿੱਚ ਮਦਦ ਕਰਨਗੇ। ਚੀਫ਼ ਜਸਟਿਸ ਸੂਰਜ ਕਾਂਤ ਅਤੇ ਜਸਟਿਸ ਜੋਇਮਲਿਆ ਬਾਗਚੀ ਅਤੇ ਵੀ. ਮੋਹਨਾ ਦੀ ਬੈਂਚ ਨੇ ਵਿਦੇਸ਼ ਮੰਤਰਾਲੇ ਨੂੰ ਇਹ ਵੀ ਨਿਰਦੇਸ਼ ਦਿੱਤਾ ਕਿ ਉਹ ਰੂਸ-ਯੂਕਰੇਨ ਯੁੱਧ ਵਿੱਚ ਮਾਰੇ ਗਏ ਜਾਂ ਲਾਪਤਾ ਲੋਕਾਂ ਦੇ ਪਰਿਵਾਰਾਂ ਦੀ ਮਦਦ ਕਰੇ ਅਤੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਅਤੇ ਲਾਸ਼ਾਂ ਵਿਚਕਾਰ ਡੀ.ਐੱਨ.ਏ. ਮਿਲਾਨ ਦੀ ਸਹੂਲਤ ਉਪਲਬਧ ਕਰਵਾਏ। ਬੈਂਚ ਨੇ ਵਿਦੇਸ਼ ਮੰਤਰਾਲੇ ਨੂੰ ਕਿਹਾ ਕਿ ਉਹ ਪ੍ਰਭਾਵਿਤ ਪਰਿਵਾਰਾਂ ਨੂੰ ਇੱਥੇ ਰੂਸੀ ਦੂਤਾਵਾਸ ਵਿੱਚ ਮੁਆਵਜ਼ੇ ਦਾ ਦਾਅਵਾ ਕਰਨ ਵਿੱਚ ਮਦਦ ਕਰਨ



ਅਤੇ ਸਾਰੀ ਜ਼ਰੂਰੀ ਜਾਣਕਾਰੀ ਅਤੇ ਅੱਪਡੇਟ ਸਥਾਨਕ ਭਾਸ਼ਾਵਾਂ ਵਿੱਚ ਉਪਲਬਧ ਕਰਵਾਉਣ। ਬੈਂਚ ਨੇ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਅਤੇ ਰਾਜ ਕਾਨੂੰਨੀ ਸੇਵਾ ਅਥਾਰਟੀਆਂ ਨੂੰ ਵੀ ਨਿਰਦੇਸ਼ ਦਿੱਤਾ ਕਿ ਉਹ ਪਰਿਵਾਰਾਂ ਨੂੰ ਉਨ੍ਹਾਂ ਦੇ ਰਿਸ਼ਤੇਦਾਰਾਂ ਦੀਆਂ ਲਾਸ਼ਾਂ ਵਾਪਸ ਪਾਉਣ ਅਤੇ ਮੁਆਵਜ਼ਾ ਦਿਵਾਉਣ ਦੀ ਪ੍ਰਕਿਰਿਆ ਵਿੱਚ ਮਦਦ ਕਰਨ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ ਇਹ ਨਿਰਦੇਸ਼ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਦੀ ਪਟੀਸ਼ਨ 'ਤੇ ਸੁਣਵਾਈ ਦੌਰਾਨ ਦਿੱਤੇ, ਜਿਨ੍ਹਾਂ ਦੇ ਰਿਸ਼ਤੇਦਾਰ ਰੂਸ-ਯੂਕਰੇਨ ਸੰਘਰਸ਼ ਵਿੱਚ ਲੜਨ ਲਈ ਭਰਤੀ ਹੋਣ ਤੋਂ ਬਾਅਦ ਕਥਿਤ ਤੌਰ 'ਤੇ ਮਾਰੇ ਗਏ ਸਨ ਜਾਂ ਲਾਪਤਾ ਹੋ ਗਏ ਸਨ। ਇਨ੍ਹਾਂ ਵਿੱਚੋਂ ਕਈ ਲੋਕਾਂ ਨੂੰ ਧੋਖੇਬਾਜ਼ ਟਰੈਵਲ ਏਜੰਟਾਂ ਨੇ ਧੋਖਾ ਦੇ ਕੇ ਜੰਗ ਵਿੱਚ ਲੜਨ ਲਈ ਭੇਜਿਆ ਸੀ।

## ਨੋਇਡਾ 'ਚ ਸਾਇਬਰ ਧੋਖਾਧੜੀ ਦੇ 3 ਮਾਮਲੇ, ਬਜ਼ੁਰਗ ਨਾਲ 2.35 ਕਰੋੜ ਰੁਪਏ ਦੀ ਹੋਈ ਠੱਗੀ

ਨੋਇਡਾ 2 ਅਗਸਤ। ਨੋਇਡਾ ਦੇ ਸੈਕਟਰ 21 ਦੇ ਜਲਵਾਯੂ ਵਿਹਾਰ 'ਚ ਰਹਿਣ ਵਾਲੇ ਇਕ 73 ਸਾਲਾ ਵਿਅਕਤੀ ਨਾਲ ਸਟਾਕ ਮਾਰਕੀਟ 'ਚ ਕਾਫ਼ੀ ਮੁਨਾਫ਼ੇ ਦਾ ਵਾਅਦਾ ਕਰਕੇ 2.35 ਕਰੋੜ ਰੁਪਏ ਤੋਂ ਵੱਧ ਦੀ ਠੱਗੀ ਮਾਰੀ ਗਈ। ਡਿਪਟੀ ਕਮਿਸ਼ਨਰ ਆਫ਼ ਪੁਲਸ (ਸਾਈਬਰ ਕ੍ਰਾਈਮ) ਸ਼ੈਵਯ ਗੋਇਲ ਨੇ ਦੱਸਿਆ ਕਿ ਪੀੜਤ ਆਨੰਦ ਨੇ ਬੁੱਧਵਾਰ ਰਾਤ ਸਾਈਬਰ ਕ੍ਰਾਈਮ ਪੁਲਸ ਸਟੇਸ਼ਨ 'ਚ ਸ਼ਿਕਾਇਤ ਦਰਜ ਕਰਵਾਈ, ਜਿਸ 'ਚ ਕਿਹਾ ਗਿਆ ਸੀ ਕਿ ਜੂਨ 'ਚ ਉਸ ਨਾਲ ਵਟਸਐਪ ਰਾਹੀਂ ਸੰਪਰਕ ਕੀਤਾ ਗਿਆ ਸੀ ਅਤੇ ਸਟਾਕ ਮਾਰਕੀਟ 'ਚ ਨਿਵੇਸ਼ ਕਰਨ ਦਾ ਲਾਲਚ ਦਿੱਤਾ ਗਿਆ ਸੀ। ਆਪਣਾ ਕੇ.ਵਾਈ.ਸੀ. ਪੂਰਾ ਕਰਨ ਅਤੇ ਇਕ ਟ?ਰੇਡਿੰਗ ਐਪ ਡਾਊਨਲੋਡ ਕਰਨ ਤੋਂ ਬਾਅਦ, ਮੁਲਜ਼ਮਾਂ ਨੇ ਉਨ੍ਹਾਂ ਨੂੰ ਛੋਟ ਵਾਲੀਆਂ ਦਰਾਂ 'ਤੇ ਆਈ.ਪੀ.ਓ. 'ਚ ਨਿਵੇਸ਼ ਕਰਨ ਦਾ ਲਾਲਚ ਦਿੱਤਾ। ਸ਼ਿਕਾਇਤ 'ਚ ਕਿਹਾ ਗਿਆ ਹੈ ਕਿ 15 ਜੂਨ ਤੋਂ 21 ਜੁਲਾਈ ਦੇ ਵਿਚਕਾਰ, ਉਸਨੇ ਕੁੱਲ 2,35,51,136 ਵੱਖ-ਵੱਖ ਬੈਂਕ ਖਾਤਿਆਂ 'ਚ ਟ?ਰਾਂਸਫਰ ਕੀਤੇ। ਐਪ 'ਤੇ ਦਿਖਾਈ ਗਈ ਨਿਵੇਸ਼ ਰਕਮ 6 ਰੁਪਏ ਕਰੋੜ ਤੋਂ ਵੱਧ ਸੀ। ਜਦੋਂ ਉਸਨੇ 1.85 ਕਰੋੜ ਰੁਪਏ ਕਢਵਾਉਣ ਦੀ ਕੋਸ਼ਿਸ਼ ਕੀਤੀ, ਤਾਂ ਦੋਸ਼ੀ ਨੇ ਟੈਕਸ ਦੇ ਨਾਮ 'ਤੇ 62.51 ਲੱਖ ਰੁਪਏ ਹੋਰ ਇਕੱਠੇ ਕੀਤੇ ਅਤੇ ਬਾਅਦ ਵਿੱਚ 37 ਲੱਖ ਰੁਪਏ ਹੋਰ ਮੰਗੇ। ਇਸ ਤੋਂ ਬਾਅਦ ਉਸਨੂੰ ਅਹਿਸਾਸ ਹੋਇਆ ਕਿ ਉਸਦੇ ਨਾਲ ਧੋਖਾ ਹੋਇਆ ਹੈ। ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇੱਕ ਹੋਰ ਮਾਮਲੇ 'ਚ, ਸੈਕਟਰ 50 ਦੇ ਵਸਨੀਕ ਵਿਨੋਦ ਕੁਮਾਰ ਯਾਦਵ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਜਿਓਮਾਰਟ 'ਤੇ ਉਸਦੇ ਕ੍ਰੈਡਿਟ ਕਾਰਡ ਦੀ ਵਰਤੋਂ ਕਰਕੇ ਉਸਦੀ ਇਜਾਜ਼ਤ ਤੋਂ ਬਿਨਾਂ 7,10,499 ਰੁਪਏ ਦੀ ਖਰੀਦਦਾਰੀ ਕੀਤੀ ਗਈ ਹੈ। ਉਸ ਨੇ ਕਿਸੇ ਨਾਲ ਵੀ OTP, ਕਾਰਡ ਵੇਰਵੇ ਜਾਂ ਹੋਰ ਬੈਂਕਿੰਗ ਜਾਣਕਾਰੀ ਸਾਂਝੀ ਨਹੀਂ ਕੀਤੀ ਸੀ। ਡੀ.ਸੀ.ਪੀ. ਨੇ ਕਿਹਾ ਕਿ ਪੁਲਿਸ ਨੇ ਇੱਕ ਰਿਪੋਰਟ ਦਰਜ ਕਰ ਲਈ ਹੈ ਅਤੇ ਮਾਮਲੇ ਦੀ ਜਾਂਚ ਕਰ ਰਹੀ ਹੈ। ਗੋਇਲ ਨੇ ਕਿਹਾ ਕਿ ਇਕ ਹੋਰ ਮਾਮਲੇ 'ਚ, 58 ਸਾਲਾ ਸਪਨਾ ਬਾਗ ਨੇ ਕੱਲ੍ਹ ਰਾਤ ਸ਼ਿਕਾਇਤ ਦਰਜ ਕਰਵਾਈ ਕਿ ਉਸਦੇ ਬੈਂਕ ਖਾਤੇ 'ਚੋਂ ਬਿਨਾਂ ਇਜਾਜ਼ਤ ਦੇ 18,55,867 ਰੁਪਏ ਕਢਵਾ ਲਏ ਗਏ ਹਨ। ਉਸਨੇ ਕਿਹਾ ਕਿ ਉਸ ਨੇ ਆਪਣਾ OTP, PIN ਜਾਂ ਬੈਂਕਿੰਗ ਵੇਰਵੇ ਕਿਸੇ ਨਾਲ ਸਾਂਝੇ ਨਹੀਂ ਕੀਤੇ ਅਤੇ ਸ਼ੱਕ ਹੈ ਕਿ ਇਹ ਲੈਣ-ਦੇਣ ਹੈਕ ਕੀਤੇ ਮੋਬਾਈਲ ਫੋਨ ਰਾਹੀਂ ਕੀਤਾ ਗਿਆ ਸੀ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਵਿਦਿਆਰਥੀਆਂ 'ਤੇ ਕੀਤੀ ਬੇਰਹਿਮੀ ਦੀ ਤੈਅ ਹੋਣੀ ਚਾਹੀਦੀ ਹੈ ਜ਼ਿੰਮੇਵਾਰੀ: ਰਾਹੁਲ ਗਾਂਧੀ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨੈਸ਼ਨਲ ਡੈਸਕ 2 ਅਗਸਤ। ਲੋਕ ਸਭਾ ਵੱਲੋਂ ਪੇਪਰ ਲੀਕ ਵਿਰੋਧੀ ਬਿੱਲ ਪਾਸ ਹੋਣ ਤੋਂ ਬਾਅਦ ਰਾਹੁਲ ਗਾਂਧੀ ਨੇ ਪ੍ਰੈਸ ਕਾਨਫਰੰਸ ਕਰਕੇ ਆਪਣਾ ਪੱਖ ਰੱਖਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਸਦਨ ਵਿੱਚ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਦੇਣ ਤੋਂ ਮਨ੍ਹਾ ਕੀਤਾ ਗਿਆ। ਵਿਰੋਧੀ ਧਿਰ ਦੇ ਨੇਤਾ ਹੋਣ ਦੇ ਨਾਤੇ, ਜਨਤਕ ਹਿੱਤ ਦੇ ਮੁੱਦੇ ਉਠਾਉਣਾ ਮੇਰਾ ਅਧਿਕਾਰ ਹੈ; ਵਿਦਿਆਰਥੀਆਂ ਵਿਰੁੱਧ ਬੇਰਹਿਮੀ ਅੱਜ ਮੇਰੇ ਲਈ ਸਭ ਤੋਂ ਮਹੱਤਵਪੂਰਨ ਮੁੱਦਾ ਹੈ। ਉਨ੍ਹਾਂ ਨੂੰ ਮੁਆਫ਼ੀ ਮੰਗਣ ਲਈ ਕਿਹਾ ਗਿਆ ਸੀ। ਉਨ੍ਹਾਂ ਕਿਹਾ-ਪਰ ਮੈਂ ਕਦੇ ਵੀ ਭਾਜਪਾ, ਆਰਐੱਸਐੱਸ ਜਾਂ ਕਿਸੇ ਹੋਰ ਤੋਂ ਮੁਆਫ਼ੀ ਨਹੀਂ ਮੰਗਾਂਗਾ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਤਿੱਖਾ ਹਮਲਾ ਕੀਤਾ। ਪ੍ਰੈਸ



ਕਾਨਫਰੰਸ ਦੌਰਾਨ ਰਾਹੁਲ ਗਾਂਧੀ ਨੇ ਪੰਜ ਤਸਵੀਰਾਂ ਦਿਖਾਉਂਦਿਆਂ ਕਿਹਾ, ਭਾਰਤੀ ਬੱਚਿਆਂ ਨੂੰ ਸੰਸਦ ਤੋਂ 500 ਮੀਟਰ ਦੂਰ ਮਾਰਿਆ ਗਿਆ, ਵਿਦਿਆਰਥੀਆਂ 'ਤੇ ਪੈਲੇਟ ਗੰਨ ਚਲਾਈ ਗਈ। ਉਨ੍ਹਾਂ ਵਿਦਿਆਰਥੀਆਂ ਵਿਰੁੱਧ ਬੇਰਹਿਮੀ ਦਾ ਮੁੱਦਾ ਉਠਾਇਆ ਅਤੇ ਕਿਹਾ ਕਿ ਗ੍ਰਹਿ ਮੰਤਰੀ ਨੂੰ ਇਸ ਮਾਮਲੇ ਬਾਰੇ ਲਗਾਤਾਰ ਜਾਣਕਾਰੀ ਦਿੱਤੀ ਜਾ ਰਹੀ ਸੀ। ਰਾਹੁਲ ਗਾਂਧੀ ਨੇ ਸਵਾਲ ਕੀਤਾ ਕਿ ਕੀ ਗ੍ਰਹਿ ਮੰਤਰੀ ਜਾਂ ਤਾਂ ਇਸ ਤੋਂ ਅਣਜਾਣ ਸਨ ਜਾਂ ਪੂਰੀ ਤਰ੍ਹਾਂ ਜਾਣੂ ਸਨ। ਉਨ੍ਹਾਂ ਕਿਹਾ, ਮੈਂ ਨਿੱਜੀ ਤੌਰ 'ਤੇ ਅਮਿਤ ਸ਼ਾਹ ਨੂੰ ਪੁਲਿਸ ਨਾਲ ਗੱਲ ਕਰਦੇ ਦੇਖਿਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨਾਲ ਜੋ ਹੋਇਆ, ਉਸ ਦਾ ਜਵਾਬ ਦਿੱਤਾ ਜਾਣਾ ਚਾਹੀਦਾ ਹੈ। ਜ਼ਿੰਮੇਵਾਰ ਪੁਲਸ ਵਾਲਿਆਂ ਦੀ ਪਛਾਣ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਵਿਦਿਆਰਥੀਆਂ 'ਤੇ ਮੇਖਾਂ ਨਾਲ ਜੜੀਆਂ ਸੋਟੀਆਂ ਨਾਲ ਹਮਲਾ ਕੀਤਾ ਗਿਆ ਅਤੇ ਪੈਲੇਟ ਬੰਦੂਕਾਂ ਦੀ ਵਰਤੋਂ ਕੀਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਪੁਲਿਸ ਨੇ ਵਿਦਿਆਰਥੀਆਂ 'ਤੇ ਬੇਰਹਿਮੀ ਕੀਤੀ, ਅਤੇ ਅਮਿਤ ਸ਼ਾਹ ਇਸ ਲਈ ਜ਼ਿੰਮੇਵਾਰ ਹਨ। ਹਾਲਾਂਕਿ, ਭਾਜਪਾ ਨੇ ਪਹਿਲਾਂ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਵਿਦਿਆਰਥੀਆਂ ਵਿਰੁੱਧ ਪੈਲੇਟ ਬੰਦੂਕਾਂ ਦੀ ਵਰਤੋਂ ਨਹੀਂ ਕੀਤੀ ਗਈ। ਹੁਣ, ਰਾਹੁਲ ਗਾਂਧੀ ਫਿਰ ਦਾਅਵਾ ਕਰ ਰਹੇ ਹਨ ਕਿ ਵਿਦਿਆਰਥੀਆਂ ਵਿਰੁੱਧ ਪੈਲੇਟ ਬੰਦੂਕਾਂ ਚਲਾਈਆਂ

## ਭਿਵੰਡੀ 'ਚ ਡਿੱਗੀ ਚਾਰ ਮੰਜ਼ਿਲਾ ਇਮਾਰਤ, ਕੱਢੀਆਂ 9 ਲਾਸ਼ਾਂ ਤੇ ਅਜੇ ਵੀ ਮਲਬੇ ਹੇਠ ਦੱਬੇ ਕਈ ਲੋਕ

ਮੁੰਬਈ 2 ਅਗਸਤ। ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੇ ਭਿਵੰਡੀ ਵਿੱਚ ਇੱਕ ਇਮਾਰਤ ਦਾ ਇੱਕ ਹਿੱਸਾ ਡਿੱਗਣ ਕਾਰਨ ਵੱਡਾ ਹਾਦਸਾ ਵਾਪਰ ਗਿਆ ਹੈ। ਭੰਡਾਰੀ ਕੰਪਾਉਂਡ, ਨਰਪੋਲੀ ਵਿੱਚ ਇੱਕ ਚਾਰ ਮੰਜ਼ਿਲਾ ਕੋਹਿਨੂਰ ਇਮਾਰਤ ਦਾ ਇੱਕ ਵੱਡਾ ਹਿੱਸਾ ਅਚਾਨਕ ਹੇਠਾਂ ਡਿੱਗ ਗਿਆ। ਇਸ ਹਾਦਸੇ 'ਚ 9 ਲੋਕਾਂ ਦੀ ਮੌਤ ਹੋ ਗਈ। ਕਈ ਲੋਕਾਂ ਦੇ ਮਲਬੇ ਹੇਠਾਂ ਦੱਬੇ ਹੋਣ ਦਾ ਖਦਸ਼ਾ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ, ਨਗਰ ਨਿਗਮ ਦੀ ਟੀਮ ਅਤੇ ਐਨਡੀਆਰਐਫ (ਏਡੀਆਰਐਫ) ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਘਟਨਾ ਦੀ ਜਾਣਕਾਰੀ ਦਿੰਦੇ ਹੋਏ ਭਿਵੰਡੀ ਪੱਛਮੀ ਦੇ ਵਿਧਾਇਕ ਮਹੇਸ਼ ਚੌਗੁਲੇ ਨੇ ਦੱਸਿਆ ਕਿ ਇਹ ਨਾਰਪੋਲੀ ਦੇ ਭੰਡਾਰੀ ਕੰਪਾਊਂਡ 'ਚ ਸਥਿਤ ਕੋਹਿਨੂਰ ਇਮਾਰਤ ਹੈ। ਨਗਰ ਨਿਗਮ ਨੇ ਇਸ ਇਮਾਰਤ ਨੂੰ ਪਹਿਲਾਂ ਹੀ 'ਸੀ-ਕੈਟਾਗਰੀ' (ਬਹੁਤ ਖ਼ਤਰਨਾਕ ਅਤੇ ਖਸਤਾਹਾਲ) ਐਲਾਨ ਦਿੱਤਾ ਸੀ, ਜਿਸ ਤੋਂ ਬਾਅਦ ਇਸ ਨੂੰ ਖਾਲੀ ਕਰਵਾ ਲਿਆ ਗਿਆ ਸੀ। ਹਾਲਾਂਕਿ ਇਮਾਰਤ ਖਾਲੀ ਹੋਣ ਦੇ ਬਾਵਜੂਦ ਇਸ ਦੀ ਹੇਠਲੀ ਮੰਜ਼ਿਲ 'ਤੇ ਕੁਝ ਮਜ਼ਦੂਰ ਕੰਮ ਕਰ ਰਹੇ ਸਨ। ਖਦਸ਼ਾ ਹੈ ਕਿ ਅਜੇ ਵੀ ਕੁਝ ਮਜ਼ਦੂਰ ਮਲਬੇ ਹੇਠਾਂ ਦੱਬੇ ਹੋ ਸਕਦੇ ਹਨ। ਟੀਮ ਨੇ ਰਾਹਤ ਅਤੇ ਬਚਾਅ ਕਾਰਜਾਂ ਦੌਰਾਨ ਵੱਡੀ ਸਫਲਤਾ ਹਾਸਲ ਕੀਤੀ ਹੈ। ਮਲਬੇ ਹੇਠੋਂ ਇੱਕ ਔਰਤ ਨੂੰ ਜ਼ਿੰਦਾ ਅਤੇ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਔਰਤ ਨੂੰ ਤੁਰੰਤ ਇਲਾਜ ਲਈ ਨਜ਼ਦੀਕੀ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ ਮੁਤਾਬਕ ਸ਼ੁੱਕਰਵਾਰ ਨੂੰ ਬਚਾਅ ਕਾਰਜ ਜਾਰੀ ਰਹੇ ਅਤੇ ਮਲਬੇ ਹੇਠਾਂ ਤਿੰਨ ਤੋਂ ਚਾਰ ਹੋਰ ਲੋਕਾਂ ਦੇ ਦੱਬੇ ਹੋਣ ਦਾ ਖਦਸ਼ਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਕਲੈਕਟਰ ਅਧਿਕਾਰੀ ਕ੍ਰਿਸ਼ਨ ਪੰਚਾਲ ਬਚਾਅ ਕਾਰਜਾਂ ਦੀ ਨਿਗਰਾਨੀ ਕਰਨ ਲਈ ਹਾਦਸੇ ਵਾਲੀ ਥਾਂ 'ਤੇ ਪਹੁੰਚ ਗਏ ਹਨ

## ਆਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਸੜਕ ਹਾਦਸਿਆਂ 'ਤੇ ਸੁਪਰੀਮ ਕੋਰਟ ਚਿੰਤਤ

ਨਵੀਂ ਦਿੱਲੀ 2 ਅਗਸਤ। ਸੜਕਾਂ 'ਤੇ ਆਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਹਾਦਸਿਆਂ 'ਤੇ ਚਿੰਤਾ ਪ੍ਰਗਟਾਉਂਦੇ ਹੋਏ ਸੁਪਰੀਮ ਕੋਰਟ ਨੇ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਅਜਿਹੇ ਹਾਦਸਿਆਂ ਵਿਚ ਮੁਆਵਜ਼ੇ ਦੇ ਭੁਗਤਾਨ ਲਈ ਇਕ ਪ੍ਰਣਾਲੀ ਵਿਕਸਿਤ ਕਰਨ ਦਾ ਹੁਕਮ ਦਿੱਤਾ। ਜਸਟਿਸ ਸੰਜੇ ਕਰੋਲ ਅਤੇ ਜਸਟਿਸ ਐੱਨ. ਕੋਟੀਸ਼ਵਰ ਸਿੰਘ ਦੀ ਬੈਂਚ ਨੇ ਕਈ ਹੁਕਮ ਜਾਰੀ ਕੀਤੇ ਅਤੇ ਕਿਹਾ ਕਿ ਇਨ੍ਹਾਂ ਪਸ਼ੂਆਂ ਦੇ ਮਾਲਕਾਂ ਨੂੰ ਜ਼ਿੰਮੇਵਾਰ ਠਹਿਰਾਇਆ ਜਾਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਪਸ਼ੂ ਹਰ ਰੋਜ਼ ਦਿਨ ਖ਼ਤਮ ਹੋਣ 'ਤੇ ਆਪਣੇ ਨਿਰਧਾਰਿਤ ਟਿਕਾਣਿਆਂ 'ਤੇ ਵਾਪਸ ਆ ਜਾਣ। ਬੈਂਚ ਨੇ ਕਿਹਾ ਕਿ ਉਹ ਸਾਰੇ ਸੂਬੇ ਜਿਨ੍ਹਾਂ ਨੇ ਪਸ਼ੂਆਂ ਨਾਲ ਸਬੰਧਤ ਕਾਨੂੰਨ ਬਣਾਏ ਹਨ, ਉਨ੍ਹਾਂ ਨੂੰ ਤੁਰੰਤ ਲਾਗੂ ਕਰਨ ਲਈ ਕਦਮ ਚੁੱਕਣੇ ਚਾਹੀਦੇ ਹਨ। ਦੋਵਾਂ ਸ਼੍ਰੇਣੀਆਂ—ਪੈਦਲ ਤੁਰਨ ਵਾਲੇ ਜਾਂ ਵਾਹਨ ਚਾਲਕ—ਦੇ ਮਾਮਲਿਆਂ ਵਿਚ ਪਸ਼ੂਆਂ ਦੇ ਸਿੱਟੇ ਵਜੋਂ ਹੋਣ ਵਾਲੇ ਹਾਦਸਿਆਂ ਵਿਚ ਮੁਆਵਜ਼ੇ ਦੇ ਭੁਗਤਾਨ ਲਈ ਇਕ ਪ੍ਰਣਾਲੀ ਵਿਕਸਿਤ ਕਰਨ ਲਈ ਜ਼ਰੂਰੀ ਸੋਧਾਂ ਕੀਤੀਆਂ ਜਾ ਸਕਦੀਆਂ ਹਨ ਜਾਂ ਸਮਰੱਥ ਅਧਿਕਾਰੀ ਵੱਲੋਂ ਉਚਿਤ ਸਮਝੇ ਜਾਣ ਵਾਲੇ ਨਿਯਮਾਂ ਨੂੰ ਸ਼ਾਮਲ ਕੀਤਾ ਜਾ ਸਕਦਾ ਹੈ। ਸਰਬਉੱਚ ਅਦਾਲਤ ਨੇ ਸਾਰੇ ਪਸ਼ੂਆਂ ਦੀ ਟੈਗਿੰਗ ਲਾਜ਼ਮੀ ਕੀਤੇ ਜਾਣ ਦਾ ਹੁਕਮ ਦਿੰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਦੀ ਨਿਗਰਾਨੀ ਕਰਨ, ਉਨ੍ਹਾਂ ਦੀ ਲੰਬੇ ਸਮੇਂ ਦੀ ਸਿਹਤ ਸੰਭਾਲ ਯਕੀਨੀ ਬਣਾਉਣ, ਪਸ਼ੂ ਚਿਕਿਤਸਾ ਜਾਂਚ ਅਤੇ ਟੀਕਾਕਰਨ ਨਾਲ ਜੁੜਨ ਦੀ ਸਮਰੱਥਾ ਵਧਦੀ ਹੈ।

## ਪੰਜਾਬ ਸਰਕਾਰ ਵੱਲੋਂ 300 ਤੋਂ ਵੱਧ ਪ੍ਰਿੰਸੀਪਲਾਂ ਦਾ ਵਿਸ਼ੇਸ਼ ਸਨਮਾਨ

ਕੌਮੀ ਪਤ੍ਰਿਕਾ

ਮੁਹਾਲੀ 2 ਅਗਸਤ। ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਅਤੇ ਬੱਚਿਆਂ ਦੇ ਬਿਹਤਰੀਨ ਮਾਰਗਦਰਸ਼ਨ ਲਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੱਲੋਂ 300 ਤੋਂ ਵੱਧ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਪ੍ਰਿੰਸੀਪਲ ਉਨ੍ਹਾਂ ਸਕੂਲਾਂ ਨਾਲ ਸਬੰਧਤ ਹਨ, ਜਿਨ੍ਹਾਂ ਦੇ ਵਿਦਿਆਰਥੀਆਂ ਨੇ ਜੇਈਈ (ਮੇਨ), ਜੇਈਈ (ਐਡਵਾਂਸਡ) ਅਤੇ ਨੀਟ-ਯੂਜੀ 2026 ਦੀਆਂ ਪ੍ਰੀਖਿਆਵਾਂ ਵਿਚ ਰਿਕਾਰਡਤੋੜ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਮੁਹਾਲੀ ਕਲੱਬ ਵਿਖੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕਰਵਾਇਆ ਗਿਆ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਦੱਸਿਆ ਕਿ ਇਸ ਸਾਲ 361 ਵਿਦਿਆਰਥੀਆਂ ਨੇ ਜੇਈਈ ਮੇਨ ਪਾਸ ਕੀਤੀ ਹੈ, ਜੋ ਪਿਛਲੇ ਸਾਲ ਨਾਲੋਂ 35.2 ਫੀਸਦੀ ਵੱਧ ਹੈ। ਜਦੋਂਕਿ 64 ਵਿਦਿਆਰਥੀਆਂ ਨੇ ਜੇਈਈ ਐਡਵਾਂਸਡ 'ਚ ਝੰਡੇ ਗੱਡੇ ਹਨ। ਜਿਸ 'ਚ 45.5 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ-ਯੂ.ਜੀ. 2026 ਦੀ ਪ੍ਰੀਖਿਆ ਪਾਸ ਕੀਤੀ ਹੈ। ਇਹ ਗਿਣਤੀ ਸਾਲ 2025 ਵਿਚ 847 ਅਤੇ 2024 ਵਿਚ 437 ਸੀ, ਜਿਸ ਤੋਂ ਸਾਫ਼ ਹੁੰਦਾ ਹੈ ਮਹਿਜ਼ ਦੋ ਸਾਲਾਂ ਵਿਚ ਇਹ ਸਫਲਤਾ 100 ਫੀਸਦੀ ਤੋਂ ਵੱਧ



ਵਧੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ 10 ਵਿਦਿਆਰਥੀ ਆਈਆਈਟੀ, 36 ਵਿਦਿਆਰਥੀ ਐਨਆਈਟੀ ਅਤੇ 90 ਤੋਂ ਵੱਧ ਵਿਦਿਆਰਥੀ ਦੇਸ਼ ਦੇ ਸਰਕਾਰੀ ਇੰਜੀਨੀਅਰਿੰਗ ਕਾਲਜਾਂ ਵਿੱਚ ਦਾਖਲਾ ਲੈਣ 'ਚ ਸਫ਼ਲ ਰਹੇ ਹਨ। ਪ੍ਰਿੰਸੀਪਲਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਹਰਜੋਤ ਬੈਂਸ ਨੇ ਕਿਹਾ, ਸਕੂਲ ਦੀ ਕਾਇਆ-ਕਲਪ ਵਿਚ ਪ੍ਰਿੰਸੀਪਲ ਦੀ ਸਭ ਤੋਂ ਵੱਡੀ ਭੂਮਿਕਾ ਹੁੰਦੀ ਹੈ। ਇੱਕ ਸਮਰਪਿਤ ਪ੍ਰਿੰਸੀਪਲ ਟੁੱਟੀ-ਭੱਜੀ ਇਮਾਰਤ ਨੂੰ ਵੀ 'ਵਿੱਦਿਆ ਦੇ ਮੰਦਰ' ਵਿਚ ਬਦਲ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜੂਨ 2026 ਦੌਰਾਨ ਮੁਹਾਲੀ ਸਮੇਤ ਅੰਮ੍ਰਿਤਸਰ, ਬਠਿੰਡਾ ਅਤੇ ਜਲੰਧਰ ਵਿਚ 3000 ਵਿਦਿਆਰਥੀਆਂ ਲਈ ਰਿਹਾਇਸ਼ੀ ਕੋਚਿੰਗ ਕੈਂਪ ਲਗਾਏ ਗਏ ਸਨ, ਜਿਨ੍ਹਾਂ ਨੇ ਬੱਚਿਆਂ ਦੀ ਤਿਆਰੀ ਵਿਚ ਵੱਡਾ ਯੋਗਦਾਨ ਪਾਇਆ। ਇਸ ਮੌਕੇ ਪੀਡੀਸੀ ਮੈਂਬਰ ਅਨੁਰਾਗ ਕੁੰਡੂ, ਡੀਪੀਆਈ ਐਸਐਸ ਬੱਲ ਸਮੇਤ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ ਹਾਜ਼ਰ ਸਨ। 'ਆਪ' ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸਿਰਫ਼ ਇਮਾਰਤ ਨਾਲ ਸਕੂਲ ਨਹੀਂ ਬਣਦਾ, ਸਗੋਂ ਅਧਿਆਪਕ ਹੀ ਇਸ ਨੂੰ ਸਿੱਖਿਆ ਅਤੇ ਉਮੀਦ ਦਾ ਕੇਂਦਰ ਬਣਾਉਂਦੇ ਹਨ। ਪੰਜਾਬ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਅਤੇ ਮਿਆਰੀ ਕੋਚਿੰਗ ਨਾਲ ਜੋੜ ਕੇ ਵਿਦਿਆਰਥੀਆਂ ਲਈ ਦੇਸ਼ ਦੇ ਚੋਟੀ ਦੇ ਅਦਾਰਿਆਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ। ਹੁਣ ਸਰਕਾਰੀ ਸਕੂਲ ਕਿਸੇ ਲਈ ਮਜਬੂਰੀ ਨਹੀਂ, ਸਗੋਂ ਸੁਨਹਿਰੀ ਭਵਿੱਖ ਦਾ ਰਾਹ ਬਣ ਚੁੱਕੇ ਹਨ। ਤਰਨਤਾਰਨ ਜ਼ਿਲ੍ਹੇ ਦੇ ਸਰਹੱਦੀ ਇਲਾਕੇ ਵਿੱਚੋਂ ਪੁਲਿਸ ਨੇ ਇਕ ਕਿਲੋ ਤੋਂ ਵੱਧ ਹੈਰੋਇਨ ਤੇ ਚਾਰ ਪਿਸਟਲ ਬਰਾਮਦ ਕਰਕੇ ਇਕ ਜਣੇ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਉਕਤ ਵਿਅਕਤੀ ਨਸ਼ੇ ਤੇ ਹਥਿਆਰ ਵੇਚਣ ਦਾ ਧੰਦਾ ਕਰਦਾ ਹੈ। ਜਿਸਦੇ ਖਿਲਾਫ ਐੱਨਡੀਪੀਐੱਸ ਤੇ ਅਸਲਾ ਐਕਟ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਪੁਲਿਸ ਨੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸਟਾਫ ਰਿਪੋਰਟਰ, ਪੰਜਾਬੀ ਜਾਗਰਣ, ਤਰਨਤਾਰਨ - ਤਰਨਤਾਰਨ ਜ਼ਿਲ੍ਹੇ ਦੇ ਸਰਹੱਦੀ ਇਲਾਕੇ ਵਿੱਚੋਂ ਪੁਲਿਸ ਨੇ ਇਕ ਕਿਲੋ ਤੋਂ ਵੱਧ ਹੈਰੋਇਨ ਤੇ ਚਾਰ ਪਿਸਟਲ ਬਰਾਮਦ ਕਰਕੇ ਇਕ ਜਣੇ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਉਕਤ ਵਿਅਕਤੀ ਨਸ਼ੇ ਤੇ ਹਥਿਆਰ ਵੇਚਣ ਦਾ ਧੰਦਾ ਕਰਦਾ ਹੈ। ਜਿਸਦੇ ਖਿਲਾਫ ਐੱਨਡੀਪੀਐੱਸ ਤੇ ਅਸਲਾ ਐਕਟ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਪੁਲਿਸ ਨੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ। ਐੱਸਐੱਸਪੀ ਸੁਰੇਂਦਰ ਲਾਂਬਾ ਨੇ ਦੱਸਿਆ ਕਿ ਥਾਣਾ ਵਲਟੋਹਾ ਦੇ ਹੱਥ ਸੂਚਨਾ ਲੱਗੀ ਸੀ ਕਿ ਰਛਪਾਲ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਨੰਦਪੁਰ ਜੋ ਥਾਣਾ ਸਰਹਾਲੀ ਦੇ ਇਲਾਕੇ 'ਚ ਪੈਂਦਾ ਹੈ, ਨਸ਼ਾ ਵੇਚਣ ਦੇ ਨਾਲ ਨਾਲ ਹਥਿਆਰਾਂ ਦੀ ਸਪਲਾਈ ਵੀ ਕਰਦਾ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿਕਅਤੀ ਦੇ ਸਰਹੱਦੀ ਇਲਾਕੇ ਵਿਚ ਹੋਣ ਦੀ ਸੂਚਨਾ ਵੀ ਪੁਲਿਸ ਦੇ ਹੱਥ ਲੱਗੀ ਸੀ। ਜਿਸਦੇ ਚੱਲਦਿਆਂ ਏਐੱਸਆਈ ਬਲਜਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਨੇ ਅਲਗੋਂ ਕੋਠੀ ਦੀ ਦਾਣਾ ਮੰਡੀ 'ਚੋਂ ਰਛਪਾਲ ਸਿੰਘ ਨੂੰ ਕਾਬੂ ਕਰ ਲਿਆ। ਜਿਸ ਕੋਲੋਂ ਇਕ ਕਿਲੋ 17 ਗ੍ਰਾਮ ਹੈਰੋਇਨ ਤੇ 30 ਬੋਰ ਦੇ ਚਾਰ ਪਿਸਟਲ ਬਰਾਮਦ ਹੋਏ। ਐੱਸਐੱਸਪੀ ਨੇ ਦੱਸਿਆ ਕਿ ਫੜੇ ਗਏ ਮੁਲਜ਼ਮ ਨੂੰ ਪੁਲਿਸ ਰਿਮਾਂਡ 'ਤੇ ਲਿਆ ਜਾ ਰਿਹਾ ਹੈ ਤੇ ਪੁੱਛਗਿੱਛ ਦੌਰਾਨ ਉਸ ਕੋਲੋਂ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਹਰਿਆਣਾ ਸਰਕਾਰ ਦਾ ਵੱਡਾ ਫ਼ੈਸਲਾ: ਸੂਬੇ ਵਿੱਚ ਅੰਤਰਰਾਸ਼ਟ੍ਰੀ ਮਾਨਕਾਂ ਅਨੁਸਾਰ ਵਿਕਸਿਤ ਕੀਤੇ ਜਾਣਗੇ 150 ਸਰਕਾਰੀ ਸਕੂਲਾਂ ਦੀਆਂ ਨਵੀਆਂ ਇਮਾਰਤਾਂ?: ਮੁੱਖ ਮੰਤਰੀ ਸੈਣੀ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ, 2 ਅਗਸਤ: ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਸੂਬਾ ਸਰਕਾਰ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਸੁਧਾਰਨ ਅਤੇ ਬਿਹਤਰ ਇਨਫਰਾਸਟਰਕਚਰ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਲੜੀ ਤਹਿਤ ਰਾਜ ਵਿੱਚ 150 ਸਰਕਾਰੀ ਸਕੂਲਾਂ ਦੀਆਂ ਨਵੀਆਂ ਇਮਾਰਤਾਂ ਵਿਕਸਿਤ ਕੀਤੀਆਂ ਜਾਣਗੀਆਂ, ਜੋ ਪੂਰੀ ਤਰ੍ਹਾਂ ਨਾਲ ਅੰਤਰਰਾਸ਼ਟਰੀ ਮਾਨਕਾਂ ਅਨੁਕੂਲ ਹੋਣਗੀਆਂ। ਇਨ੍ਹਾਂ ਸਕੂਲਾਂ ਦੇ ਡਿਜ਼ਾਈਨ ਅਤੇ ਨਿਰਮਾਣ ਲਈ ਦੇਸ਼ ਦੇ ਮੋਹਰੀ ਰਾਜਾਂ ਅਤੇ ਪ੍ਰਤਿਸ਼ਠਿਤ ਸੰਸਥਾਵਾਂ ਦੇ ਸਰਵਸ਼੍ਰੇਠ ਮਾਡਲਾਂ ਅਤੇ ਮਾਹਰਾਂ ਦੇ ਮਾਰਗਦਰਸ਼ਨ ਦਾ ਸਹਿਯੋਗ ਲਿਆ ਜਾਵੇਗਾ। ਮੁੱਖ ਮੰਤਰੀ ਸ਼ੁੱਕਰਵਾਰ ਦੇਰ ਸ਼ਾਮ ਚੰਡੀਗੜ੍ਹ ਸਥਿਤ ਆਪਣੇ ਸਰਕਾਰੀ ਨਿਵਾਸ 'ਸੰਤ ਕਬੀਰ ਕੁਟੀਰ' ਵਿੱਚ ਸਕੂਲ ਸਿੱਖਿਆ ਵਿਭਾਗ ਦੀ ਉੱਚ ਪੱਧਰੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਸੂਬੇ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੀਟਿੰਗ ਦੌਰਾਨ ਰਾਜ ਵਿੱਚ ਗੁਣਵੱਤਾ ਭਰਪੂਰ ਅਤੇ ਆਧੁਨਿਕ ਸਿੱਖਿਆ ਨੂੰ ਪ੍ਰੋਤਸਾਹਨ ਦੇਣ ਦੇ ਉਦੇਸ਼ ਨਾਲ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਗਤੀਵਿਧੀਆਂ ਦੀ ਵਿਸਥਾਰ ਸਮੀਖਿਆ ਕੀਤੀ ਗਈ। ਖ਼ਾਸ ਤੌਰ 'ਤੇ ਸੂਬੇ ਦੇ 719 ਉੱਤਮ ਸਕੂਲਾਂ—ਜਿਨ੍ਹਾਂ ਵਿੱਚ ਸੰਸਕ੍ਰਿਤੀ ਮਾਡਲ ਸਕੂਲ, ਮੁੱਖ ਮੰਤਰੀ ਅਰਲੀ ਇੰਗਲਿਸ਼ ਐਂਡ ਐ????ਲੈਂਸ ਸਕੂਲ ਅਤੇ ਪੀਐੱਮ ਸ੍ਰੀ ਸਕੂਲ ਸ਼ਾਮਿਲ ਹਨ—ਦੇ ਸਮੁੱਚੇ ਵਿਕਾਸ ਅਤੇ ਮਜ਼ਬੂਤੀਕਰਨ 'ਤੇ ਵਿਸਥਾਰ ਨਾਲ ਚਰਚਾ ਹੋਈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਸਾਰੇ ਸਕੂਲਾਂ ਵਿੱਚ ਲੋੜੀਂਦਾ ਬੁਨਿਆਦੀ ਢਾਂਚਾ ਅਤੇ ਸਹੂਲਤਾਂ ਪ੍ਰਾਥਮਿਕਤਾ ਦੇ ਆਧਾਰ 'ਤੇ ਉਪਲਬਧ ਕਰਵਾਈਆਂ ਜਾਣ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਨਵੀਆਂ ਇਮਾਰਤਾਂ ਦਾ ਨਿਰਮਾਣ, ਵਾਧੂ ਕਲਾਸਾਂ, ਵੱਖਰੇ ਪਖਾਨੇ, ਮਜ਼ਬੂਤ ਚਾਰਦੀਵਾਰੀ, ਖੇਡਾਂ ਦੇ ਮੈਦਾਨ, ਵਿਗਿਆਨ ਅਤੇ ਕੰਪਿਊਟਰ ਪ੍ਰਯੋਗਸ਼ਾਲਾਵਾਂ, ਡਿਜੀਟਲ ਲੈਬ, ਸਮਾਰਟ ਕਲਾਸਾਂ, ਲਾਇਬ੍ਰੇਰੀਆਂ, ਨਵਾਂ ਫਰਨੀਚਰ, ਟੈਬਲੈੱਟ ਅਤੇ ਹੋਰ ਆਧੁਨਿਕ ਸਿੱਖਿਆ ਸਰੋਤ ਸਮੇਂ ਸਿਰ ਉਪਲਬਧ ਕਰਵਾਏ ਜਾਣੇ ਚਾਹੀਦੇ ਹਨ। ਮੁੱਖ ਮੰਤਰੀ ਨੇ ਵਿੱਤ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਵਿਕਾਸ ਕਾਰਜਾਂ ਲਈ ਬਜਟ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਾਰੇ ਨਿਰਮਾਣ ਕਾਰਜ ਜਲਦੀ ਪੂਰੇ ਕੀਤੇ ਜਾਣ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਦਾ ਕਾਇਆਂ-ਕਲਪ ਕਰਦੇ ਹੋਏ ਉਨ੍ਹਾਂ ਵਿੱਚ ਉੱਚ ਗੁਣਵੱਤਾ ਦਾ ਫਰਨੀਚਰ, ਡਿਜੀਟਲ ਅਤੇ ਸਮਾਰਟ ਕਲਾਸਰੂਮ, ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਧਾਰਿਤ ਸਿੱਖਿਆ ਸਹੂਲਤਾਂ, ਕਿੱਤਾਮੁਖੀ ਸਿੱਖਿਆ, ਅਤਿ-ਆਧੁਨਿਕ ਵਿਗਿਆਨ-ਕੰਪਿਊਟਰ ਪ੍ਰਯੋਗਸ਼ਾਲਾਵਾਂ ਅਤੇ ਡਿਜੀਟਲ ਲਾਇਬ੍ਰੇਰੀਆਂ ਸਥਾਪਿਤ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਿਹਤਰੀਨ ਸਿੱਖਿਆ ਮਾਹੌਲ ਉਪਲਬਧ ਕਰਵਾਉਣਾ ਹੈ, ਤਾਂ ਜੋ ਇਹ ਸਕੂਲ ਗੁਣਵੱਤਾ ਭਰਪੂਰ ਸਿੱਖਿਆ ਦੇ ਉੱਤਮ ਕੇਂਦਰ ਬਣਨ। ਇਹ 150 ਨਵੇਂ ਅਤੇ 719 ਉੱਤਮ ਸਕੂਲ ਰਾਜ ਦੇ ਹੋਰ ਸਾਰੇ ਸਕੂਲਾਂ ਲਈ ਪ੍ਰੇਰਣਾ ਸਰੋਤ ਅਤੇ ਰੋਲ ਮਾਡਲ ਵਜੋਂ ਸਥਾਪਿਤ ਹੋਣਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਸ ਅਭਿਲਾਸ਼ੀ ਯੋਜਨਾ ਨੂੰ ਸਮਾਂਬੱਧ ਢੰਗ ਨਾਲ ਲਾਗੂ ਕਰਕੇ ਹਰਿਆਣਾ ਨੂੰ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਰਾਜ ਬਣਾਉਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਵੀ ਅਧਿਕਾਰੀਆਂ ਨੂੰ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਪੜ੍ਹਾਈ ਦਾ ਮਾਹੌਲ ਬਿਹਤਰ ਬਣਾਉਣ ਲਈ ਵਧੀਆ ਪ੍ਰਦਰਸ਼ਨ ਕਰਨ ਵਾਲੇ ਅਧਿਆਪਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਪ੍ਰੋਤਸਾਹਿਤ ਅਤੇ ਸਨਮਾਨਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰੇ



ਸਰਕਾਰੀ ਸਕੂਲਾਂ ਵਿੱਚ ਸਫ਼ਾਈ, ਪੀਣ ਵਾਲੇ ਪਾਣੀ ਦੇ ਪ੍ਰਬੰਧ ਅਤੇ ਸਾਫ-ਸਫ਼ਾਈ ਦੇ ਪੱਧਰ ਨੂੰ ਹੋਰ ਵੱਧ ਬਿਹਤਰ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਸਕੂਲ ਸਿੱਖਿਆ ਵਿਭਾਗ ਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਨੇ ਮੁੱਖ ਮੰਤਰੀ ਨੂੰ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਅਤੇ ਆਉਣ ਵਾਲੀਆਂ ਕਾਰਜ ਯੋਜਨਾਵਾਂ ਦੀ ਪ੍ਰਗਤੀ ਰਿਪੋਰਟ ਸੌਂਪੀ। ਇਸ ਮੌਕੇ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਹਰਿਆਣਾ ਸਕੂਲ ਸਿੱਖਿਆ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਵਿਜੇ ਸਿੰਘ ਦਹੀਆ, ਮੁੱਖ ਮੰਤਰੀ ਦੇ ਡਿਪਟੀ ਪ੍ਰਿੰਸੀਪਲ ਸੈਕਟਰੀ ਸ੍ਰੀ ਯਸ਼ਪਾਲ ਯਾਦਵ, ਸੈਕੰਡਰੀ ਸਿੱਖਿਆ ਦੇ ਡਾਇਕਟਰ ਜਨਰਲ ਸ੍ਰੀ ਜਤਿੰਦਰ ਦਹੀਆ, ਡਾਇਰੈਕਟਰ ਸ਼੍ਰੀਮਤੀ ਮਨਿਤਾ ਮਲਿਕ, ਸਿੱਖਿਆ ਪ੍ਰੋਜੈਕਟ ਕੌਂਸਲ ਦੇ ਡਾਇਰੈਕਟਰ ਸ੍ਰੀ ਸਵਪਨਿਲ ਰਵਿੰਦਰ ਪਾਟਿਲ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਨਿਰੰਤਰ ਸੰਘਰਸ਼ ਦੀ ਦਾਸਤਾਨ ਕਾਮਰੇਡ ਗੁਰਚਰਨ ਸਿੰਘ ਲਾਧੂਪੁਰ ਦੀ ਬਰਸੀ

ਕੌਮੀ ਪਤ੍ਰਿਕਾ

**ਸੌਰਭ ਸ਼ਰਮਾ**

ਸਮੇਂ ਦੇ ਬਹਿੰਦੇ ਵਹਿਣ ਤੇ ਵਕਤ ਦੇ ਲੱਗਦੇ ਗੇੜ ਵਿੱਚ ਧਰਤੀ ਜੰਮਦੀ ਹੈ ਕੁਝ ਸੂਰਮੇ ਜੋ ਆਪਣੀ ਧਰਤੀ ਮਾਂ ਨੂੰ ਸਦਾ ਹੀ ਦੁਲਣ ਵਰਗਾ ਸੱਜਿਆ ਵੇਖਣ ਦੀ ਚਾ ਰੱਖਦੇ ਹਨ । ਉਹ ਜਰ ਨਹੀਂ ਸਕਦੇ, ਉਹ ਸੁੱਤੇ ਹੋਏ ਜ਼ੁਰਮ ਨੂੰ ਪੈਂਦੀਆਂ ਵੰਗਾਰਾਂ ਨੂੰ ਲੁੱਟਦੀਆਂ ਬਹਾਰਾਂ ਨੂੰ ਇਸ ਮਾਂ ਦੀ ਆਹ ਕਲੇਜੇ ਭਾਂਬੜ ਮਚਾ ਦਿੰਦੀ ਹੈ।ਉਹਨਾਂ ਨੂੰ ਅੱਗ ਦੇ ਅੰਗਾਰਿਆਂ ਤੇ ਨੰਗੀਆਂ ਤਲਵਾਰਾਂ ਤੇ ਨਚਾ ਦਿੰਦੀ ਹੈ।

ਆਜ਼ਾਦੀ ਦੀ ਲਾਟ ਪਰ ਜਲਤੇ ਹੈ ਪਰਵਾਨੇ,

ਖ਼ੂਨ ਦੀ ਬਲੀ ਸੀਸ ਭੇਟ ਕਰਤੇ ਹੈ ਪਰਵਾਨੇ।

ਐਸਾ ਹੀ ਇੱਕ ਸੂਰਮਾ ਜੰਮਿਆ ਪਿੰਡ ਲਾਧੂਪੁਰ ਜਿਲਾ ਗੁਰਦਾਸਪੁਰ ਪੰਜਾਬ ਵਿੱਚ ਜੋ ਗੁਰਚਰਨ ਸਿੰਘ ਦੇ ਨਾਂ ਨਾਲ ਜਾਣਿਆ ਗਿਆ। ਉਹਨਾਂ ਦਾ ਜਨਮ 17 ਨਵੰਬਰ 1911 ਪਿਤਾ ਗੰਗਾ ਸਿੰਘ ਤੇ ਮਾਤਾ ਭੋਲੀ ਕੌਰ ਜੀ ਦੀ ਕੁੱਖ ਤੋਂ ਹੋਇਆ।

ਤਿੰਨ ਭਰਾ ਤੇ ਚਾਰ ਭੈਣਾਂ ਵਿੱਚੋਂ ਦੇਸ਼ ਭਗਤੀ ਦੀ ਚੇਟਕ ਦਾ ਮਜ਼ਾ ਇਸ ਪਰਿਵਾਰ ਦੇ ਛੋਟੇ ਸਪੂਤ ਨੇ ਹੀ ਚਖਿਆ। ਇਹਨਾਂ ਦੇ ਪਿਤਾ ਸਰਦਾਰ ਗੰਗਾ ਸਿੰਘ ਜੀ ਉਹਨਾਂ ਦੇ ਜਨਮ ਦੇ ਤਿੰਨ ਸਾਲ ਬਾਅਦ ਹੀ ਚੱਲ ਵਸੇ ਤੇ ਵੱਡਾ ਭਰਾ ਜਲਦੀ ਹੀ ਪਲੇਗ ਦੀ ਬਿਮਾਰੀ ਦੀ ਭੇਟ ਚੜ ਗਿਆ। ਘਰ ਵਿੱਚ ਪੂਰੀ ਗਰੀਬੀ ਸੀ ਇਸ ਦੇ ਬਾਵਜੂਦ ਇਹਨਾਂ ਨੇ ਆਪਣੀ ਮੁਢਲੀ ਪੜ੍ਹਾਈ ਪੜ੍ਹੀ ਤੇ ਜਦੋਂ ਉਹ ਹਾਈ ਸਕੂਲ ਪੁੱਜੇ ਤਾਂ ਦੇਸ਼ ਵਿੱਚ ਵਾਪਰਦੇ ਹਾਲਾਤਾਂ ਦਾ ਪਤਾ ਲੱਗਾ। ਉਸ ਸਮੇਂ ਗਦਰੀ ਬਾਬੇ ਜੇਲ੍ਹਾਂ ਵਿੱਚੋਂ ਰਿਹਾ ਹੋ ਕੇ ਆ ਰਹੇ ਸਨ। ਗੁਰਦੁਆਰਾ ਸੁਧਾਰ ਲਹਿਰ ਦਾ ਵੀ ਖ਼ੂਬ ਉਵਾਰ ਸੀ ਤੇ ਇੱਕ ਇੰਨਕਲਾਬੀ ਕੰਮਾਂ ਵਾਸਤੇ ਨੌਜਵਾਨ ਸਭਾਵਾਂ ਜਥੇਬੰਦ ਹੋ ਰਹੀਆਂ ਸਨ। ਗੁਰੂ ਦੇ ਬਾਗ ਦਾ ਮੋਰਚਾ ਲੱਗਾ ਹੋਇਆ ਸੀ ਫਿਰ ਲਾਧੂਪੁਰ ਵਿਖੇ ਜੇਲ ਵਿੱਚੋਂ ਆਏ ਗਦਰੀ ਬਾਬਾ ਊਧਮ ਸਿੰਘ ਦੇ ਲਾਗੇ ਬੈਠ ਬੈਠ ਕੇ ਇਹ ਕਹਾਣੀਆਂ ਸੁਣ ਸੁਣ ਕੇ ਮੋਰਚੇ ਵਿੱਚ ਜਾਣ ਦਾ ਚਾਹ ਸੀ। ਜਿਸ ਵਿੱਚ ਉਹਨਾਂ ਨੇ ਜਾਣ ਦਾ ਇਰਾਦਾ ਪੱਕਾ ਕੀਤਾ। ਮਾਤਾ ਭੋਲੀ ਕੌਰ ਨੇ ਛੋਟੀ ਉਮਰ ਹੋਣ ਕਰਕੇ ਉਹਨਾਂ ਨੂੰ ਕਾਫੀ ਸਮਝਾਇਆ ਪਰ ਉਹ ਵਾਜ਼ਿਦ ਰਹੇ। ਅਖੀਰ ਮਾਤਾ ਨੇ ਉਹਨਾਂ ਦਾ ਇਰਾਦਾ ਹੋਰ ਪੱਕਾ ਕੀਤਾ ਤੇ ਕਿਹਾ ਉਥੇ ਗੋਲੀਆਂ ਚਲਦੀਆਂ ਹਨ ਡਾਂਗਾਂ ਨਾਲ ਕਟਾਈ ਕੀਤੀ ਜਾਂਦੀ ਹੈ, ਲੋਕ ਮਰਦੇ ਵੀ ਹਨ, ਕਿਤੇ ਡਰੀ ਨਾ ਤੇ ਨਾ ਪਿੱਛੇ ਮੁੜੀ ਨਾ ਮੁਆਫੀ ਮੰਗੀ ਜੇ ਵਾਪਸ ਆਇਆ ਤਾਂ ਘਰ ਨਾ ਆਈ ਰਸਤੇ ਵਿੱਚ ਹੀ ਕਿਤੇ ਪੈ ਕੇ ਮਰ ਜਾਈ, ਮੇਰੇ ਦੁੱਧ ਨੂੰ ਲਾਜ ਨਾ ਲਾਈ ਤੇ ਸਿੱਖ ਕੌਮ ਨੂੰ ਵੱਟਾ। ਉਹਨਾਂ ਨੇ ਮੋਰਚੇ ਵਿੱਚ ਜਾਣ ਲਈ ਘਰੋਂ ਚੋਰੀ ਪੈਰ ਪੁੱਟਿਆ ਤੇ ਮੰਜ਼ਿਲ ਅੰਮ੍ਰਿਤਸਰ ਪੁੱਜ ਕੇ ਹਰਿਮੰਦਰ ਸਾਹਿਬ ਪੁੱਜ ਗਏ ਕਾਮਰੇਡ ਗੁਰਚਰਨ ਸਿੰਘ ਨੇ ਸਮਾਜਿਕ ਰਾਜਨੀਤਕ ਜਿੰਦਗੀ ਵਿੱਚ ਆਪਣਾ ਪਹਿਲਾ ਕਦਮ ਅੰਗਰੇਜ਼ ਸਾਮਰਾਜ ਵਿਰੁੱਧ 12 ਸਾਲ ਦੀ ਉਮਰ



ਵਿੱਚ ਜੈਤੋ ਦੇ ਇਤਿਹਾਸਿਕ ਮੋਰਚੇ ਤੋਂ ਰੱਖਿਆ ਤੇ ਫਿਰ ਡਸਕਾ ਮੋਰਚਾ, ਬੱਬਰ ਅਕਾਲੀ ਲਹਿਰ, ਕਿਰਤੀ ਪਾਰਟੀ, ਲਾਲ ਪਾਰਟੀ, ਸਵਤੰਤਰਤਾ ਸੰਗਰਾਮ, ਹਰਸ਼ਾ ਸ਼ੀਨਾ ਮੋਗਾ ਮੋਰਚਾ, ਕਿਸਾਨ ਮੋਰਚਾ ਲਾਹੌਰ, ਕਿਸਾਨੀ ਘੋਲ ਮੁਜ਼ਾਰਾ ਲਹਿਰਾਂ, ਕਮਿਊਨਿਸਟ ਲਹਿਰ ਵਿੱਚ ਸ਼ਮੂਲੀਅਤ ਕੀਤੀ। ਆਜ਼ਾਦ ਭਾਰਤ ਵਿੱਚ ਵੀ ਜੇਲਾਂ, ਕਾਮਰੇਡ ਹੁੰਦੇ ਹੋਏ ਵੀ ਕਾਂਗਰਸ ਪਾਰਟੀ ਦੇ ਵਿੱਚ ਜਾ ਕੇ ਜ਼ਮੀਨ ਵਾਹਿਕ ਦੇ ਲੱਗੇ ਮੋਰਚੇ ਵਿੱਚ ਭਾਗ ਲਿਆ ਤੇ ਇੱਕ ਸਾਲ ਸਜਾ ਕੱਟੀ। ਆਜ਼ਾਦੀ ਝੂਠੀ ਹੈ ਦੀ ਲੜਾਈ ਵਿੱਚ ਜੇਲ ਕੱਟਣੀ ਤੇ ਉਥੇ ਭੁੱਖ ਹੜਤਾਲਾਂ, ਸਾਰੀ ਉਮਰ ਲੋਕਾਂ ਲਈ ਤੇ ਸਮਾਜ ਲਈ ਲੜਨਾ, ਸੰਘਰਸ਼ ਰਾਜਨੀਤੀ ਤੋਂ ਸਜੇ ਸਮਾਜਿਕ ਗਤੀਵਿਧੀਆਂ ਵਿੱਚ ਭਾਗੀਦਾਰੀ ਸੁਤੰਤਰਤਾ ਸੰਗਰਾਮੀਆਂ ਦੀ ਜਥੇਬੰਦੀ ਦਾ ਬਣਾਉਣਾ, ਬਾਬਾ ਆਇਆ ਸਿੰਘ ਰਿਆੜਕੀ ਕਾਲਜ ਲੜਕੀਆਂ ਦੀ ਸਥਾਪਨਾ ਵਿੱਚ ਮੁੱਖ ਹਿੱਸਾ, ਤੇਜਾ ਸਿੰਘ ਸੁਤੰਤਰ, ਰਾਮ ਸਿੰਘ ਦੱਤ, ਕਾਮਰੇਡ ਚੰਨਣ ਸਿੰਘ ਤੁਗਲ ਵਾਲਾ, ਮਾਸਟਰ ਉੱਤਮ ਸਿੰਘ ਰਾਮਪੁਰਾ ਤੇ ਹੋਰ ਬਹੁਤ ਸਾਰੇ ਸਾਥੀਆਂ ਨਾਲ ਮਿਲ ਕੇ ਕਿਸਾਨੀ ਘੋਲਾਂ ਵਿੱਚ ਹਿੱਸਾ। ਸਹਿਕਾਰੀ ਲਹਿਰ ਵਿੱਚ ਆਗੂ ਦੀ ਭੂਮਿਕਾ ਤੇ ਕਈ ਵਾਰ ਗੁਰਦਾਸਪੁਰ ਕੋਆਪਰੇਟਿਵ ਬੈਂਕ ਦੇ ਡਾਇਰੈਕਟਰ ਤੇ ਉਪ ਚੇਅਰਮੈਨ ਰਹਿਣਾ।

ਪੰਜਾਬ ਦੁਖਾਂਤ ਦੌਰਾਨ ਆਪਣੇ ਸਭ ਤੋਂ ਛੋਟੇ ਪੁੱਤ ਸਰਵਣ ਸਿੰਘ ਨੂੰ ਪੁਲਿਸ ਵੱਲੋਂ ਝੂਠੇ ਪੁਲਸ ਮੁਕਦਮੇ ਵਿੱਚ ਫਸਾਉਣਾ, ਇਹਨਾਂ ਵੱਲੋਂ ਆਈਜੀ ਬਾਰਡਰ ਰੇਂਜ ਦੇ ਪੇਸ਼ ਕਰਨਾ ਤੇ ਗੁਰਦਾਸਪੁਰ ਦੀ ਪੁਲਿਸ ਦੇ ਵੱਲੋਂ ਉਹਨਾਂ ਨੂੰ ਮਾਰ ਕੇ ਤੇ ਝੂਠਾ ਸਰਵਣ ਸਿੰਘ ਦੌੜ ਗਿਆ ਹੈ ਦਾ ਮੁਕਦਮਾ ਬਣਾਉਣਾ ਇੱਕ ਬਹੁਤ ਵੱਡਾ ਦੁਖਾਂਤ ਸੀ, ਜਿਹੜਾ ਉਹਨਾਂ ਨੇ ਅੱਖੀ ਦੇਖਿਆ। ਅਖੀਰ ਉਮਰ ਵਿੱਚ ਆਪਣੇ ਬੱਚਿਆਂ ਨੂੰ ਲੋਕਾਂ ਦੀ ਸੇਵਾ ਵਿੱਚ ਅਰਪਤ ਹੋਣ ਲਈ, ਬਾਪੂ ਗੁਰਚਰਨ ਸਿੰਘ ਫਰੀਡਮ ਫਾਈਟਰ ਚੈਰੀਟੇਬਲ ਟਰਸਟ ਬਣਾਉਣਾ ਤੇ ਆਪਣੀ ਜ਼ਮੀਨ ਦੇ ਕੇ ਫ?ਰੀਡਮ ਫਾਈਟਰ ਸਮਾਰਕ ਦੀ ਉਸਾਰੀ ਦਾ ਕੰਮ ਸ਼ੁਰੂ ਕਰਨਾ ਉਹਨਾਂ ਦੀ ਦੂਰ ਅੰਦੇਸੀ ਸੀ ਕਿਉਂਕਿ ਉਹ ਸਮਝਦੇ ਸਨ ਕਿ ਸਰਕਾਰਾਂ ਨੇ ਫਰੀਡਮ ਫਾਈਟਰ ਮੁਕਾ ਦਿੱਤੇ ਹਨ , ਇਹ ਬਿਲਡਿੰਗ ਫ?ਰੀਡਮ ਫਾਈਟਰਾਂ ਦੀ ਇਕ ਯਾਦਗਾਰ ਬਣੀ ਰਹੇਗੀ। 105 ਸਾਲ ਦੀ ਉਮਰ ਵਿੱਚ ਉਹਨਾਂ ਨੂੰ ਭਾਰਤ ਦੇ ਰਾਸ਼ਟਰਪਤੀ ਨੇ ਰਾਸ਼ਟਰਪਤੀ ਅਵਾਰਡ ਨਾਲ ਸਨਮਾਨਿਤ ਕੀਤਾ।

ਉਹਨਾਂ ਨੇ ਦਿੱਲੀ ਤੇ ਪੰਜਾਬ ਵਿੱਚ ਲੋਕਾਂ ਦੀ ਭਲਾਈ ਲਈ ਖ਼ੂਨ ਦਾਨ ਤੇ ਮੈਡੀਕਲ ਕੈਂਪ ਲਵਾਏ।

3 ਅਗਸਤ 2016 ਨੂੰ ਆਪਣੀ ਸੰਘਰਸ਼ ਭਰੀ ਜ਼ਿੰਦਗੀ ਬਤੀਤ ਕਰਦੇ ਹੋਏ, ਇਸ ਜੱਗ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਹਨਾਂ ਦੀ ਬਰਸੀ ਤੇ ਹਰ ਸਾਲ ਸੈਮੀਨਾਰ ਕਰਵਾਇਆ ਜਾਂਦਾ ਹੈ । ਇਸ ਸਾਲ ਪ੍ਰੈਸ ਕਲੱਬ ਇੰਡੀਆ ਦਿੱਲੀ ਵਿਖੇ ਉਹਨਾਂ ਦੀ ਯਾਦ ਵਿੱਚ "ਕੀ ਫਰੀਡਮ ਫਾਈਟਰਾਂ ਦੇ ਸੁਪਨੇ ਪੂਰੇ ਹੋਏ?"ਤੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਦੇਸ਼ ਭਰ ਦੇ ਬੁਲਾਰੇ ਪਹੁੰਚਦੇ ਹਨ। ਇਸ ਤਰਾਂ ਦੇ ਮਹਾਨ ਦੇਸ਼ ਭਗਤਾਂ ਦੀ ਜ਼ਿੰਦਗੀ ਤੋਂ ਆਉਣ ਵਾਲੀਆਂ ਪੀੜੀਆਂ ਨੂੰ ਸੇਧ ਮਿਲੇਗੀ ਤੇ ਦੇਸ਼ ਲਈ ਤਤਪਰ ਰਹਿਣ ਲਈ ਤਿਆਰ ਰਹਿਣਗੇ।

**ਬਖ਼ਤਾਵਰ ਸਿੰਘ**

## ਰਾਵੀ ਦਰਿਆ ਦੇ ਪਾਣੀ ਦਾ ਪੱਧਰ ਵਧਣ ਕਾਰਨ ਮਕੌੜਾ ਪੱਤਣ 'ਤੇ ਕਿਸ਼ਤੀ ਸੇਵਾ ਬੰਦ

ਗੁਰਦਾਸਪੁਰ 2 ਅਗਸਤ। ਪਹਾੜੀ ਇਲਾਕੇ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਜਿੱਥੇ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ, ਉੱਥੇ ਹੀ ਜੇਕਰ ਰਾਵੀ ਦਰਿਆ ਦੀ ਗੱਲ ਕੀਤੀ ਜਾਵੇ ਤਾਂ ਰਾਵੀ ਦਰਿਆ ਵਿੱਚ ਵੀ ਬਾਅਦ ਦੁਪਹਿਰ ਅਚਾਨਕ ਪਾਣੀ ਦਾ ਪੱਧਰ ਵੱਧ ਗਿਆ ਜਿਸ ਕਾਰਨ ਮੌਕੇ 'ਤੇ ਹੀ ਕਿਸ਼ਤੀ ਦੀ ਸੇਵਾ ਵੀ ਬੰਦ ਕਰਨੀ ਪਈ। ਜਾਣਕਾਰੀ ਅਨੁਸਾਰ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧਣ ਕਾਰਨ ਮਕੌੜਾ ਪੱਤਣ 'ਤੇ ਚੱਲਣ ਵਾਲੀ ਕਿਸ਼ਤੀ ਸੇਵਾ ਨੂੰ ਸੁਰੱਖਿਆ ਦੇ ਮੱਦੇਨਜ਼ਰ ਬੰਦ ਕਰ ਦਿੱਤਾ ਗਿਆ ਹੈ। ਕਿਸ਼ਤੀ ਸੇਵਾ ਬੰਦ ਹੋਣ ਕਾਰਨ ਰਾਵੀ ਦਰਿਆ ਦੇ ਪਾਰਲੇ ਪਾਸੇ ਵੱਸਦੇ ਅੱਧੀ ਦਰਜਨ ਦੇ ਕਰੀਬ ਪਿੰਡਾਂ ਦੇ ਲੋਕਾਂ ਲਈ ਆਉਣ-ਜਾਣ ਦੀ ਸਮੱਸਿਆ ਗੰਭੀਰ ਬਣ ਗਈ ਹੈ। ਸਥਾਨਕ ਲੋਕਾਂ ਨੇ ਦੱਸਿਆ ਕਿ ਰਾਵੀ ਦਰਿਆ ਪਾਰ ਕਰਕੇ ਉਹ ਰੋਜ਼ਾਨਾ ਆਪਣੇ ਕੰਮਕਾਜ, ਬੱਚਿਆਂ ਦੀ ਪੜ੍ਹਾਈ, ਇਲਾਜ ਅਤੇ ਹੋਰ ਜ਼ਰੂਰੀ ਕੰਮਾਂ ਲਈ ਮਕੌੜਾ ਪੱਤਣ ਵੱਲ ਆਉਂਦੇ-ਜਾਂਦੇ ਹਨ। ਪਰ ਪਾਣੀ ਦਾ ਪੱਧਰ ਵਧਣ ਅਤੇ ਕਿਸ਼ਤੀ ਸੇਵਾ ਬੰਦ ਹੋਣ ਕਾਰਨ ਉਨ੍ਹਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਮੁਤਾਬਕ ਕਈ ਵਾਰ ਜ਼ਰੂਰੀ ਕੰਮ ਲਈ ਲੰਮਾ ਰਸਤਾ ਤੈਅ ਕਰਕੇ ਦੂਜੇ ਪਾਸੇ ਜਾਣਾ ਪੈਂਦਾ ਹੈ, ਜਿਸ ਨਾਲ ਸਮਾਂ ਅਤੇ ਪੈਸਾ ਦੋਵੇਂ ਵੱਧ ਖਰਚ ਹੁੰਦੇ ਹਨ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖਦਿਆਂ ਲੋਕਾਂ ਦੀ ਆਵਾਜਾਈ ਲਈ ਜਲਦ ਤੋਂ ਜਲਦ ਢੁਕਵੇਂ ਪ੍ਰਬੰਧ ਕੀਤੇ ਜਾਣ। ਲੋਕਾਂ ਨੇ ਕਿਹਾ ਕਿ ਜਦੋਂ ਤੱਕ ਪਾਣੀ ਦਾ ਪੱਧਰ ਸੁਰੱਖਿਅਤ ਨਹੀਂ ਹੁੰਦਾ, ਉਦੋਂ ਤੱਕ ਉਨ੍ਹਾਂ ਦੀ ਸਮੱਸਿਆ ਦਾ ਕੋਈ ਬਦਲਵਾਂ ਹੱਲ ਮੁਹੱਈਆ ਕਰਵਾਇਆ ਜਾਵੇ।

## ਆਬਕਾਰੀ ਵਿਭਾਗ ਦੀ ਵੱਡੀ ਕਾਰਵਾਈ : ਵੱਡੀ ਮਾਤਰਾ 'ਚ ਈਥੇਨੌਲ ਸਮੇਤ ਬੋਲੈਰੋ ਗੱਡੀ ਜ਼ਬਤ

ਅੰਮ੍ਰਿਤਸਰ 2 ਅਗਸਤ। ਜ਼ਿਲ੍ਹਾ ਆਬਕਾਰੀ ਵਿਭਾਗ ਨੇ ਨਾਜਾਇਜ਼ ਸ਼ਰਾਬ ਦੇ ਕਾਰੋਬਾਰ 'ਤੇ ਸ਼ਿਕੰਜਾ ਕੱਸਣ ਲਈ ਇਕ ਵੱਡੀ ਕਾਰਵਾਈ ਕੀਤੀ ਹੈ। ਵਿਭਾਗ ਨੇ ਜਾਂਦੀ ਹੈ। ਇਹ ਕਾਰਵਾਈ ਸਹਾਇਕ ਕਮਿਸ਼ਨਰ ਦਿਲਬਾਗ ਸਿੰਘ ਚੀਮਾ ਅਤੇ ਜ਼ਿਲਾ ਆਬਕਾਰੀ ਅਧਿਕਾਰੀ ਲਲਿਤ ਕੁਮਾਰ ਦੇ ਨਿਰਦੇਸ਼ਾਂ 'ਤੇ ਕੀਤੀ



ਮੁਖ਼ਬਰ ਖਾਸ ਦੀ ਸੂਚਨਾ ਦੇ ਆਧਾਰ 'ਤੇ ਤੁਰੰਤ ਐਕਸ਼ਨ ਲੈਂਦਿਆਂ 690 ਲੀਟਰ ਐਕਸਟ?ਰਾ ਨਿਊਟਰਲ ਅਲਕੋਹਲ (ਈ. ਐੱਨ. ਏ./ਈਥੇਨਾਲ) ਬਰਾਮਦ ਕੀਤਾ ਹੈ। ਅਧਿਕਾਰੀਆਂ ਮੁਤਾਬਕ ਇਹ ਬੇਹੱਦ ਸੰਵੇਦਨਸ਼ੀਲ ਅਤੇ ਖ਼ਤਰਨਾਕ ਮਟੀਰੀਅਲ ਹੈ, ਜਿਸ ਦੀ ਵਰਤੋਂ ਮੁੱਖ ਤੌਰ 'ਤੇ ਨਾਜਾਇਜ਼ ਸ਼ਰਾਬ ਬਣਾਉਣ ਲਈ ਕੀਤੀ ਗਈ। ਫੀਲਡ 'ਚ ਇਸ ਆਪ੍ਰੇਸ਼ਨ ਲਈ ਸਹਾਇਕ ਆਬਕਾਰੀ ਅਧਿਕਾਰੀ ਜਗਦੀਪ ਕੌਰ ਦੀ ਅਗਵਾਈ ਹੇਠ ਇਕ ਵਿਸ਼ੇਸ਼ ਟੀਮ ਦਾ ਗਠਨ ਕਰਕੇ ਮੌਕੇ 'ਤੇ ਭੇਜਿਆ ਗਿਆ ਸੀ। ਮਾਮਲੇ ਦੀ ਜਾਣਕਾਰੀ ਦਿੰਦਿਆਂ ਸਹਾਇਕ ਆਬਕਾਰੀ ਅਧਿਕਾਰੀ ਜਗਦੀਪ ਕੌਰ ਨੇ ਦੱਸਿਆ ਕਿ ਵਿਭਾਗ ਨੂੰ ਪੁਖ਼ਤਾ ਸੂਚਨਾ ਮਿਲੀ ਸੀ ਕਿ ਇਕ ਵਿਅਕਤੀ ਬੋਲੈਰੋ ਗੱਡੀ 'ਚ ਭਾਰੀ ਮਾਤਰਾ 'ਚ ਅਲਕੋਹਲ ਲੈ ਕੇ ਆ ਰਿਹਾ ਹੈ। ਇਸ ਇਨਪੁਟ ਦੇ ਆਧਾਰ 'ਤੇ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ 'ਹਰਦੋਪੁਤਲੀ' ਨਾਮਕ ਇਲਾਕੇ 'ਚ ਨਾਕਾਬੰਦੀ ਕਰ ਦਿੱਤੀ। ਇਸ ਦੌਰਾਨ ਜਦੋਂ ਉਕਤ ਸ਼ੱਕੀ ਬੋਲੈਰੋ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ, ਤਾਂ ਆਬਕਾਰੀ ਟੀਮ ਨੂੰ ਦੇਖ ਕੇ ਮੁਲਜ਼ਮ ਡਰਾਈਵਰ ਵਾਹਨ ਨੂੰ ਮੌਕੇ 'ਤੇ ਹੀ ਛੱਡ ਕੇ ਭੱਜਣ 'ਚ ਕਾਮਯਾਬ ਹੋ ਗਿਆ। ਟੀਮ ਨੇ ਜਦੋਂ ਵਾਹਨ ਦੀ ਤਲਾਸ਼ੀ ਲਈ ਤਾਂ ਉਸ 'ਚੋਂ 23 ਪਲਾਸਟਿਕ ਦੇ ਕੇਨ ਮਿਲੇ, ਜਿਨ੍ਹਾਂ 'ਚੋਂ 690 ਲੀਟਰ ਉਕਤ ਅਲਕੋਹਲ ਬਰਾਮਦ ਹੋਇਆ। ਆਬਕਾਰੀ ਵਿਭਾਗ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਥਾਣਾ ਝੰਡੇਰ ਦੀ ਪੁਲਸ ਨੇ ਮਾਮਲਾ ਦਰਜ ਕਰਕੇ ਫ਼ਰਾਰ ਮੁਲਜ਼ਮ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਕ੍ਰੋਏਸ਼ੀਆ ਭੇਜਣ ਦੇ ਬਹਾਨੇ 1.50 ਲੱਖ ਰੁਪਏ ਦੀ ਮਾਰੀ ਠੱਗੀ, ਏਜੰਟ ਤੇ ਮਾਂ ਖ਼ਿਲਾ.ਫ ਮਾਮਲਾ ਦਰਜ

ਕੌਮੀ ਪਤ੍ਰਿਕਾ

ਨਵਾਂਸ਼ਹਿਰ 2 ਅਗਸਤ। ਕ੍ਰੋਏਸ਼ੀਆ ਭੇਜਣ ਦੇ ਬਹਾਨੇ 1.50 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਹੇਠ ਥਾਣਾ ਸਦਰ ਦੀ ਪੁਲਸ ਨੇ ਏਜੰਟ ਅਤੇ ਉਸ ਦੀ ਮਾਂ ਖ਼?ਲਾਫ਼ ਧੋਖਾਦੇਹੀ ਦਾ ਮਾਮਲਾ ਦਰਜ ਕੀਤਾ ਹੈ। ਐੱਸ. ਐੱਸ. ਪੀ. ਨੂੰ ਦਿੱਤੀ ਸ਼ਿਕਾਇਤ 'ਚ ਦਲਜਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪਿੰਡ ਮੀਰਪੁਰ ਜੱਟਾਂ, ਤਹਿਸੀਲ ਨਵਾਂਸ਼ਹਿਰ ਨੇ ਦੱਸਿਆ ਕਿ ਉਸ ਨੂੰ ਉਸ ਦੇ ਇਕ ਦੋਸਤ ਨੇ ਦੱਸਿਆ ਕਿ ਏਜੰਟ ਅਨੂਪ ਰਾਣੀ ਪਤਨੀ ਸੰਤੋਖ ਸਿੰਘ ਅਤੇ ਕਰਨ ਕੁਮਾਰ ਉਰਫ਼ ਜਸਕਰਨ ਪੁੱਤਰ ਸੰਤੋਖ ਸਿੰਘ ਵਾਸੀ ਜੇਜੋ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਜ਼ਰੀਏ ਉਹ ਵਿਦੇਸ਼ ਕਰੋਸ਼ੀਆ ਗਿਆ ਸੀ। ਉਸ ਨੇ ਦੱਸਿਆ ਕਿ ਅਨੂਪ ਰਾਣੀ ਦਾ ਪੁੱਤਰ ਕਰਨ ਕੁਮਾਰ ਉਰਫ਼ ਜਸਕਰਨ ਲੋਕਾਂ ਨੂੰ ਵਿਦੇਸ਼ ਭੇਜਣ ਦਾ ਕੰਮ ਕਰਦਾ ਹੈ। ਉਸ ਦੇ ਪਿਤਾ ਕਰੋਸ਼ੀਆ 'ਚ ਯੂਕੀਕਡੈਮ ਕੰਪਨੀ 'ਚ ਇਕ ਮੈਨੇਜਰ ਅਤੇ ਸੁਪਰਵਾਈਜ਼ਰ ਵਜੋਂ ਕੰਮ ਕਰਦੇ ਹਨ। ਇਸ ਕੰਪਨੀ ਵਿਚ ਲੋਕਾਂ ਨੂੰ ਭਰਤੀ ਕਰਨਾ ਉਸ ਦੀ ਜ਼ਿੰਮੇਵਾਰੀ ਹੈ ਅਤੇ ਉਹ ਸਾਰੇ ਦੇਸ਼ਾਂ ਦੇ ਲੋਕਾਂ ਨੂੰ ਕੰਪਨੀ ਵਿਚ ਸੱਦਦਾ ਹੈ। ਸ਼ਿਕਾਇਤ ਕਰਤਾ ਨੇ ਦੱਸਿਆ ਕਿ ਉਪਰੋਕਤ ਸੂਚਨਾ ਮਿਲਣ ਤੋਂ ਬਾਅਦ ਉਸ ਨੇ ਸੰਤੋਖ ਅਤੇ ਉਸ ਦੇ ਲੜਕੇ ਕਰਨ ਨਾਲ ਕ੍ਰੋਏਸ਼ੀਆ ਜਾਣ ਲਈ 6.50 ਲੱਖ ਰੁਪਏ ਵਿੱਚ ਸੌਦਾ ਤੈਅ ਕੀਤਾ, ਜਿਸ 'ਚੋਂ 1.50 ਲੱਖ ਰੁਪਏ ਐਡਵਾਂਸ ਦੇਣੇ ਸਨ ਅਤੇ ਬਾਕੀ ਰਕਮ ਵੀਜ਼ਾ ਲੱਗਣ ਤੋਂ ਬਾਅਦ ਅਦਾ ਕੀਤੀ ਜਾਣੀ ਸੀ। ਉਸ ਨੇ ਦੱਸਿਆ ਕਿ ਉਕਤ ਏਜੰਟਾਂ ਨੇ ਉਸ ਨੂੰ ਕਿਹਾ ਸੀ ਕਿ ਜੇਕਰ ਉਸ ਦਾ ਵੀਜ਼ਾ ਨਾ ਦਿੱਤਾ ਗਿਆ ਤਾਂ ਉਸ ਦੀ ਸਾਰੀ ਰਕਮ ਉਸ ਨੂੰ ਵਾਪਸ ਕਰ ਦਿੱਤੀ ਜਾਵੇਗੀ। ਉਸ ਨੇ ਦੱਸਿਆ ਕਿ ਹੁਣ ਅਨੂਪ ਰਾਣੀ ਦੇ ਖ਼ਾਤੇ 'ਚ ਪੈਸੇ ਜਮ?ਹਾ ਹੋਏ ਨੂੰ




ਕਰੀਬ ਡੇਢ ਸਾਲ ਬੀਤ ਜਾਣ ਦੇ ਬਾਵਜੂਦ ਨਾ ਤਾਂ ਉਸ ਨੇ ਵਿਦੇਸ਼ ਭੇਜਿਆ ਹੈ ਅਤੇ ਨਾ ਹੀ ਉਹ ਪੈਸੇ ਵਾਪਸ ਕਰ ਰਹੇ ਹਨ। ਉਨ੍ਹਾਂ ਐੱਸ. ਐੱਸ. ਪੀ. ਨੂੰ ਦਿੱਤੀ ਸ਼ਿਕਾਇਤ 'ਚ ਆਪਣੇ ਪੈਸੇ ਵਾਪਸ ਕਰਨ ਅਤੇ ਮੁਲਜ਼ਮਾਂ ਖ਼?ਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਡੀ. ਐੱਸ. ਪੀ. ਪੱਧਰ ਦੇ ਅਧਿਕਾਰੀ ਵੱਲੋਂ ਉਕਤ ਸ਼ਿਕਾਇਤ ਦੀ ਪੜਤਾਲ ਉਪਰੰਤ ਨਤੀਜਾ ਰਿਪੋਰਟ ਦੇ ਆਧਾਰ 'ਤੇ ਥਾਣਾ ਸਦਰ ਨਵਾਂਸ਼ਹਿਰ ਦੀ ਪੁਲਸ ਨੇ ਏਜੰਟ ਕਰਨ ਉਰਫ਼ ਜਸਕਰਨ ਪੁੱਤਰ ਸੰਤੋਖ ਅਤੇ ਅਨੂਪ ਰਾਣੀ ਪਤਨੀ ਸੰਤੋਖ ਸਿੰਘ ਖ਼?ਲਾਫ਼ ਭਾਰਤੀ ਸਜ਼ਾ ਜ਼ਾਬਤਾ 2023 ਦੀ ਧਾਰਾ 318 (4) ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੰਜਾਬ 'ਚ ਹੜ੍ਹ ਦਾ ਖ਼ਤਰਾ ! ਉਝ ਦਰਿਆ 'ਚ ਵੱਧ ਰਿਹਾ ਪਾਣੀ ਪੱਧਰ ਲਿਆ ਸਕਦਾ ਵੱਡੀ ਤਬਾਹੀ

ਬਮਿਆਲ 2 ਅਗਸਤ। ਜੰਮੂ-ਕਸ਼ਮੀਰ ਦੇ ਪਹਾੜੀ ਇਲਾਕਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਪਾਕਿਸਤਾਨ ਸਰਹੱਦ ਨਾਲ ਲੱਗਦੇ ਬਮਿਆਲ ਨੇੜੇ ਵਗਦੇ ਉਝ ਦਰਿਆ 'ਚ ਅੱਜ ਕਰੀਬ 1 ਲੱਖ 10 ਹਜ਼ਾਰ ਕਿਊਸਿਕ ਪਾਣੀ ਪਹੁੰਚ ਗਿਆ। ਪਾਣੀ ਦਾ ਪੱਧਰ ਵੱਧਣ ਨਾਲ ਦਰਿਆ ਦਾ ਪਾਣੀ ਕਈ ਥਾਵਾਂ 'ਤੇ ਕਿਨਾਰਿਆਂ ਤੋਂ ਬਾਹਰ ਨਿਕਲ ਕੇ ਖੇਤਾਂ ਵੱਲ ਫੈਲਦਾ ਦਿਖਾਈ ਦਿੱਤਾ, ਜਿਸ ਕਾਰਨ ਸਰਹੱਦੀ ਇਲਾਕੇ ਦੇ ਲੋਕਾਂ ਅਤੇ ਕਿਸਾਨਾਂ 'ਚ ਹੜ੍ਹ ਨੂੰ ਲੈ ਕੇ ਚਿੰਤਾ ਵੱਧ ਗਈ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਪਿਛਲੇ ਸਾਲ ਜਦੋਂ ਉਝ ਦਰਿਆ ਵਿੱਚ ਕਰੀਬ 1 ਲੱਖ 50 ਹਜ਼ਾਰ ਕਿਊਸਿਕ ਪਾਣੀ ਆਇਆ ਸੀ ਤਾਂ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਸੀ। ਉਨ੍ਹਾਂ ਅਨੁਸਾਰ ਜੇਕਰ ਦਰਿਆ ਵਿੱਚ ਪਾਣੀ ਦਾ ਪੱਧਰ 1 ਲੱਖ 80 ਹਜ਼ਾਰ ਕਿਊਸਿਕ ਦੇ ਨੇੜੇ ਪਹੁੰਚ ਜਾਂਦਾ ਹੈ ਤਾਂ ਪਾਣੀ ਦਾ ਰੁਖ ਬਮਿਆਲ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵੱਲ ਹੋ ਜਾਂਦਾ ਹੈ, ਜਿਸ ਨਾਲ ਹੜ੍ਹ ਦਾ ਖ਼ਤਰਾ ਕਾਫ਼ੀ ਵੱਧ ਜਾਂਦਾ ਹੈ। ਪਾਣੀ ਦੇ ਵਧਦੇ ਪੱਧਰ ਨੂੰ ਦੇਖਦਿਆਂ ਪੰਜਾਬ ਪੁਲਸ ਵੱਲੋਂ ਉਝ ਦਰਿਆ 'ਤੇ ਬਣੇ ਪੁਲ 'ਤੇ ਨਾਕਾਬੰਦੀ ਕਰਕੇ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਬਿਨਾਂ ਲੋੜ ਦਰਿਆ ਦੇ ਨੇੜੇ ਨਾ ਜਾਣ ਦੀ ਅਪੀਲ ਕੀਤੀ ਗਈ। ਇਸ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕ ਦਰਿਆ ਦਾ ਵਧਦਾ ਪਾਣੀ ਦੇਖਣ ਲਈ ਪੁਲ 'ਤੇ ਇਕੱਠੇ ਹੋਏ। ਖ਼ਬਰ ਲਿਖੇ ਜਾਣ ਤੱਕ ਮਿਲੀ ਜਾਣਕਾਰੀ ਅਨੁਸਾਰ ਜੰਮੂ-ਕਸ਼ਮੀਰ ਦੇ ਪਹਾੜੀ ਖੇਤਰਾਂ ਵਿੱਚ ਮੀਂਹ ਦਾ ਦੌਰ ਜਾਰੀ ਹੈ, ਜਿਸ ਕਾਰਨ ਉਝ ਦਰਿਆ ਵਿੱਚ ਪਾਣੀ ਦਾ ਪੱਧਰ ਹੋਰ ਵੱਧਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਲੋਕਾਂ ਨੂੰ ਸਚੇਤ ਰਹਿਣ ਦੀ ਅਪੀਲ ਕੀਤੀ ਗਈ ਹੈ।

## ਲੁਧਿਆਣਾ 'ਚ .ਫਾਇਰਿੰਗ ! ਦੋ ਮੁੰਡਿਆਂ ਨੂੰ ਮਾਰੀਆਂ ਗੋਲੀਆਂ

ਲੁਧਿਆਣਾ 2 ਅਗਸਤ। ਲੁਧਿਆਣਾ ਦੇ ਗ੍ਰੈਂਡ ਵਾਕ ਦੇ ਬਾਹਰ ਫ਼ਾਇਰਿੰਗ ਹੋ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਕਾਰ ਸਵਾਰ ਦੋ ਮੁੰਡਿਆਂ ਦੇ ਗੋਲ?ੀਆਂ ਮਾਰੀਆਂ ਗਈਆਂ ਹਨ। ਦੋਹਾਂ ਮੁੰਡਿਆਂ ਦੀ ਉਮਰ 22 ਸਾਲ ਦੇ ਕਰੀਬ ਦੱਸੀ ਜਾ ਰਹੀ ਹੈ। ਜਾਣਕਾਰੀ ਮੁਤਾਬਕ, ਗ੍ਰੈਂਡ ਵਾਕ ਦੇ ਬਾਹਰ ਫਾਰਚੂਨਰ ਗੱਡੀ ਵਿਚ ਆਏ ਹਮਲਾਵਰਾਂ ਨੇ ਸਕਾਰਪੀਓ ਐੱਨ ਵਿਚ ਸਵਾਰ ਦੋ ਮੁੰਡਿਆਂ ਦੇ ਗੋਲ?ੀਆਂ ਮਾਰ ਦਿੱਤੀਆਂ। ਫ਼?ਲਹਾਲ ਹਮਲੇ ਦੀ ਵਜ?ਹਾ ਬਾਰੇ ਕੋਈ ਜਾਣਕਾਰੀ ਸਾਹਮਣੇ ਨਹੀਂ ਆਈ। ਜ਼ਖ਼ਮੀਆਂ ਦੀ ਪਛਾਣ ਆਰੀਅਨ ਸਿੰਘ ਅਤੇ ਆਰੀਅਨ ਘੁੰਮਣ ਵਜੋਂ ਹੋਈ ਹੈ। ਦੋਹਾਂ ਨੂੰ ਡੀ. ਐੱਮ. ਸੀ. ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਹੈ

## ਪਤਨੀ ਨੇ ਗੁੱਸੇ 'ਚ ਪਤੀ ਦੇ ਸਿਰ 'ਚ ਮਾਰਿਆ ਮੋਬਾਈਲ, ਹੋ ਗਈ ਮੌਤ

ਬਲਾਂਗੀਰ 2 ਅਗਸਤ। ਓਡੀਸ਼ਾ ਦੇ ਬਲਾਂਗੀਰ ਜ਼ਿਲ੍ਹੇ ਦੇ ਚਿਮੀਨੀ ਭਾਟੀਪਾੜਾ ਪਿੰਡ ਵਿੱਚ ਇੱਕ ਨੌਜਵਾਨ ਦੀ ਮੌਤ ਤੋਂ ਬਾਅਦ ਪਰਿਵਾਰਕ ਵਿਵਾਦ ਭਖ ਗਿਆ ਹੈ। ਮ੍ਰਿਤਕ ਸਵਪਨੇਸ਼ਵਰ ਮਿਸ਼ਰਾ ਦੇ ਪਿਤਾ ਨੇ ਆਪਣੀ ਨੂੰਹ 'ਤੇ ਗੰਭੀਰ ਦੋਸ਼ ਲਗਾਉਂਦੇ ਹੋਏ ਪੁਲਸ ਨੂੰ ਸ਼ਿਕਾਇਤ ਦਿੱਤੀ ਹੈ ਕਿ ਉਸ ਦੇ ਪੁੱਤਰ ਦੀ ਮੌਤ ਪਤਨੀ ਵੱਲੋਂ ਕੀਤੇ ਹਮਲੇ ਕਾਰਨ ਹੋਈ ਹੈ। ਮ੍ਰਿਤਕ ਦੇ ਪਿਤਾ ਪ੍ਰਫੁੱਲ ਕੁਮਾਰ ਮਿਸ਼ਰਾ ਅਨੁਸਾਰ, 21 ਜੂਨ ਨੂੰ ਪਤੀ-ਪਤਨੀ ਵਿਚਾਲੇ ਹੋਏ ਝਗੜੇ ਦੌਰਾਨ ਨੂੰਹ ਅਨਾਮਿਕਾ ਨੇ ਸਵਪਨੇਸ਼ਵਰ ਦੇ ਸਿਰ 'ਚ ਮੋਬਾਈਲ ਫੋਨ ਮਾਰ ਦਿੱਤਾ ਸੀ, ਜਿਸ ਕਾਰਨ ਉਸ ਦੇ ਸਿਰ 'ਤੇ ਗੰਭੀਰ ਸੱਟ ਲੱਗੀ ਸੀ ਅਤੇ ਟਾਂਕੇ ਲਗਾਉਣੇ ਪਏ ਸਨ। ਪਿਤਾ ਨੇ ਇਹ ਵੀ



ਦੋਸ਼ ਲਾਇਆ ਕਿ ਹਸਪਤਾਲ ਵਿੱਚ ਇਲਾਜ ਦੌਰਾਨ ਉਸ ਦੇ ਪੁੱਤਰ ਨੂੰ ਉਸ ਦੀ ਛੋਟੀ ਧੀ ਨਾਲ ਵੀ ਨਹੀਂ ਮਿਲਣ ਦਿੱਤਾ ਗਿਆ। ਦੂਜੇ ਪਾਸੇ, ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਸਵਪਨੇਸ਼ਵਰ ਲੰਬੇ ਸਮੇਂ ਤੋਂ ਲਿਵਰ ਦੀ ਬਿਮਾਰੀ ਤੋਂ ਪੀੜਤ ਸੀ। 9 ਜੁਲਾਈ ਨੂੰ ਤੇਜ਼ ਪੇਟ ਦਰਦ ਅਤੇ ਉਲਟੀਆਂ ਦੀ ਸ਼ਿਕਾਇਤ ਤੋਂ ਬਾਅਦ ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਸੀ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਪੁਲਸ ਨੇ ਫਿਲਹਾਲ ਅਪ੍ਰਾਕਿਰਤਿਕ ਮੌਤ ਦਾ ਮਾਮਲਾ ਦਰਜ ਕਰ ਲਿਆ ਹੈ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮੌਤ ਦੇ ਅਸਲ ਕਾਰਨਾਂ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ, ਜਿਸ ਦੇ ਆਧਾਰ 'ਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਚੋਰੀ ਦੇ ਮੋਟਰਸਾਈਕਲ ਸਮੇਤ ਦੋ ਮੁਲਜ਼ਮ ਗ੍ਰਿ.ਫਤਾਰ

ਕੌਮੀ ਪਤ੍ਰਿਕਾ

ਤਲਵਾੜਾ 2 ਅਗਸਤ। ਤਲਵਾੜਾ ਪੁਲਸ ਨੇ ਮੁਸਤੈਦੀ ਵਿਖਾਉਂਦੇ ਹੋਏ ਚੋਰੀ ਦੇ ਇਕ ਮੋਟਰਸਾਈਕਲ ਸਮੇਤ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਐੱਸ. ਐੱਚ. ਓ. ਸਤਪਾਲ ਸਿੰਘ ਨੇ ਦੱਸਿਆ ਕਿ ਏ. ਐੱਸ. ਆਈ. ਸਿਕੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਸ਼ੱਕੀ ਪੁਰਸ਼ਾਂ ਅਤੇ ਵਾਹਨਾਂ ਦੀ ਚੈਕਿੰਗ ਲਈ ਖੋਖਾ ਮਾਰਕੀਟ ਨੇੜੇ ਨਾਕਾਬੰਦੀ ਕੀਤੀ ਗਈ ਸੀ। ਇਸ ਦੌਰਾਨ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਰਾਜ ਕੁਮਾਰ ਉਰਫ਼ ਗੋਪੀ ਪੁੱਤਰ ਗਿਰਧਾਰੀ ਲਾਲ ਵਾਸੀ ਦੇਪੁਰ ਅਤੇ ਅਰਜਨ ਕੁਮਾਰ ਪੁੱਤਰ ਸੁਭਾਸ਼ ਚੰਦ ਵਾਸੀ ਨਮੋਲੀ ਹਾਰ, ਜੋਕਿ ਚੋਰੀਆਂ ਕਰਨ ਦੇ ਆਦੀ ਹਨ, ਅੱਜ ਵੀ ਚੋਰੀ ਦੇ



ਇਕ ਬਿਨਾਂ ਨੰਬਰ ਵਾਲੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਦੀ ਫ਼ਿਰਾਕ 'ਚ 'ਝੀਰ ਦਾ ਖੂਹ' ਇਲਾਕੇ ਦੇ ਨੇੜੇ ਘੁੰਮ ਰਹੇ ਹਨ। ਇਸ ਸੂਚਨਾ ਦੇ ਆਧਾਰ 'ਤੇ ਏ. ਐੱਸ. ਆਈ. ਸਿਕੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਤੁਰੰਤ 'ਝੀਰ ਦਾ ਖੂਹ' ਅੱਡੇ 'ਤੇ ਪਹੁੰਚ ਕੇ ਨਾਕਾਬੰਦੀ ਕਰ ਦਿੱਤੀ। ਚੈਕਿੰਗ ਦੌਰਾਨ ਮੁਖ਼ਬਰ ਵੱਲੋਂ ਦੱਸੇ ਹੁਲੀਏ ਮੁਤਾਬਕ ਦੋ ਵਿਅਕਤੀ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਆਉਂਦੇ ਵਿਖਾਈ ਦਿੱਤੇ। ਪੁਲਸ ਪਾਰਟੀ ਨੂੰ ਵੇਖ ਕੇ ਜਦੋਂ ਉਨ੍ਹਾਂ ਨੇ ਪਿੱਛੇ ਮੁੜਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਕਰਮਚਾਰੀਆਂ ਨੇ ਮੁਸਤੈਦੀ ਨਾਲ ਉਨ੍ਹਾਂ ਨੂੰ ਘੇਰ ਕੇ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਮੋਟਰਸਾਈਕਲ ਚਲਾ ਰਹੇ ਨੌਜਵਾਨ ਨੇ ਆਪਣਾ ਨਾਮ ਰਾਜ ਕੁਮਾਰ ਉਰਫ਼ ਗੋਪੀ ਅਤੇ ਪਿੱਛੇ ਬੈਠੇ ਵਿਅਕਤੀ ਨੇ ਆਪਣਾ ਨਾਮ ਅਰਜਨ ਕੁਮਾਰ ਦੱਸਿਆ। ਪੁਲਸ ਮੁਤਾਬਕ ਮੋਟਰਸਾਈਕਲ ਦੀ ਪਿਛਲੀ ਨੰਬਰ ਪਲੇਟ ਗਾਇਬ ਸੀ ਅਤੇ ਅਗਲੀ ਪਲੇਟ 'ਤੇ ਨੰਬਰ ਮਿਟਾਇਆ ਹੋਇਆ ਸੀ, ਜਿਸ 'ਤੇ ਸਿਰਫ਼ ਪੀ. ਬੀ. 07 -ਏ. ਯੂ.- 25 ਹੀ ਪੜ੍ਹਿਆ ਜਾ ਰਿਹਾ ਸੀ। ਕਾਬੂ ਕੀਤੇ ਗਏ ਵਿਅਕਤੀ ਮੋਟਰਸਾਈਕਲ ਦੀ ਆਰ. ਸੀ. ਜਾਂ ਕੋਈ ਹੋਰ ਜਾਇਜ਼ ਕਾਗਜ਼ਾਤ ਪੇਸ਼ ਨਹੀਂ ਕਰ ਸਕੇ ਅਤੇ ਨਾ ਹੀ ਮਲਕੀਅਤ ਸਬੰਧੀ ਕੋਈ ਤਸੱਲੀਬਖ਼ਸ਼ ਜਵਾਬ ਦੇ ਸਕੇ।

## ਸ਼ਰਮਨਾਕ ! 7ਵੀਂ ਜਮਾਤ ਦੇ ਵਿਦਿਆਰਥੀ ਨੂੰ ਡੀ.ਪੀ. ਨੇ ਮਾਰਿਆ ਡੰਡਾ

ਬੁਢਲਾਡਾ 2 ਅਗਸਤ। ਇੱਥੋਂ ਥੋੜ੍ਹੀ ਦੂਰ ਪਿੰਡ ਦੌਦੜਾ ਦੇ 7ਵੀਂ ਕਲਾਸ ਦੇ ਵਿਦਿਆਰਥੀ ਨੂੰ ਡੀ.ਪੀ. ਵੱਲੋਂ ਡੰਡਾ ਮਾਰਨ ਤੇ ਉਸਦੇ ਮਾਪਿਆਂ ਵੱਲੋਂ ਸਰਕਾਰੀ ਹਸਪਤਾਲ ਬੁਢਲਾਡਾ ਵਿਖੇ ਦਾਖਲ ਕਰਵਾਇਆ ਗਿਆ। ਜਿੱਥੇ ਡਾਕਟਰਾਂ ਵੱਲੋਂ ਪੁਲਸ ਨੂੰ ਸੂਚਿਤ ਕਰਦਿਆਂ ਸਿਰ ਵਿੱਚ ਟਾਂਕੇ ਲਗਾ ਕੇ ਇਲਾਜ ਸ਼ੁਰੂ ਕਰ ਦਿੱਤਾ। ਜਾਣਕਾਰੀ ਅਨੁਸਾਰ ਰਮਨਦੀਪ ਸਿੰਘ (12 ਸਾਲ) ਜੋ ਸੱਤਵੀਂ ਕਲਾਸ ਦਾ ਵਿਦਿਆਰਥੀ ਹੈ, ਜੋ ਪਿੰਡ ਜਖੇਪਲ ਵਿਖੇ ਇੱਕ ਪ੍ਰਾਈਵੇਟ ਸਕੂਲ ਵਿੱਚ ਪੜ੍ਹਦਾ ਨੇ ਜ਼ੇਰੇ ਇਲਾਜ ਦੱਸਿਆ ਕਿ ਉਹ ਗਰਾਊਂਡ ਵਿੱਚੋਂ ਆਪਣੀ ਕਲਾਸ ਵੱਲ ਜਾ ਰਿਹਾ ਸੀ ਤਾਂ ਸਕੂਲ ਦੇ ਡੀ.ਪੀ. ਅਧਿਆਪਕ ਨੇ ਦੂਰੋਂ ਡੰਡਾ ਉਸਦੇ ਸਿਰ ਤੇ ਮਾਰਿਆ ਜਿੱਥੇ ਉਹ ਜ਼ਖਮੀ ਹਾਲਤ ਵਿੱਚ ਗਰਾਊਂਡ 'ਚ ਡਿੱਗ ਪਿਆ। ਡੀ.ਪੀ. ਨੇ ਕਿਹਾ ਕਿ ਤੂੰ ਇਹ ਗੱਲ ਆਪਣੇ ਘਰ ਨਾ ਦੱਸੀ ਅਤੇ ਇਲਾਜ ਦੇ ਬਹਾਨੇ ਕਈ ਘੰਟੇ ਰੋਕ ਕੇ ਰੱਖਿਆ। ਇਸ ਸਬੰਧੀ ਉਸਨੇ ਆਪਣੇ ਪਿਤਾ ਰੋਹੀ ਸਿੰਘ ਦੌਦੜਾ ਨੂੰ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਨੇ ਤੁਰੰਤ ਮੈਨੂੰ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੇ ਨਾਲ ਉਨ੍ਹਾਂ ਦਾ ਦਾਦਾ ਅਜੈਬ ਸਿੰਘ ਅਤੇ ਪਿਤਾ ਵੀ ਮੌਜੂਦ ਸੀ। ਦਾਦਾ ਨੇ ਮੰਗ ਕੀਤੀ ਹੈ ਕਿ ਉਪਰੋਕਤ ਬਿਨ੍ਹਾਂ ਵਜਾ ਡੰਡਾ ਮਾਰਨ ਵਾਲੇ ਡੀ.ਪੀ. ਦੇ ਖਿਲਾਫ ਤੁਰੰਤ ਕਾਰਵਾਈ ਕਰਦਿਆਂ ਇਨਸਾਫ ਦਿੱਤਾ ਜਾਵੇ।

## ਟੁੱਟੀ ਹੋਈ ਨਹਿਰ ਨੂੰ ਨਹਿਰੀ ਵਿਭਾਗ ਨੇ ਰਾਤ ਭਰ ਕੀਤਾ ਠੀਕ, ਵੱਡਾ ਖ਼ਤਰਾ ਟਲਿਆ

ਕੌਮੀ ਪਤ੍ਰਿਕਾ

ਜਲੰਧਰ 2 ਅਗਸਤ। ਬਿਸਤ ਦੋਆਬ ਨਹਿਰ ਦੇ ਕੰਢੇ ਟੁੱਟਣ ਨਾਲ ਜਦੋਂ ਗਦਈਪੁਰ ਅਤੇ ਕਾਲੀਆ ਕਾਲੋਨੀ ਦੇ ਲੋਕਾਂ ਦੇ ਸਾਹਮਣੇ ਮੁਸੀਬਤ ਖੜ੍ਹੀ ਹੋਈ ਤਾਂ ਨਹਿਰੀ ਵਿਭਾਗ ਨੇ ਮੁਸਤੈਦੀ ਵਿਖਾਈ। ਅਧਿਕਾਰੀਆਂ ਨੇ ਬਿਨਾਂ ਸਮਾਂ ਗੁਆਏ ਮੌਕੇ 'ਤੇ ਮੋਰਚਾ ਸੰਭਾਲਿਆ ਅਤੇ ਪਾਣੀ ਦੇ ਵਹਾਅ ਨੂੰ ਰੋਕ ਦਿੱਤਾ, ਜਿਸ ਨਾਲ ਇਲਾਕੇ ਵਿਚ ਪਾਣੀ ਭਰਨ ਦਾ ਖ਼ਤਰਾ ਟਲ ਗਿਆ ਹੈ। ਹੁਣ ਨਹਿਰ ਦੇ ਕੰਢਿਆਂ ਨੂੰ ਹਮੇਸ਼ਾ ਲਈ ਪੱਕਾ ਅਤੇ ਮਜ਼ਬੂਤ ਬਣਾਉਣ ਦਾ ਕੰਮ ਤੇਜ਼ੀ ਨਾਲ ਸ਼ੁਰੂ ਕਰ ਦਿੱਤਾ ਗਿਆ ਹੈ ਤਾਂ ਕਿ ਅੱਗੇ ਤੋਂ ਅਜਿਹੀ ਕੋਈ ਪ੍ਰੇਸ਼ਾਨੀ ਨਾ ਆਵੇ। ਸ਼ੁੱਕਰਵਾਰ ਦੀ ਰਾਤ ਜਿਵੇਂ ਹੀ ਗਦਈਪੁਰ ਵਿਚ ਨਹਿਰ ਦਾ ਇਕ ਹਿੱਸਾ ਟੁੱਟਿਆ ਤਾਂ ਕਾਲੀਆ ਕਾਲੋਨੀ ਦੀਆਂ ਗਲੀਆਂ ਵਿਚ ਪਾਣੀ ਭਰਨ ਲੱਗਾ। ਖ਼ਬਰ ਮਿਲਦੇ ਹੀ ਨਹਿਰੀ ਵਿਭਾਗ ਦੀ ਟੀਮ ਤੁਰੰਤ ਐਕਸ਼ਨ ਵਿਚ ਆ ਗਈ। ਅਧਿਕਾਰੀਆਂ ਨੇ ਦੇਰ ਰਾਤ ਹੀ ਡਿੱਚ (ਜੇ. ਸੀ. ਬੀ.) ਮਸ਼ੀਨਾਂ ਮੰਗਵਾਈਆਂ ਅਤੇ ਮਿੱਟੀ ਪਾਉਣ ਦਾ ਕੰਮ ਸ਼ੁਰੂ ਕਰ ਦਿੱਤਾ।



ਕਰਮਚਾਰੀ ਸ਼ੁੱਕਰਵਾਰ ਦੀ ਪੂਰੀ ਰਾਤ ਅਤੇ ਸ਼ਨੀਵਾਰ ਸਵੇਰ ਤਕ ਲਗਾਤਾਰ ਕੰਮ 'ਤੇ ਡਟੇ ਰਹੇ। ਜਿਥੇ ਵੀ ਪਾਣੀ ਰਿਸ ਰਿਹਾ ਸੀ, ਉਨ੍ਹਾਂ ਸਾਰੀਆਂ ਥਾਵਾਂ ਨੂੰ ਪੂਰੀ ਤਰ੍ਹਾਂ ਠੀਕ ਕਰ ਦਿੱਤਾ ਗਿਆ ਹੈ। ਇਸ ਪੂਰੇ ਕੰਮ ਨੂੰ ਸੰਭਾਲਣ ਵਾਲੇ ਨਹਿਰੀ ਵਿਭਾਗ ਦੇ ਐੱਸ. ਡੀ. ਓ. ਪ੍ਰਿੰਸ ਨੇ ਇਨਸਾਨੀਅਤ ਅਤੇ ਜ਼ਿੰਮੇਵਾਰੀ ਦੀ ਵੱਡੀ ਮਿਸਾਲ ਪੇਸ਼ ਕੀਤੀ। ਸਰਕਾਰੀ ਬਜਟ ਪਾਸ ਹੋਣ ਦੀ ਉਡੀਕ ਕਰਨ ਦੀ ਬਜਾਏ ਉਨ੍ਹਾਂ ਆਪਣੀ ਜੇਬ ਵਿਚੋਂ 45 ਹਜ਼ਾਰ ਰੁਪਏ ਖਰਚ ਕੀਤੇ ਅਤੇ ਤੁਰੰਤ ਮਿੱਟੀ ਪਾਈ। ਖੇਤਾਂ ਲਈ ਨਹਿਰ ਵਿਚ 45 ਕਿਊਸਿਕ ਪਾਣੀ ਚੱਲ ਰਿਹਾ ਸੀ, ਜਿਸ ਨੂੰ ਰੋਕਣਾ ਮੁਮਕਿਨ ਨਹੀਂ ਸੀ। ਇਸ ਲਈ ਵਗਦੇ ਪਾਣੀ ਵਿਚ ਹੀ ਨਹਿਰ ਦੇ ਕੰਢੇ ਨੂੰ ਦਰੁੱਸਤ ਕਰਨਾ ਵਿਭਾਗ ਦੀ ਇਕ ਵੱਡੀ ਕਾਮਯਾਬੀ ਹੈ। ਨਹਿਰ ਟੁੱਟਣ ਦੀ ਵੱਡੀ ਵਜ?ਹਾ ਉਹ ਗੰਦਗੀ ਸੀ, ਜੋ ਗਦਈਪੁਰ ਪੁਲ 'ਤੇ ਲੱਗਣ ਵਾਲੀਆਂ ਰੇਹੜੀਆਂ ਤੋਂ ਨਹਿਰ ਵਿਚ ਸੁੱਟੀ ਜਾ ਰਹੀ ਸੀ। ਅੱਜ ਐੱਸ. ਡੀ. ਓ. ਪ੍ਰਿੰਸ ਆਪਣੀ ਟੀਮ ਦੇ ਨਾਲ ਮੌਕੇ 'ਤੇ ਪਹੁੰਚੇ ਅਤੇ ਸਾਰੀਆਂ ਰੇਹੜੀਆਂ ਨੂੰ ਉਥੋਂ ਹਟਾ ਦਿੱਤਾ। ਇਸ ਦੌਰਾਨ ਸਵਰਨ ਪਾਰਕ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਰਮੇਸ਼ ਮਾਹੀ ਬੱਲੀ ਅਤੇ ਨੰਬਰਦਾਰ ਜੁਗਲ ਕਿਸ਼ੋਰ ਨੇ ਵੀ ਵਿਭਾਗ ਦਾ ਸਾਥ ਦਿੱਤਾ ਅਤੇ ਉਥੇ ਨਾਜਾਇਜ਼ ਰੂਪ ਨਾਲ ਸ਼ਰਾਬ ਪਿਆਉਣ ਵਾਲਿਆਂ ਨੂੰ ਚਿਤਾਵਨੀ ਦੇ ਕੇ ਭਜਾ ਦਿੱਤਾ। ਨਹਿਰੀ ਵਿਭਾਗ ਹੁਣ ਇਸ ਸਮੱਸਿਆ ਨੂੰ ਹਮੇਸ਼ਾ ਲਈ ਖ਼ਤਮ ਕਰਨਾ ਚਾਹੁੰਦਾ ਹੈ। ਐੱਸ. ਡੀ.ਓ. ਪ੍ਰਿੰਸ ਨੇ ਦੱਸਿਆ ਕਿ ਸਫਾਈ ਰੱਖਣਾ ਅਤੇ ਰੇਹੜੀਆਂ ਹਟਾਉਣਾ ਨਗਰ ਨਿਗਮ ਦਾ ਕੰਮ ਸੀ ਪਰ ਜਨਤਾ ਦੀ ਸੁਰੱਖਿਆ ਲਈ ਇਹ ਕਦਮ ਨਹਿਰੀ ਵਿਭਾਗ ਨੂੰ ਚੁੱਕਣਾ ਪਿਆ। ਹੁਣ ਸੋਮਵਾਰ ਨੂੰ ਉਹ ਖੁਦ ਮੇਅਰ ਵਨੀਤ ਧੀਰ ਨੂੰ ਮਿਲਣਗੇ ਤਾਂ ਕਿ ਗਦਈਪੁਰ ਤੋਂ ਲੈ ਕੇ ਹਾਈਵੇ ਤਕ ਨਹਿਰ ਦੀ ਪੂਰੀ ਸਫ਼ਾਈ ਕਰਵਾਈ ਜਾ ਸਕੇ। ਮੌਕੇ 'ਤੇ ਪਹੁੰਚੇ ਕੌਂਸਲਰ ਆਸ਼ੂ ਸ਼ਰਮਾ ਅਤੇ ਨੋਨੀ ਨੇ ਵੀ ਵਿਭਾਗ ਦੇ ਇਸ ਕਦਮ ਦੀ ਤਾਰੀਫ਼ ਕੀਤੀ। ਨਹਿਰੀ ਵਿਭਾਗ ਦੀ ਇਸ ਤੁਰੰਤ ਕਾਰਵਾਈ ਤੋਂ ਇਲਾਕੇ ਦੇ ਉਦਯੋਗਪਤੀ ਬੇਹੱਦ ਖੁਸ਼ ਹਨ। ਕਾਰੋਬਾਰੀਆਂ ਦਾ ਕਹਿਣਾ ਹੈ ਕਿ ਉਹ ਨਗਰ ਨਿਗਮ ਨੂੰ ਕਈ ਵਾਰ ਸ਼ਿਕਾਇਤ ਦੇ ਚੁੱਕੇ ਹਨ ਪਰ ਕੋਈ ਅਸਰ ਨਹੀਂ ਹੋਇਆ ਸੀ। ਇਸ ਵਾਰ ਨਹਿਰੀ ਵਿਭਾਗ ਨੇ ਜਿਸ ਤਰ੍ਹਾਂ ਜ਼ਿੰਮੇਵਾਰੀ ਵਿਖਾਉਂਦੇ ਹੋਏ ਨਹਿਰ ਨੂੰ ਵੀ ਬਚਾਇਆ ਅਤੇ ਕਬਜ਼ਾ ਵੀ ਹਟਾਇਆ, ਉਹ ਵਾਕਈ ਕਾਬਿਲ-ਏ-ਤਾਰੀਫ਼ ਹੈ।

## ਪੰਜਾਬ 'ਚ ਪਹਿਲੀ ਅਗਸਤ ਨੂੰ ਲੱਗੇਗਾ ਬਿਜਲੀ ਦਾ ਲੰਮਾ ਕੱਟ, ਕਈ ਇਲਾਕੇ ਪ੍ਰਭਾਵਿਤ

ਜਲੰਧਰ 2 ਅਗਸਤ। ਪੰਜਾਬ ਦੇ ਕੁਝ ਇਲਾਕਿਆਂ ਵਿਚ ਭਲਕੇ ਯਾਨੀ 2 ਅਗਸਤ ਨੂੰ ਲੰਮਾ ਪਾਵਰ ਕੱਟ ਲੱਗਣ ਜਾ ਰਿਹਾ ਹੈ। ਇਸ ਦੌਰਾਨ ਕੁਝ ਇਲਾਕਿਆਂ ਵਿਚ ਪਾਵਰ ਸਪਲਾਈ ਪ੍ਰਭਾਵਿਤ ਰਹੇਗੀ। ਪੰਜਾਬ ਸਟੇਟ ਪਾਵਰਕਾਰਪੋਰੇਸ਼ਨ ਵੱਲੋਂ ਇਸ ਸਬੰਧੀ ਅਗਾਊਂ ਸੂਚਨਾ ਜਾਰੀ ਕਰ ਦਿੱਤੀ ਗਈ ਹੈ, ਤਾਂ ਜੋ ਲੋਕ ਪਹਿਲਾਂ ਤੋਂ ਹੀ ਢੁਕਵੇਂ ਪ੍ਰਬੰਧ ਕਰ ਸਕਣ। ਰੂਪਨਗਰ (ਵਿਜੇ ਸ਼ਰਮਾ)- ਗਿਆਰਾਂ ਕੇ.ਵੀ ਕੋਲਡ ਸਟੋਰ ਫੀਡਰ ਦੀ ਜਰੂਰੀ ਮੁਰੰਮਤ ,ਦਰੱਖਤਾਂ ਦੀ ਕਟਿੰਗ ਅਤੇ ਆਰਡੀਐਸਐਸ ਦੇ ਕੰਮ ਕਾਰਨ ਸੇਫਟੀ ਪੱਖੀ ਬਿਜਲੀ ਸਪਲਾਈ ਪਹਿਲੀ ਅਗਸਤ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਬੰਦ ਰਹੇਗੀ। ਇਸ ਦੌਰਾਨ ਸੁਖਰਾਮਪੁਰ ਟੱਪਰੀਆਂ, ਨਿਊ ਜਗਜੀਤ ਨਗਰ, ਗਿਲਕੋ ਵੈਲੀ ਐਕਸਟ., ਆਦਰਸ਼ ਨਗਰ, ਗੀ?ਨ ਇਨਕਲੇਵ, ਗਰੰਥੀ ਬਾਗ, ਗਾਂਧੀ ਨਗਰ, ਪਬਲਿਕ ਕਲੌਨੀ, ਡੀ. ਏ. ਵੀ. ਰੋਡ, ਚੋਆ ਮਹੱਲਾ, ਗਊਸ਼ਾਲਾ ਰੋਡ, ਹਸਪਤਾਲ ਰੋਡ, ਮੇਨ ਬਾਜਾਰ, ਪ੍ਰਤਾਪ ਬਾਜਾਰ, ਗਾਂਧੀ ਚੌਂਕ, ਪੱਕਾ ਬਾਗ ਆਦਿ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ।ਇਹ ਜਾਣਕਾਰੀ ਇੰਜ. ਬਲਵੰਤ ਰਾਏ ਵਲੋ ਦਿੱਤੀ ਗਈ। ਮਾਨਸਾ (ਮਨਜੀਤ ਕੌਰ)- 66 ਕੇ.ਵੀ ਤਿੰਨਕੋਨੀ ਗਰਿੱਡ ਮਾਨਸਾ ਤੋਂ ਚੱਲ ਰਹੇ 11 ਕੇ.ਵੀ ਬਾਬਾ ਭਾਈ ਗੁਰਦਾਸ ਫੀਡਰ ਦੀ ਬਿਜਲੀ ਸਪਲਾਈ 2 ਅਗਸਤ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੱਕ ਬੰਦ ਰਹੇਗੀ। ਇਸ ਨਾਲ ਗਰਿੱਡ ਕਲੋਨੀ, ਬਾਬਾ ਭਾਈ ਗੁਰਦਾਸ ਡੇਰਾ, ਮੂਸਾ ਚੁੰਗੀ, ਬਾਗ਼ ਵਾਲਾ ਗੁਰੂਦੁਆਰਾ, ਪ੍ਰਕਾਸ਼ ਕਾਟਨ, ਕਬਰਾਂ ਵਾਲਾ ਰਾਹ, ਜੱਗਰ ਦੀ ਚੱਕੀ, ਅਗਰਵਾਲ ਸਟਰੀਟ, ਨਿਰਮਲ ਧਾਮ ਸਟਰੀਟ, ਗੰਗਾ ਆਇਲ ਮਿਲ, ਠੇਲੇ ਦੀ ਚੱਕੀ, ਲਾਲ ਚੰਦ ਐਮ.ਸੀ ਵਾਲੀ ਗਲੀ, ਬੁੱਘੀ ਵਲੈਤੀ ਵਾਲੀ ਗਲੀ ਆਦਿ ਦੀ ਬਿਜਲੀ ਸਪਲਾਈ ਜਰੂਰੀ ਮੁਰੰਮਤ ਕਾਰਨ ਬੰਦ ਰਹੇਗੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਹਦੀਆਬਾਦ ’ਚ ਦਿਨ-ਦਿਹਾੜੇ ਦਹਿਸ਼ਤ, ਇਲੈਕਟਰਾਨਿਕਸ ਦੀ ਦੁਕਾਨ ’ਚ ਬਜ਼ੁਰਗ ਜੋੜੇ ਨੂੰ ਧਮਕਾ ਕੇ ਕੀਤੀ ਹਜ਼ਾਰਾਂ ਦੀ ਲੁੱਟ

**ਕੌਮੀ ਪਤ੍ਰਿਕਾ**

ਫਗਵਾੜਾ 2 ਅਗਸਤ। ਫਗਵਾੜਾ ਦੇ ਹਦੀਆਬਾਦ ਇਲਾਕੇ ਵਿੱਚ ਦਿਨ-ਦਿਹਾੜੇ ਲੁੱਟ-ਖੋਹ ਦੀ ਇੱਕ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ, ਜਿਸ ਨੇ ਪੂਰੇ ਇਲਾਕੇ ਦੀ ਸੁਰੱਖਿਆ ਵਿਵਸਥਾ ’ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਹਦੀਆਬਾਦ ਦੇ ਅਧੀਨ ਆਉਂਦੇ ਗੰਡਵਾਂ ਰੋਡ ’ਤੇ ਸਥਿਤ ਇੱਕ ਇਲੈਕਟ?ਰਾਨਿਕਸ ਦੀ ਦੁਕਾਨ ਦੇ ਬਜ਼ੁਰਗ ਸੰਚਾਲਕ ਅਤੇ ਉਨ੍ਹਾਂ ਦੀ ਪਤਨੀ ਨੂੰ ਨਿਸ਼ਾਨਾ ਬਣਾ ਕੇ ਕੁਝ ਅਣਪਛਾਤੇ ਲੁਟੇਰੇ ਹਜ਼ਾਰਾਂ ਦੀ ਨਕਦੀ ਅਤੇ ਸੋਨੇ ਦੇ ਗਹਿਣੇ ਲੁੱਟ ਕੇ ਰਫੂਚੱਕਰ ਹੋ ਗਏ। ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਤੋਂ ਨਾਰਾਜ਼ ਸਥਾਨਕ ਨਿਵਾਸੀਆਂ ਵਿੱਚ ਇਸ ਘਟਨਾ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਪੀੜਤ ਬਜ਼ੁਰਗ ਦੁਕਾਨਦਾਰ ਰਜਿੰਦਰ ਕਪੂਰ ਆਪਣੀ ਪਤਨੀ ਨਾਲ ਦੁਕਾਨ ’ਤੇ ਮੌਜੂਦ ਸਨ। ਇਸੇ ਦੌਰਾਨ ਮੋਟਰਸਾਈਕਲ ’ਤੇ ਸਵਾਰ ਹੋ ਕੇ 2 ਅਣਪਛਾਤੇ ਨੌਜਵਾਨ ਸਾਮਾਨ ਖਰੀਦਣ ਦੇ ਬਹਾਨੇ ਉਨ੍ਹਾਂ ਦੀ ਦੁਕਾਨ ’ਤੇ ਪਹੁੰਚੇ। ਉਨ੍ਹਾਂ ਨੇ ਪਹਿਲਾਂ ਕੁਝ ਸਾਮਾਨ ਖਰੀਦਿਆ ਅਤੇ ਪੈਸੇ ਵੀ ਦੇ ਦਿੱਤੇ। ਇਸੇ ਦੌਰਾਨ ਉੱਥੇ ਇੱਕ ਚਿੱਟੇ ਰੰਗ ਦੀ ਕਾਰ ਵੀ ਆ ਕੇ ਰੁਕੀ, ਜਿਸ ਵਿੱਚ ਤਿੰਨ ਹੋਰ ਨੌਜਵਾਨ ਸਵਾਰ ਸਨ। ਕਾਰ ਸਵਾਰ ਨੌਜਵਾਨ ਨੇ ਵੀ ਪਾਵਰ ਪਲੱਗ ਦਾ ਸਵਿੱਚ ਮੰਗਣ ਦੇ ਬਹਾਨੇ ਬਜ਼ੁਰਗ ਨੂੰ ਉਲਝਾ ਕੇ ਰੱਖਿਆ ਅਤੇ ਆਪਸ ਵਿੱਚ ਗੱਲਬਾਤ ਕਰਨ ਦਾ ਨਾਟਕ ਕਰਨ ਲੱਗੇ। ਬਜ਼ੁਰਗ ਦੁਕਾਨਦਾਰ ਰਜਿੰਦਰ ਕਪੂਰ ਨੇ ਦੱਸਿਆ ਕਿ ਜਿਵੇਂ ਹੀ ਸੜਕ ’ਤੇ ਸੰਨਾਟਾ ਹੋਇਆ ਅਤੇ ਆਉਣ-ਜਾਣ ਵਾਲੇ ਲੋਕਾਂ ਦੀ ਆਵਾਜਾਈ ਘੱਟ ਗਈ, ਤਾਂ ਮੋਟਰਸਾਈਕਲ ਸਵਾਰ ਬਦਮਾਸ਼ਾਂ ਨੇ ਆਪਣਾ ਅਸਲੀ ਰੰਗ ਦਿਖਾ ਦਿੱਤਾ। ਮੁਲਜ਼ਮਾਂ ਨੇ ਡਰਾਉਂਦੇ-ਧਮਕਾਉਂਦੇ ਹੋਏ ਬਜ਼ੁਰਗ ਨੂੰ ਗੱਲੇ ਵਿੱਚ ਰੱਖੇ ਪੈਸੇ ਕੱਢਣ ਲਈ ਕਿਹਾ। ਵਿਰੋਧ ਕਰਨ ’ਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ, ਜਿਸ ਤੋਂ ਬਾਅਦ ਡਰਦੇ ਮਾਰੇ ਬਜ਼ੁਰਗ ਨੇ ਆਪਣੇ ਕੋਲ ਮੌਜੂਦ ਦੋ ਹਜ਼ਾਰ ਰੁਪਏ ਦੀ ਨਕਦੀ ਉਨ੍ਹਾਂ ਦੇ ਹਵਾਲੇ ਕਰ ਦਿੱਤੀ। ਇੰਨੇ ਨਾਲ ਵੀ ਲੁਟੇਰਿਆਂ ਦਾ ਮਨ ਨਹੀਂ ਭਰਿਆ, ਤਾਂ ਉਨ੍ਹਾਂ ਨੇ ਬਜ਼ੁਰਗ ਦੀ ਪਤਨੀ ਦੀ ਉਂਗਲ ਵਿੱਚ ਪਾਈ ਹੋਈ ਸੋਨੇ ਦੀ ਮੁੰਦਰੀ ’ਤੇ ਝਪੱਟਾ ਮਾਰ ਦਿੱਤਾ। ਮਹਿਲਾ ਵੱਲੋਂ ਵਿਰੋਧ ਕੀਤੇ ਜਾਣ ਦੇ ਬਾਵਜੂਦ ਮੁਲਜ਼ਮ ਜ਼ਬਰਦਸਤੀ ਸੋਨੇ ਦੀ ਮੁੰਦਰੀ ਖਿੱਚ ਕੇ ਮੋਟਰਸਾਈਕਲ ਅਤੇ ਕਾਰ ਸਮੇਤ ਮੌਕੇ ਤੋਂ ਫਰਾਰ ਹੋ ਗਏ। ਬਜ਼ੁਰਗ ਦੁਕਾਨਦਾਰ ਨੇ ਰੌਲਾ ਪਾਉਂਦੇ ਹੋਏ ਕੁਝ ਦੂਰ ਤੱਕ ਬਦਮਾਸ਼ਾਂ ਦਾ ਪਿੱਛਾ ਵੀ ਕੀਤਾ, ਪਰ ਮੁਲਜ਼ਮ ਤੇਜ਼ੀ ਨਾਲ ਭੱਜਣ ਵਿੱਚ ਕਾਮਯਾਬ ਰਹੇ। ਇਸ ਪੂਰੀ ਵਾਰਦਾਤ ਦੀ ਖ਼ਬਰ ਮਿਲਦਿਆਂ ਹੀ ਪੂਰੇ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ। ਘਟਨਾ ਦੀ ਸੂਚਨਾ ਤੁਰੰਤ ਸਥਾਨਕ ਪੁਲਸ ਨੂੰ ਦਿੱਤੀ ਗਈ। ਪੁਲਸ ਟੀਮ ਨੇ ਮੌਕੇ ’ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਸੀਸੀਟੀਵੀ ਫੁਟੇਜ ਵਿੱਚ ਸ਼ੱਕੀ ਮੋਟਰਸਾਈਕਲ ਅਤੇ ਕਾਰ ਸਾਫ਼ ਤੌਰ ’ਤੇ ਦਿਖਾਈ ਦੇ ਰਹੇ ਹਨ, ਜਿਸ ਦੇ ਅਧਾਰ ’ਤੇ ਪੁਲਸ ਮੁਲਜ਼ਮਾਂ ਦੀ ਪਛਾਣ ਕਰਨ ਵਿੱਚ ਜੁਟੀ ਹੋਈ ਹੈ। ਪੀੜਤ ਪਰਿਵਾਰ ਨੇ ਪੁਲਸ ਪ੍ਰਸ਼ਾਸਨ ਨੂੰ ਗੁਹਾਰ ਲਗਾਈ ਹੈ ਕਿ ਇਲਾਕੇ ਵਿੱਚ ਵਧ ਰਹੀਆਂ ਅਜਿਹੀਆਂ ਵਾਰਦਾਤਾਂ ਨੂੰ ਨੱਥ ਪਾਈ ਜਾਵੇ ਅਤੇ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ ਜਾਵੇ।



## 20 ਕਿਲੋ ਹੈਰੋਇਨ ਸਣੇ ਇਕ ਮੁਲਜ਼ਮ ਕਾਬੂ, ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ ’ਤੇ ਸੂਬੇ ਭਰ ’ਚ ਕਰਦਾ ਸੀ ਸਪਲਾਈ

ਅੰਮ੍ਰਿਤਸਰ 2 ਅਗਸਤ। ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੇ ਸੰਗਠਿਤ ਅਪਰਾਧਿਕ ਗਠਜੋੜ ਦਾ ਪਰਦਾਫਾਸ਼ ਕਰਕੇ ਇੱਕ ਕਾਰਕੁਨ ਨੂੰ ਗ੍ਰਿਫਤਾਰ ਕੀਤਾ ਹੈ। ਇਸ ਦੌਰਾਨ ਮੁਲਜ਼ਮ ਕੋਲੋਂ 20 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਹੈ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਐਕਸ ’ਤੇ ਸਾਂਝੀ ਕੀਤੀ ਹੈ। ਡੀ. ਜੀ. ਪੀ. ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਦੋਸ਼ੀ ਸਰਹੱਦ ਪਾਰ ਤਸਕਰਾਂ ਨਾਲ ਜੁੜੇ ਇੱਕ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ ’ਤੇ ਕੰਮ ਕਰ ਰਿਹਾ ਸੀ। ਉਹ ਕਥਿਤ ਤੌਰ ’ਤੇ ਸਰਹੱਦੀ ਖੇਤਰ ਵਿੱਚ ਹੈਰੋਇਨ ਦੀ ਖੇਪ ਪ੍ਰਾਪਤ ਕਰਨ ਅਤੇ ਪੰਜਾਬ ਭਰ ਵਿੱਚ ਹੋਰ ਪਾਰਟੀਆਂ ਨੂੰ ਪਹੁੰਚਾਉਣ ਵਿੱਚ ਸ਼ਾਮਲ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਖਿਲਾਫ਼ ਐਨ.ਡੀ.ਪੀ.ਐਸ. ਐਕਟ ਦੇ ਤਹਿਤ ਪੁਲਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਇੱਕ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਅਗਲੇ ਅਤੇ ਪਿਛਲੇ ਸਬੰਧ ਸਥਾਪਤ ਕਰਨ, ਪੂਰੇ ਨੈੱਟਵਰਕ ਦੀ ਪਛਾਣ ਕਰਨ ਅਤੇ ਪਹਿਲਾਂ ਬੇਨਕਾਬ ਕੀਤੇ ਗਏ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲਾਂ ਨਾਲ ਸੰਭਾਵਿਤ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

## ਵਿਦੇਸ਼ ਦਾ ਝਾਂਸਾ ਦੇ 21,10,000 ਰੁਪਏ ਦੀ ਠੱਗੀ ਮਾਰਨ ਵਾਲੇ 4 ਦੋਸ਼ੀਆਂ ਖਿਲਾਫ ਮਾਮਲਾ ਦਰਜ

ਗੁਰਦਾਸਪੁਰ 2 ਅਗਸਤ। ਪੁਰਾਣਾ ਸ਼ਾਲਾ ਪੁਲਸ ਨੇ ਵਿਦੇਸ਼ ਦਾ ਝਾਂਸਾ ਦੇ ਕੇ 21,10,000 ਰੁਪਏ ਦੀ ਠੱਗੀ ਮਾਰਨ ਵਾਲੇ 4 ਦੋਸ਼ੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਏ.ਐੱਸ.ਆਈ ਚੈਂਚਲ ਸਿੰਘ ਨੇ ਦੱਸਿਆ ਕਿ ਗੁਰਮੀਤ ਸਿੰਘ ਪੁੱਤਰ ਸੁਖਬੀਰ ਸਿੰਘ ਵਾਸੀ ਛੀਨਾ ਬੇਟ ਨੇ ਸ਼ਿਕਾਇਤ ਦਿੱਤੀ ਕਿ ਦੋਸ਼ੀ ਡੇਵਿਡ ਅਰੋੜਾ ਪੁੱਤਰ ਕੇਵਲ ਕੁਮਾਰ ਵਾਸੀ ਮੁਦਕੀ ਰੋਡ ਵਾਰਡ ਨੰਬਰ 12 ਬਾਘਾ ਪੁਰਾਣਾ , ਮੋਗਾ , ਮਨਦੀਪ ਕੌਰ, ਗੁਰਦੀਪ ਸਿੰਘ ਵਾਸੀ ਚੰਡੀਗੜ੍ਹ, ਅਵਿੰਦਰ ਸਿੰਘ ਪੁੱਤਰ ਅਮਰਦੀਪ ਸਿੰਘ ਵਾਸੀ ਸੈਕਟਰ 55, ਫੇਸ 1, ਐੱਸ.ਏ.ਐੱਸ ਨਗਰ ਨੇ ਉਸ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 21,10,000 ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਉਪ ਕਪਤਾਨ ਪੁਲਸ ਵੱਲੋਂ ਕਰਨ ਤੋਂ ਬਾਅਦ ਦੋਸ਼ੀ ਪਾਏ ਗਏ ਉਕਤ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ।

## 16 ਸਾਲਾ ਕੁੜੀ ਨਾਲ ਜਬਰ-ਜਨਾਹ ਦੇ ਦੋਸ਼ੀ ਨੂੰ ਅਦਾਲਤ ਵੱਲੋਂ 20 ਸਾਲ ਦੀ ਸਖ਼ਤ ਕੈਦ

ਪੰਚਕੂਲਾ 2 ਅਗਸਤ। 16 ਸਾਲਾ ਕੁੜੀ ਨਾਲ ਜਬਰ-ਜਨਾਹ ਦੇ ਦੋ ਸਾਲ ਪੁਰਾਣੇ ਮਾਮਲੇ ’ਚ ਪੰਚਕੂਲਾ ਦੀ ਸਪੈਸ਼ਲ ਫਾਸਟ ਟ?ਰੈਕ ਪੋਕਸੋ ਅਦਾਲਤ ਨੇ ਮੁਲਜ਼ਮ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਉਸਨੂੰ 20 ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਦੋਸ਼ੀ ’ਤੇ 50 ਹਜ਼ਾਰ ਰੁਪਏ ਜੁਰਮਾਨਾ ਵੀ ਲਗਾਇਆ ਹੈ। ਦੋਸ਼ੀ ਗਜਰਾਜ (26) ਮੂਲ ਰੂਪ ਨਾਲ ਉੱਤਰ ਪ੍ਰਦੇਸ਼ ਦੇ ਬਦਾਯੂੰ ਦੇ ਪਿੰਡ ਬਰਾਪ ਮਖਿਰਾ ਦਾ ਰਹਿਣ ਵਾਲਾ ਹੈ, ਜੋ ਮੌਜੂਦਾ ਸਮੇਂ ’ਚ ਕਾਲਕਾ ’ਚ ਕਿਰਾਏ ਦੇ ਮਕਾਨ ’ਚ ਰਹਿੰਦਾ ਹੈ। ਦੋਸ਼ੀ ਖ਼?ਲਾਫ਼ ਕਾਲਕਾ ਥਾਣਾ ਪੁਲਸ ਨੇ ਪੀੜਤਾ ਦੀ ਮਾਂ ਦੀ ਸ਼ਿਕਾਇਤ ’ਤੇ ਅਪ੍ਰੈਲ 2024 ਨੂੰ ਉਨ੍ਹਾਂ ਦੇ ਨਾਬਾਲਿਗ ਧੀ ਨਾਲ ਜਬਰਦਸਤੀ ਕਰਕੇ ਉਸਨੂੰ ਗਰਭਵਤੀ ਕਰਨ ਦੇ ਦੋਸ਼ ’ਚ ਪੋਕਸੋ ਐਕਟ ਅਤੇ ਹੋਰ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਸੀ। ਮਾਮਲੇ ਦੀ ਸੁਣਵਾਈ ਦੌਰਾਨ ਸਰਕਾਰੀ ਵਕੀਲ ਸੁਖਵਿੰਦਰ ਕੌਰ ਨੇ ਦਲੀਲ ਦਿੱਤੀ ਕਿ ਦੋਸ਼ੀ ਨੇ ਨਾਬਾਲਿਗ ਨੂੰ ਵਰਗਲਾ ਕੇ ਉਸ ਨਾਲ ਗੰਦਾ ਕੰਮ ਕੀਤਾ। ਦੋਸ਼ੀ ਨੇ ਗੰਭੀਰ ਅਪਰਾਧ ਨੂੰ ਅੰਜਾਮ ਦਿੱਤਾ ਹੈ, ਇਸ ਲਈ ਉਸਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ। ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਪੀੜਤਾ ਦੀ ਮਾਂ ਨੇ ਦੋਸ਼ ਲਗਾਇਆ ਸੀ ਕਿ ਉਸਦੇ ਪਤੀ ਦੀ ਮੌਤ ਹੋ ਚੁੱਕੀ ਹੈ ਤੇ ਉਨ੍ਹਾਂ ਦੇ ਤਿੰਨ ਧੀਆਂ ਤੇ ਇਕ ਪੁੱਤਰ ਹੈ। ਉਹ ਮਿਹਨਤ-ਮਜ਼ਦੂਰੀ ਕਰਕੇ ਪਰਿਵਾਰ ਨੂੰ ਪਾਲ ਰਹੀ ਹੈ। ਘਟਨਾ ਵਾਲੇ ਦਿਨ 10 ਅਪ੍ਰੈਲ ਨੂੰ ਉਨ੍ਹਾਂ ਦੀ 16 ਸਾਲਾ ਧੀ ਅਚਾਨਕ ਘਰੋਂ ਗਾਇਬ ਹੋ ਗਈ। ਉਹ ਨੌਂਵੀ ਜਮਾਤ ’ਚ ਪੜ੍ਹਦੀ ਹੈ। ਪੁਲਸ ਨੇ ਸ਼ਿਕਾਇਤ ਦੇ ਆਧਾਰ ’ਤੇ ਕੁੜੀ ਦੇ ਲਾਪਤਾ ਹੋਣਦਾ ਮਾਮਲਾ ਦਰਜ ਕੀਤਾ ਸੀ। ਜਾਂਚ ਦੌਰਾਨ 28 ਮਈ ਨੂੰ ਕੁੜੀ ਨੂੰ ਪੁਲਿਸ ਨੇ ਬਰਾਮਦ ਕੀਤਾ ਸੀ। ਉਸਦਾ ਮੈਡੀਕਲ ਕਰਵਾਉਣ ’ਤੇ ਕੁੜੀ 5 ਮਹੀਨਿਆਂ ਦੀ ਗਰਭਵਤੀ ਪਾਈ ਗਈ। ਇਸਤੋਂ ਬਾਅਦ ਕੁੜੀ ਕੋਲੋਂ ਪੁੱਛਗਿੱਛ ਕੀਤੀ ਗਈ

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother’s name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son’s name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son’s name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son’s name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son’s name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son’s service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁੱਖ ਮੁੱਦਿਆਂ ਦੇ ਹੱਲ ਲਈ ਟਰਾਂਸਪੋਰਟ ਅਤੇ ਮੁਲਾਜ਼ਮ ਯੂਨੀਅਨਾਂ ਨਾਲ ਉੱਚ ਪੱਧਰੀ ਮੀਟਿੰਗ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਟਰਾਂਸਪੋਰਟ ਅਤੇ ਜਨਤਕ ਖੇਤਰ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਜਾਇਜ਼ ਮੰਗਾਂ ਅਤੇ ਕੰਮਕਾਜੀ ਚੁਣੌਤੀਆਂ ਦੇ ਨਿਪਟਾਰੇ ਲਈ ਲੜੀਵਾਰ ਵਿਆਪਕ ਮੀਟਿੰਗਾਂ ਕੀਤੀਆਂ।

ਟਰਾਂਸਪੋਰਟ ਖੇਤਰ ਦੀਆਂ ਅਹਿਮ ਵਿਚਾਰ-ਵਟਾਂਦਰੇ ਦੌਰਾਨ, ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ 'ਪੰਜਾਬ ਸਟੇਟ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ' ਅਤੇ 'ਸਮਾਲ ਸਕੇਲ ਬੱਸ ਆਪ੍ਰੇਟਰਜ਼ ਐਸੋਸੀਏਸ਼ਨ' ਦੇ ਵਫ਼ਦਾਂ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਟਰਾਂਸਪੋਰਟ ਇੰਡਸਟਰੀ ਨੂੰ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਭਗਵੰਤ ਮਾਨ ਸਰਕਾਰ ਦੀ ਇਸ ਨੂੰ ਪੂਰਾ ਸਮਰਥਨ ਦੇਣ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਟਰਾਂਸਪੋਰਟ ਮੰਤਰੀ ਨੇ ਕਿਹਾ, ਪੰਜਾਬ ਸਰਕਾਰ ਟਰਾਂਸਪੋਰਟ ਖੇਤਰ ਦੀ ਮਦਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਦੋਵਾਂ ਐਸੋਸੀਏਸ਼ਨਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਸਮਾਂਬੱਧ ਤਰੀਕੇ ਨਾਲ ਹੱਲ ਕੀਤਾ ਜਾਵੇਗਾ।

ਪ੍ਰਸ਼ਾਸਕੀ ਪੱਧਰ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਲਈ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਕੱਤਰ ਟਰਾਂਸਪੋਰਟ ਵਰੁਣ ਰੂਜ਼ਮ ਅਤੇ ਸਟੇਟ ਟਰਾਂਸਪੋਰਟ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੂੰ ਨਿਰਦੇਸ਼ ਦਿੱਤੇ ਕਿ ਉਹ ਟਰਾਂਸਪੋਰਟ ਯੂਨੀਅਨਾਂ ਵੱਲੋਂ ਸੌਂਪੇ ਮੰਗ ਪੱਤਰਾਂ ਦੀ ਬਾਰੀਕੀ ਨਾਲ ਸਮੀਖਿਆ ਕਰਨ, ਉਨ੍ਹਾਂ ਦੇ ਮੁੱਖ ਮੁੱਦਿਆਂ ਦੇ ਠੋਸ ਹੱਲ ਤਿਆਰ ਕਰਨ ਅਤੇ ਮਸਲਿਆਂ ਨੂੰ ਅੰਤਿਮ ਰੂਪ ਦੇਣ ਲਈ ਜਲਦ ਤੋਂ ਜਲਦ ਅਗਲੀਆਂ ਮੀਟਿੰਗਾਂ ਕਰਨ।

ਟਰਾਂਸਪੋਰਟ ਖੇਤਰ ਦੀਆਂ ਮੀਟਿੰਗਾਂ ਤੋਂ ਇਲਾਵਾ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਦੇ ਮਸਲਿਆਂ ਲਈ ਬਣਾਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ 'ਜੀ.ਪੀ.ਡਬਲਯੂ. ਐਸ.ਸੀ. ਵਾਟਰ ਸਪਲਾਈ ਪੰਪ ਆਪ੍ਰੇਟਰ ਐਸੋਸੀਏਸ਼ਨ ਪੰਜਾਬ', 'ਐਨ.ਐਚ.ਐਮ. ਇੰਪਲਾਈਜ਼ ਯੂਨੀਅਨ', 'ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ' ਅਤੇ 'ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ' ਦੇ ਨੁਮਾਇੰਦਿਆਂ ਨਾਲ ਵੀ ਵਿਆਪਕ ਵਿਚਾਰ-ਵਟਾਂਦਰਾ ਕੀਤਾ।

ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਦਾ ਜਵਾਬ ਦਿੰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਪੰਜਾਬ ਸਰਕਾਰ ਤੁਹਾਡੀਆਂ ਮੰਗਾਂ ਨੂੰ ਪੂਰੀ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਸਮੇਂ ਸਿਰ ਰਾਹਤ ਦੇਣ ਲਈ ਜ਼ਰੂਰੀ ਕਦਮਾਂ ਦੀ ਸਰਗਰਮੀ ਨਾਲ ਸਮੀਖਿਆ ਕੀਤੀ ਜਾ ਰਹੀ ਹੈ।

ਇਨ੍ਹਾਂ ਮੀਟਿੰਗਾਂ ਦੌਰਾਨ ਪੰਜਾਬ ਸਟੇਟ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ ਵੱਲੋਂ ਚਰਨ ਸਿੰਘ ਲਾਹੌਰੀਆ, ਜੇ.ਪੀ. ਅਗਰਵਾਲ, ਬਲਰਾਜ ਸ਼ਰਮਾ, ਕਾਮਰੇਡ ਪ੍ਰੇਮ ਸਿੰਘ ਬਨੂੜ ਅਤੇ ਸ਼ਮਿੰਦਰ ਸਿੰਘ ਬਰਾੜ; ਸਮਾਲ ਸਕੇਲ ਬੱਸ ਆਪ੍ਰੇਟਰਜ਼ ਐਸੋਸੀਏਸ਼ਨ ਵੱਲੋਂ ਦਰਸ਼ਨ ਸਿੰਘ, ਸੰਦੀਪ ਸ਼ਰਮਾ, ਜਗਰੂਪ ਸਿੰਘ ਅਤੇ ਬਰਿੰਦਰ ਸਿੰਘ; ਜੀ.ਪੀ.ਡਬਲਯੂ.ਐਸ.ਸੀ. ਵਾਟਰ ਸਪਲਾਈ ਪੰਪ ਆਪ੍ਰੇਟਰ ਐਸੋਸੀਏਸ਼ਨ ਵੱਲੋਂ ਬੇਅੰਤ ਸਿੰਘ ਅਤੇ ਅਵਤਾਰ ਸਿੰਘ; ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਵੱਲੋਂ ਸੰਦੀਪ ਕੌਰ, ਜਸਵੀਰ ਸਿੰਘ ਅਤੇ ਡਾ. ਵਾਹਿਦ ਮੁਹੰਮਦ; ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਵੱਲੋਂ ਗੁਰਜਿੰਦਰ ਸਿੰਘ ਔਲਖ, ਹਰਮਨਦੀਪ ਸਿੰਘ ਸਿੱਧੂ ਅਤੇ ਨਜ਼ਰ ਸਿੰਘ; ਅਤੇ ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਵੱਲੋਂ ਸ਼ਿੰਦਰਪਾਲ ਸਿੰਘ ਅਤੇ ਜਗਤਾਰ ਸਿੰਘ ਨੇ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕੀਤੀਆਂ।

# ਪ੍ਰਸ਼ਾਸਕ ਨੇ 'ਹੋਲਾ ਮਹੱਲਾ' ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਵਿਖੇ ਉਦਘਾਟਨ ਕੀਤਾ



**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਸੈਕਟਰ 10, ਚੰਡੀਗੜ੍ਹ ਵਿਖੇ 'ਹੋਲਾ ਮਹੱਲਾ' ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ। ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਅਤੇ ਚੰਡੀਗੜ੍ਹ ਲਲਿਤ ਕਲਾ ਅਕਾਦਮੀ ਦੁਆਰਾ ਸੰਯੁਕਤ ਤੌਰ 'ਤੇ ਆਯੋਜਿਤ ਇਹ ਪ੍ਰਦਰਸ਼ਨੀ 15 ਸਤੰਬਰ, 2026 ਤੱਕ ਰੋਜ਼ਾਨਾ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਜਨਤਾ ਲਈ ਖੁੱਲ੍ਹੀ ਰਹੇਗੀ।

ਇਸ ਅਵਸਰ 'ਤੇ ਪ੍ਰਸ਼ਾਸਕ ਦੇ ਨਾਲ ਸ਼੍ਰੀ ਮਨਦੀਪ ਸਿੰਘ ਬਰਾੜ, ਗ੍ਰਹਿ ਸਕੱਤਰ; ਡਾ. ਸਈਦ ਆਬਿਦ ਰਸ਼ੀਦ ਸ਼ਾਹ, ਸਕੱਤਰ, ਸੱਭਿਆਚਾਰਕ ਮਾਮਲੇ; ਸੁਸ਼੍ਰੀ ਈਸ਼ਾ ਕੰਬੋਜ, ਡਾਇਰੈਕਟਰ, ਸੱਭਿਆਚਾਰ ਮਾਮਲੇ; ਅਤੇ ਸ਼੍ਰੀ ਭੀਮ ਮਲਹੋਤਰਾ, ਚੇਅਰਮੈਨ, ਚੰਡੀਗੜ੍ਹ ਲਲਿਤ ਕਲਾ ਅਕਾਦਮੀ ਉਪਸਥਿਤ ਰਹੇ।

ਪ੍ਰਸ਼ਾਸਕ ਨੇ ਕਿਹਾ ਕਿ ਭਾਰਤ ਦੀ ਸੱਭਿਆਚਾਰਕ ਵਿਰਾਸਤ ਸਾਡੀ ਅਨਮੋਲ ਧਰੋਹਰ ਹੈ ਅਤੇ ਹੋਲਾ ਮੁਹੱਲਾ ਜਿਹੀ ਪ੍ਰਦਰਸ਼ਨੀ ਫੋਟੋਗ੍ਰਾਫੀ ਦੇ ਸਸ਼ਕਤ ਮਾਧਿਅਮ ਨਾਲ ਦੇਸ਼ ਦੀਆਂ ਸਮ੍ਰਿੱਧ ਪਰੰਪਰਾਵਾਂ ਦੀ ਸੰਭਾਲ਼ ਅਤੇ ਸੰਵਰਧਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪਹਿਲਾਂ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਪ੍ਰਭਾਵੀ ਮਾਧਿਅਮ ਹਨ।

ਪ੍ਰਸਿੱਧ ਫੋਟੋਗ੍ਰਾਫਰ ਸ਼੍ਰੀ ਸੰਜੈ ਦਾਸ ਦੇ ਕਾਰਜਾਂ ਦੀ ਸ਼ਲਾਘਾ ਕਰਦੇ ਹੋਏ, ਪ੍ਰਸ਼ਾਸਕ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਭਾਰਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਦੇ ਦਸਤਾਵੇਜ਼ੀਕਰਨ ਪ੍ਰਤੀ ਉਨ੍ਹਾਂ ਦੀ ਦਹਾਕਿਆਂ ਪੁਰਾਣੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਤਸਵੀਰਾਂ ਹੋਲਾ ਮੁਹੱਲਾ ਦੀਆਂ ਜੀਵੰਤ ਪਰੰਪਰਾਵਾਂ, ਬੀਰਤਾ ਦੀ ਭਾਵਨਾ, ਅਧਿਆਤਮਿਕ ਆਸਥਾ ਅਤੇ ਸਮੁਦਾਇਕ ਜੀਵਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਸਤੁਤ ਕਰਦੀਆਂ ਹਨ ਅਤੇ ਸਸ਼ਕਤ ਵਿਜ਼ੂਅਲ ਸਟੋਰੀ ਟੈਲਿੰਗ ਦੇ ਜ਼ਰੀਏ ਇਸ ਜੀਵੰਤ ਵਿਰਾਸਤ ਨੂੰ ਸੁਰੱਖਿਅਤ ਰੱਖਦੀਆਂ ਹਨ।

ਪ੍ਰਸ਼ਾਸਕ ਨੇ ਉੱਘੇ ਕਲਾ ਇਤਿਹਾਸਕਾਰ, ਕਿਊਰੇਟਰ ਅਤੇ ਆਲੋਚਕ ਡਾ. ਸੀਮਾ ਭੱਲਾ ਜਿਨ੍ਹਾਂ ਨੂੰ ਰਾਜਾ ਰਵੀ ਵਰਮਾ ਪੁਰਸਕਾਰ (2023) ਨਾਲ ਸਨਮਾਨਿਤ ਕੀਤਾ ਜਾ ਚੁੱਕਿਆ ਹੈ, ਦੇ ਕਿਊਰੇਟੋਰੀਅਲ ਵਿਜ਼ਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਹੋਲਾ ਮੁਹੱਲਾ ਦੀ ਉਨ੍ਹਾਂ ਦੀ ਵਿਚਾਰਪੂਰਨ ਕਿਊਰੇਸ਼ਨ ਇਸ ਤਿਉਹਾਰ ਦੀਆਂ ਪਰੰਪਰਾਵਾਂ, ਕਲਾਤਮਕ ਪ੍ਰਗਟਾਵੇ ਅਤੇ ਆਰਕੀਟੈਕਚਰਲ ਸੈਟਿੰਗਾਂ ਨੂੰ ਇੱਕ ਪ੍ਰਭਾਵਸ਼ਾਲੀ ਵਿਜ਼ੂਅਲ ਨੈਰੇਟਿਵ ਵਿੱਚ ਪਿਰੋਂਦੀ ਹੈ, ਜਿਸ ਨਾਲ ਸੈਲਾਨੀਆਂ ਨੂੰ ਇਸ ਦੀ ਇਤਿਹਾਸਿਕ, ਸੱਭਿਆਚਾਰਕ ਅਤੇ ਅਧਿਆਤਮਿਕ ਮਹੱਤਤਾ ਨੂੰ ਨੇੜਿਓਂ ਸਮਝਣ ਦਾ ਅਵਸਰ ਮਿਲਦਾ ਹੈ।

ਇਹ ਪ੍ਰਦਰਸ਼ਨੀ ਹੋਲਾ ਮੁਹੱਲਾ ਦੀ ਜੀਵੰਤ ਭਾਵਨਾ ਨੂੰ ਇੱਕ ਆਕਰਸ਼ਕ ਵਿਜ਼ੂਅਲ ਜਰਨੀ ਦੇ ਜ਼ਰੀਏ ਪ੍ਰਸਤੁਤ ਕਰਦੀ ਹੈ ਅਤੇ ਸਾਹਸ, ਸਮਰਪਣ, ਮਾਰਸ਼ਲ ਹੈਰੀਟੇਜ ਅਤੇ ਸਮੁਦਾਇਕ ਸਹਿਭਾਗਿਤਾ ਦੀਆਂ ਗੌਰਵਸ਼ਾਲੀ ਪਰੰਪਰਾਵਾਂ ਦਾ ਉਤਸਵ ਮਨਾਉਂਦੀ ਹੈ।

# ਪਿਛਲੇ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਨਹੀਂ ਹੋਇਆ: ਭਗਵੰਤ ਸਿੰਘ ਮਾਨ

**➢ ਬਿਨਾਂ ਕਿਸੇ ਪੈਸੇ, ਫ਼ਰਮਾਇਸ਼ ਅਤੇ ਪੇਪਰ ਲੀਕ ਤੋਂ ਮੈਂ ਪੰਜਾਬ ਦੇ 69,000 ਨੌਜਵਾਨਾਂ ਨੂੰ ਨਿਰੋਲ ਯੋਗਤਾ ਦੇ ਅਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ ➢ ਭਾਜਪਾ ਮਿਹਨਤੀ ਪੰਜਾਬੀਆਂ ਦੀ ਸਾਖ ਨੂੰ ਢਾਹ ਲਗਾਉਣ ਲਈ ਝੂਠੇ ਦੋਸ਼ ਲਗਾ ਰਹੀ ਹੈ ➢ ਰਾਜਨੀਤਿਕ ਹਿੱਤਾਂ ਲਈ ਪੰਜਾਬੀਆਂ ਨੂੰ ਬਦਨਾਮ ਕਰਨ ਸਬੰਧੀ ਭਾਜਪਾ ਦੀ ਰਾਜਨੀਤੀ ਉਸ ਨੂੰ ਮਹਿੰਗੀ ਪਵੇਗੀ**

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਝੂਠੇ ਪੇਪਰ ਲੀਕ ਦੇ ਦੋਸ਼ਾਂ ਰਾਹੀਂ ਪੰਜਾਬ ਅਤੇ ਇਸ ਦੇ ਮਿਹਨਤੀ ਨੌਜਵਾਨਾਂ ਦੀ ਸਾਖ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕਰਨ 'ਤੇ ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਰੜੇ ਹੱਥੀਂ ਲੈਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬਿਨਾਂ ਕਿਸੇ ਪੈਸੇ, ਫ਼ਰਮਾਇਸ਼ ਅਤੇ ਪੇਪਰ ਲੀਕ ਤੋਂ ਸਿਰਫ਼ ਯੋਗਤਾ ਦੇ ਅਧਾਰ 'ਤੇ 69,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਆਪਣੀ ਸੰਸਦ ਫੇਰੀ ਦੌਰਾਨ ਮੁੱਖ ਮੰਤਰੀ ਨੇ ਲੋਕ ਸਭਾ ਸਪੀਕਰ ਓਮ ਬਿਰਲਾ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਅਤੇ ਹੋਰ ਸੰਸਦ ਮੈਂਬਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੂੰ ਰਾਜਨੀਤਿਕ ਲਾਭ ਲਈ ਪੰਜਾਬੀਆਂ ਨੂੰ ਬਦਨਾਮ ਕਰਨਾ ਬੰਦ ਕਰਨਾ ਚਾਹੀਦਾ ਹੈ ਅਤੇ ਇਸ ਦੀ ਬਜਾਏ ਉਨ੍ਹਾਂ ਨਾਲ ਆਪਣੀ ਰਾਜਨੀਤਿਕ ਲੜਾਈ ਲੜਨੀ ਚਾਹੀਦੀ ਹੈ।

ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਤੰਤਰ ਦੀ ਖੂਬਸੂਰਤੀ ਇਹ ਹੈ ਕਿ ਲੋਕਾਂ ਨੂੰ ਇੱਕ ਦੂਜੇ ਨਾਲ ਮਿਲਦੇ ਰਹਿਣਾ ਚਾਹੀਦਾ ਹੈ ਅਤੇ ਗੱਲਬਾਤ ਕਰਦੇ ਰਹਿਣਾ ਚਾਹੀਦਾ ਹੈ। ਰਾਜਨੀਤੀ ਵਿੱਚ ਮਤਭੇਦ ਹੋਣਾ ਸੁਭਾਵਿਕ ਹੈ ਅਤੇ ਇਹ ਮਤਭੇਦ ਹਮੇਸ਼ਾ ਰਹਿਣਗੇ ਪਰ ਇਹਨਾਂ ਨੂੰ ਦਿਲਾਂ ਅੰਦਰ ਘਰ ਨਹੀਂ ਕਰਨ ਦੇਣਾ ਚਾਹੀਦਾ।

ਪੇਪਰ ਲੀਕ ਬਾਰੇ ਵਿਰੋਧੀ ਧਿਰ ਦੇ ਦੋਸ਼ਾਂ ਦਾ ਹਵਾਲਾ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੇ ਸੱਤਾ ਦੇ ਸਾਢੇ ਚਾਰ ਸਾਲ ਪੂਰੇ ਕਰ ਲਏ ਹਨ, ਪਰ ਇਸ ਸਮੇਂ ਦੌਰਾਨ ਪੰਜਾਬ ਵਿੱਚ ਇੱਕ ਵੀ ਪ੍ਰੀਖਿਆ ਪੇਪਰ ਲੀਕ ਨਹੀਂ ਹੋਇਆ।

ਉਨ੍ਹਾਂ ਕਿਹਾ, ਕੁਝ ਦਿਨ ਪਹਿਲਾਂ ਸਾਨੂੰ ਫਾਰਮੇਸੀ ਪ੍ਰੀਖਿਆ ਦੌਰਾਨ ਨਕਲ ਦੀ ਕੋਸ਼ਿਸ਼ ਬਾਰੇ ਪਤਾ ਲੱਗਾ ਸੀ। ਪ੍ਰੀਖਿਆ ਸਵੇਰੇ 11 ਵਜੇ ਸ਼ੁਰੂ ਹੋਈ ਸੀ ਅਤੇ 11:15 ਵਜੇ ਤੱਕ ਅਸੀਂ ਪਾਇਆ ਕਿ ਇੱਕ ਉਮੀਦਵਾਰ ਬਲੂਟੁੱਥ-ਵਾਲੇ ਪੈੱਨ ਰਾਹੀਂ ਪ੍ਰਸ਼ਨ ਪੱਤਰ ਨੂੰ ਸਕੈਨ ਕਰਕੇ ਬਾਹਰ ਬੈਠੇ ਲੋਕਾਂ ਤੋਂ ਈਅਰਪੀਸ ਰਾਹੀਂ ਉੱਤਰ ਪ੍ਰਾਪਤ ਕਰ ਰਿਹਾ ਸੀ। ਪੰਜਾਬ ਪੁਲਿਸ ਨੇ ਤੁਰੰਤ ਕਾਰਵਾਈ ਕੀਤੀ, ਬਾਹਰੋਂ ਕੰਮ ਕਰ ਰਹੇ 11 ਮੈਂਬਰੀ ਗਿਰੋਹ ਸਮੇਤ 10 ਉਮੀਦਵਾਰਾਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ। ਪੰਜਾਬ ਸਰਕਾਰ ਵੱਲੋਂ ਬਿਨਾਂ ਕਿਸੇ ਪੈਸੇ ਅਤੇ ਫ਼ਰਮਾਇਸ਼ ਤੋਂ, ਸਿਰਫ਼ ਯੋਗਤਾ ਦੇ ਅਧਾਰ 'ਤੇ ਨੌਕਰੀਆਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

ਵਿਰੋਧੀ ਧਿਰ ਵੱਲੋਂ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ, ਸਭ ਤੋਂ ਪਹਿਲਾਂ, ਫਾਰਮੇਸੀ ਪ੍ਰੀਖਿਆ ਸਿੱਖਿਆ ਵਿਭਾਗ ਦੇ ਅਧੀਨ ਨਹੀਂ ਆਉਂਦੀ, ਸਗੋਂ ਸਿਹਤ ਵਿਭਾਗ ਦੇ ਅਧੀਨ ਆਉਂਦੀ ਸੀ। ਸਿਹਤ ਮੰਤਰੀ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਕੋਈ ਪੇਪਰ ਲੀਕ ਨਹੀਂ ਹੋਇਆ ਸੀ।

ਇਹ ਸਿਰਫ਼ ਨਕਲ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸਨੂੰ ਤੁਰੰਤ ਰੋਕ ਦਿੱਤਾ ਗਿਆ ਅਤੇ ਪ੍ਰੀਖਿਆ ਸਫਲਤਾਪੂਰਵਕ ਸਮਾਪਤ ਹੋਈ। ਪੰਜਾਬ ਵਿੱਚ ਪੇਪਰ ਲੀਕ ਨਹੀਂ ਹੋ ਸਕਦੇ।

ਅਕਾਲੀ ਦਲ 'ਤੇ ਨਿਸ਼ਾਨਾਂ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ ਦਾ ਹੁਣ ਪੰਜਾਬ ਵਿੱਚ ਕੋਈ ਵਜੂਦ ਨਹੀਂ ਰਿਹਾ। ਹੁਣ ਉਨ੍ਹਾਂ ਕੋਲ ਕਿੰਨਾ ਸਮਰਥਨ ਹੈ? ਭਾਜਪਾ ਦੀ ਗੱਲ ਕਰੀਏ ਤਾਂ ਸੰਸਦ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਤੋਂ ਪਹਿਲਾਂ ਉਸ ਨੂੰ ਪਹਿਲਾਂ ਜੰਤਰ-ਮੰਤਰ ਵੱਲ ਧਿਆਨ ਦੇਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ, ਮੈਂ ਇੱਕ ਵੀ ਰੁਪਿਆ ਲਏ ਬਿਨਾਂ ਅਤੇ ਸਿਰਫ਼ ਯੋਗਤਾ ਦੇ ਆਧਾਰ 'ਤੇ 68,855 ਸਰਕਾਰੀ ਨੌਕਰੀਆਂ ਦੇ ਕੇ ਲੋਕਾਂ ਵਿੱਚ ਵਿਚਰ ਰਿਹਾ ਹਾਂ। ਭਰਤੀ ਵਿੱਚ ਧੋਖਾਧੜੀ ਅਤੇ ਭ੍ਰਿਸ਼ਟਾਚਾਰ ਪੰਜਾਬ ਵਿੱਚ ਬੀਤੇ ਸਮੇਂ ਦੀਆਂ ਕਹਾਣੀਆਂ ਬਣ ਗਈਆਂ ਹਨ। ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੂੰ 'ਝਾੜੂ' ਦੀ ਚਿੰਤਾ ਕਰਨ ਦੀ ਬਜਾਏ ਪਹਿਲਾਂ ਆਪਣੀ ਪਾਰਟੀ ਬਾਰੇ ਸੋਚਣਾ ਚਾਹੀਦਾ ਹੈ।

# ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵਲੋਂ ਛਾਪੇਮਾਰੀ, ਭੀਖ ਮੰਗਦੀਆਂ ਦੋ ਬੱਚੀਆਂ ਛੁਡਾਈਆਂ

**ਜਲੰਧਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪੱਧਰੀ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵੱਲੋਂ ਅੱਜ ਵੱਖ-ਵੱਖ ਥਾਈਂ ਛਾਪੇਮਾਰੀ ਦੌਰਾਨ ਭੀਖ ਮੰਗਦੀਆਂ ਦੋ ਬੱਚੀਆਂ ਨੂੰ ਰੈਸਕਿਊ ਕੀਤਾ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੇ ਭਾਰਤੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਵਿਭਾਗ ਵੱਲੋਂ ਜਾਰੀ ਹਦਾਇਤਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦੇ ਨਿਰਦੇਸ਼ਾਂ ਅਨੁਸਾਰ ਪ੍ਰਾਜੈਕਟ ਜੀਵਨਜੋਤ 2.0 ਤਹਿਤ ਭੀਖ ਮੰਗਦੇ ਬੱਚਿਆਂ ਨੂੰ ਰੈਸਕਿਊ ਕਰਨ ਲਈ ਛਾਪੇਮਾਰੀ ਕੀਤੀ ਗਈ ਸੀ, ਜਿਸ ਦੌਰਾਨ ਕਰੀਬ 5 ਤੇ 6 ਸਾਲ ਉਮਰ ਦੀਆਂ ਦੋ ਬੱਚੀਆਂ ਨੂੰ ਗੀਤਾ ਮੰਦਿਰ, ਮਾਡਲ ਟਾਊਨ, ਜਲੰਧਰ ਨੇੜਿਓਂ ਰੈਸਕਿਊ ਕੀਤਾ ਗਿਆ ਹੈ।



ਉਨ੍ਹਾਂ ਦੱਸਿਆ ਕਿ ਬੱਚੀਆਂ ਨੂੰ ਥਾਣਾ ਡਵੀਜ਼ਨ ਨੰ. 6 ਵਿਖੇ ਡੀ.ਡੀ.ਆਰ ਕਰਵਾ ਕੇ ਬਾਲ ਭਲਾਈ ਕਮੇਟੀ, ਜਲੰਧਰ ਵਿਖੇ ਪੇਸ਼ ਕੀਤਾ ਗਿਆ ਅਤੇ ਬਾਲ ਭਲਾਈ ਕਮੇਟੀ ਵੱਲੋਂ ਬੱਚੀਆਂ ਨੂੰ ਨਾਰੀ ਨਿਕੇਤਨ, ਜਲੰਧਰ ਵਿਖੇ ਸ਼ੈਲਟਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਬੱਚੀਆਂ ਦੇ ਮੁੜ ਵਸੇਬੇ ਅਤੇ ਪੜ੍ਹਾਈ ਲਈ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ-ਸਮੇਂ 'ਤੇ ਆਮ ਲੋਕਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ ਬਾਰੇ, ਬਾਲ ਮਜ਼ਦੂਰੀ, ਬਾਲ ਭਿੱਖਿਆ, ਬੱਚਿਆਂ ਨਾਲ ਛੇੜਛਾੜ ਅਤੇ ਜਿਨਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਜਾਗਰੂਕ ਵੀ ਕੀਤਾ ਜਾਂਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਬਾਲ ਭਿੱਖਿਆ, ਕਿਸੇ ਵੀ ਮੁਸੀਬਤ ਵਿੱਚ ਫਸੇ ਬੱਚੇ ਬਾਰੇ ਜਾਣਕਾਰੀ ਮਿਲਦੀ ਹੈ, ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 'ਤੇ ਜਾਂ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ, ਗਾਂਧੀ ਵਨੀਤਾ ਆਸ਼ਰਮ ਵਿਖੇ ਸੰਪਰਕ ਕਰ ਸਕਦੇ ਹਨ।

ਰੈਸਕਿਊ ਟੀਮ ਵਿੱਚ ਲੀਗਲ ਕਮ ਪ੍ਰੋਬੇਸ਼ਨ ਅਫਸਰ ਸੰਦੀਪ ਕੁਮਾਰ, ਸੋਸ਼ਲ ਵਰਕਰ ਰੈਨੂੰ ਬਾਲਾ ਅਤੇ ਕਮਲਪ੍ਰੀਤ ਕੌਰ, ਆਊਟ ਰੀਚ ਵਰਕਰ ਗੌਰਵ ਕੁਮਾਰ ਸਮੇਤ ਕਮਿਸ਼ਨਰੇਟ ਪੁਲਿਸ, ਜਲੰਧਰ ਦੇ ਮਹਿਲਾ ਥਾਣਾ ਦੀ ਟੀਮ ਵੀ ਮੌਜੂਦ ਸੀ।

# ਵਿਦਿਆਰਥੀਆਂ ਦਾ ਸੰਘਰਸ਼ ਭਵਿੱਖੀ ਪੀੜ੍ਹੀਆਂ ਵੱਲੋਂ ਰੋਸ ਦੇ ਰੁੱਖ ਵਜੋਂ ਯਾਦ ਰੱਖਿਆ ਜਾਵੇਗਾ: ਕੁਲਤਾਰ ਸਿੰਘ ਸੰਧਵਾਂ

**➢ ਸੈਕਟਰ 66-ਏ, ਮੋਹਾਲੀ ਸਥਿਤ 'ਸਟੋਰੀਲਾਈਨ ਮੋਂਟੇਸਰੀ ਐਂਡ ਕੈਫੇ' ਦਾ ਕੀਤਾ ਦੌਰਾ; ਬਾਲ-ਕੇਂਦਰਿਤ ਨਿਵੇਕਲੇ ਸੰਕਲਪ ਦੀ ਕੀਤੀ ਸ਼ਲਾਘਾ ➢ ਮੌਜੂਦਾ ਕਾਰਜਕਾਲ ਦੌਰਾਨ ਪੰਜਾਬ ਵਿਧਾਨ ਸਭਾ ਨੇ ਹਮੇਸ਼ਾ ਪੰਜਾਬ ਦੇ ਲੋਕਾਂ ਦੇ ਹੱਕਾਂ ਅਤੇ ਹਿਤਾਂ ਵਿੱਚ ਹੀ ਫ਼ੈਸਲੇ ਕੀਤੇ**

**ਮੁਹਾਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਹਾਲ ਹੀ ਵਿੱਚ ਵਿਦਿਆਰਥੀਆਂ ਵੱਲੋਂ ਕੀਤਾ ਗਿਆ ਸੰਘਰਸ਼ ਭਵਿੱਖੀ ਪੀੜ੍ਹੀਆਂ ਵੱਲੋਂ ਭਾਰਤ ਦੇ ਇਤਿਹਾਸ ਵਿੱਚ ਰੋਸ ਦੇ ਰੁੱਖ (Tree of Resistance) ਵਜੋਂ ਯਾਦ ਰੱਖਿਆ ਜਾਵੇਗਾ।

ਸੈਕਟਰ 66-ਏ, ਮੋਹਾਲੀ ਵਿਖੇ ਸਥਿਤ 'ਸਟੋਰੀਲਾਈਨ ਮੋਂਟੇਸਰੀ ਐਂਡ ਕੈਫੇ' ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਸੰਧਵਾਂ ਨੇ ਕਿਹਾ ਕਿ ਇਹ ਸੰਘਰਸ਼ ਦੇ ਬੀਜ ਕੁਝ ਸਾਲ ਪਹਿਲਾਂ ਕਿਸਾਨਾਂ ਵੱਲੋਂ ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ ਕੀਤੇ ਗਏ ਇਤਿਹਾਸਕ ਅੰਦੋਲਨ ਦੌਰਾਨ ਬੀਜੇ ਗਏ ਸਨ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਅੰਦੋਲਨ ਦੇਸ਼ ਦੇ ਨੌਜਵਾਨਾਂ ਦੀ ਜਾਗਰੂਕਤਾ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸੰਘਰਸ਼ ਨੇ ਕਈ ਲੁਕੇ ਹੋਏ ਮੁੱਦਿਆਂ ਨੂੰ ਵੀ ਸਾਹਮਣੇ ਲਿਆਂਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਸ. ਕੁਲਵੰਤ ਸਿੰਘ ਪੰਡੋਰੀ ਅਤੇ ਸ. ਮਨਜਿੰਦਰ ਸਿੰਘ ਲਾਲਪੁਰਾ ਵੀ ਮੌਜੂਦ ਸਨ। ਸਪੀਕਰ ਨੇ ਮੋਂਟੇਸਰੀ ਸਕੂਲ ਅਤੇ ਕੈਫੇ ਦਾ ਦੌਰਾ ਕਰਦਿਆਂ ਸੰਸਥਾ ਦੇ ਪ੍ਰਬੰਧਕਾਂ ਸ. ਗੁਰਪ੍ਰੀਤ ਸਿੰਘ ਬਰਾੜ, ਸ. ਹਰਸ਼ੇਰ ਸਿੰਘ ਸਿੱਧੂ ਅਤੇ ਸ. ਦਵਿੰਦਰ ਸਿੰਘ ਬਰਾੜ ਨਾਲ ਗੱਲਬਾਤ ਕੀਤੀ। ਉਨ੍ਹਾਂ ਬੱਚਿਆਂ ਲਈ ਸੁਰੱਖਿਅਤ, ਸਿਰਜਣਾਤਮਕ ਅਤੇ ਪਰਿਵਾਰਕ ਮਾਹੌਲ ਪ੍ਰਦਾਨ ਕਰਨ ਦੇ ਇਸ ਨਿਵੇਕਲੇ ਸੰਕਲਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼ੁਰੂਆਤੀ ਬਾਲ ਸਿੱਖਿਆ ਨੂੰ ਪਰਿਵਾਰ-ਕੇਂਦਰਿਤ ਕੈਫੇ ਦੇ ਵਿਚਾਰ ਨਾਲ ਜੋੜਨਾ ਇੱਕ ਪ੍ਰੇਰਨਾਦਾਇਕ ਪਹਿਲ ਹੈ।

ਉਨ੍ਹਾਂ ਕਿਹਾ ਕਿ ਇਹ ਸੰਸਥਾ ਬੱਚਿਆਂ ਨੂੰ ਰਚਨਾਤਮਕਤਾ, ਕਹਾਣੀਆਂ ਅਤੇ ਅਨੁਭਵ-ਅਧਾਰਿਤ ਗਤੀਵਿਧੀਆਂ ਰਾਹੀਂ ਸਿੱਖਣ ਦੇ ਮੌਕੇ ਪ੍ਰਦਾਨ ਕਰਦੀ ਹੈ, ਜਦਕਿ ਮਾਪਿਆਂ ਅਤੇ ਬੱਚਿਆਂ ਨੂੰ ਇਕੱਠੇ ਗੁਣਵੱਤਾ ਭਰਿਆ ਸਮਾਂ ਬਿਤਾਉਣ ਲਈ ਵੀ ਉਤਸ਼ਾਹਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਨਵੇਂ ਸਿੱਖਿਆ ਮਾਡਲ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸ. ਸੰਧਵਾਂ ਨੇ ਕਿਹਾ ਕਿ ਦੋ ਤੋਂ ਪੰਜ ਸਾਲ ਦੀ ਉਮਰ ਦੇ ਬੱਚਿਆਂ ਲਈ ਸ਼ੁਰੂ ਕੀਤਾ ਗਿਆ ਇਹ ਮੋਂਟੇਸਰੀ ਸਕੂਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਅਤੇ ਸਹੀ ਪਰਵਰਿਸ਼ ਲਈ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਲਗਭਗ 35 ਬੱਚਿਆਂ ਦਾ ਦਾਖਲਾ ਹੋਣਾ ਇਸ ਸੰਕਲਪ ਦੀ ਲੋਕਪ੍ਰਿਯਤਾ ਅਤੇ ਸਫ਼ਲਤਾ ਦਾ ਪ੍ਰਮਾਣ ਹੈ।

ਉਨ੍ਹਾਂ ਕਿਹਾ ਕਿ ਇੱਥੇ ਬੱਚਿਆਂ ਨੂੰ ਮੋਬਾਈਲ ਫੋਨ ਅਤੇ ਟੈਲੀਵਿਜ਼ਨ ਦੀਆਂ ਸਕ੍ਰੀਨਾਂ ਤੋਂ ਦੂਰ ਰੱਖਦਿਆਂ ਇੱਕ ਅਜਿਹਾ ਮਾਹੌਲ ਦਿੱਤਾ ਜਾਂਦਾ ਹੈ, ਜਿੱਥੇ ਉਹ ਖੁਦਮੁਖਤਿਆਰੀ, ਆਤਮ-ਵਿਸ਼ਵਾਸ, ਟੀਮ ਵਰਕ, ਰਚਨਾਤਮਕ ਸੋਚ ਅਤੇ ਜੀਵਨ ਨਾਲ ਜੁੜੇ ਹੋਰ ਮਹੱਤਵਪੂਰਨ ਹੁਨਰ ਕੁਦਰਤੀ ਢੰਗ ਨਾਲ ਸਿੱਖਦੇ ਹਨ।

ਇਸ ਦੌਰਾਨ ਸਟੋਰੀਲਾਈਨ ਦੀ ਪ੍ਰਬੰਧਕੀ ਟੀਮ ਨੇ ਆਪਣੇ ਵਿਜ਼ਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਅਜਿਹਾ ਪਾਲਣ-ਪੋਸ਼ਣ ਵਾਲਾ ਮਾਹੌਲ ਤਿਆਰ ਕਰਨਾ ਹੈ, ਜਿੱਥੇ ਬੱਚੇ ਸਿੱਖਣ, ਖੋਜ ਕਰਨ ਅਤੇ ਵਿਕਾਸ ਕਰਨ ਦੇ ਨਾਲ-ਨਾਲ ਪਰਿਵਾਰ ਵੀ ਇਕੱਠੇ ਗੁਣਵੱਤਾ ਭਰਿਆ ਸਮਾਂ ਬਿਤਾ ਸਕਣ। ਪ੍ਰਬੰਧਕਾਂ ਨੇ ਸ. ਸੰਧਵਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਸੰਸਥਾ ਲਈ ਪ੍ਰੇਰਨਾਦਾਇਕ ਹੈ। ਉਨ੍ਹਾਂ ਪੰਜਾਬ ਦੇ ਬੱਚਿਆਂ ਅਤੇ ਪਰਿਵਾਰਾਂ ਨੂੰ ਉੱਚ ਪੱਧਰੀ ਸ਼ੁਰੂਆਤੀ ਸਿੱਖਿਆ ਅਤੇ ਬਿਹਤਰ ਤਜਰਬੇ ਮੁਹੱਈਆ ਕਰਵਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

# ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਮਸਤੂਆਣਾ ਸਾਹਿਬ ਵਿਖੇ ਟੇਕਿਆ ਮੱਥਾ, ਸੰਗਤਾਂ ਵੱਲੋਂ ਨਿੱਘਾ ਸਵਾਗਤ



**ਸੰਗਰੂਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅੱਜ ਸੰਗਰੂਰ ਦੇ ਪ੍ਰਸਿੱਧ ਧਾਰਮਿਕ ਅਸਥਾਨ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕਾਂ, ਭਾਜਪਾ ਦੇ ਸਥਾਨਕ ਆਗੂਆਂ ਅਤੇ ਵਰਕਰਾਂ ਵੱਲੋਂ ਕੇਵਲ ਸਿੰਘ ਢਿੱਲੋਂ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਅਤੇ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ। ਸੰਗਤਾਂ ਨੇ ਵੀ ਉਨ੍ਹਾਂ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ। ਦੌਰੇ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਹਾਜ਼ਰ ਸੰਗਤਾਂ ਅਤੇ ਪਾਰਟੀ ਵਰਕਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵੱਡੀ ਗਿਣਤੀ ਵਿੱਚ ਭਾਜਪਾ ਆਗੂ, ਵਰਕਰ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਰਹੀਆਂ।

ਮਸਤੂਆਣਾ ਸਾਹਿਬ ਵਿਖੇ ਹੋਏ ਇਸ ਦੌਰੇ ਦੌਰਾਨ ਭਾਜਪਾ ਵਰਕਰਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਮਾਗਮ ਸ਼ਰਧਾ ਅਤੇ ਸਾਦਗੀ ਭਰੇ ਮਾਹੌਲ ਵਿੱਚ ਸੰਪੰਨ ਹੋਇਆ।

# ਸਵਰਗੀ ਸ੍ਰੀ ਪ੍ਰਲਾਦ ਸਿੰਘ ਚੌਹਾਨ ਸ਼ਰਧਾਂਜਲੀ ਸਭਾ ਅਤੇ ਭੋਗ ਅੱਜ

**ਪਟਿਆਲਾ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰੰਗ ਮੰਚ ਅਤੇ ਨ੍ਰਿਤ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਪ੍ਰਸਿੱਧ ਕਲਾਕਾਰ ਸੁਨੀਲ ਚੌਹਾਨ ਦੇ ਪਿਤਾ ਸਵਰਗੀ ਸ੍ਰੀ ਪ੍ਰਲਾਦ ਚੌਹਾਨ ਦੀ ਮਿੱਠੀ ਯਾਦ ਵਿੱਚ ਸ਼ਰਧਾਂਜਲੀ ਸਭਾ ਅਤੇ ਭੋਗ ਅੱਜ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਉੱਤਰਾਂਚਲੀ ਧਰਮਸ਼ਾਲਾ, ਆਦਰਸ਼ ਨਗਰ ਕਲੋਨੀ, ਥਾਪਰ ਕਾਲਜ ਦੇ ਨੇੜੇ ਸੰਪੰਨ ਹੋਵੇਗਾ।

ਚੌਹਾਨ ਪਰਿਵਾਰ ਵੱਲੋਂ ਉਹਨਾਂ ਦੀ ਯਾਦ ਵਿੱਚ ਰੱਖੇ ਗਏ ਸ਼ਰਧਾਂਜਲੀ ਸਭਾ ਅਤੇ ਭੋਗ ਵਿੱਚ ਸ਼ਾਮਿਲ ਹੋਣ ਦੇ ਲਈ ਆਪਣੇ ਨਜ਼ਦੀਕੀ ਰਿਸ਼ਤੇਦਾਰ ਅਤੇ ਮਿੱਤਰਾ, ਦੋਸਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਸਾਰੇ ਉਹ ਸ਼ਾਮਿਲ ਹੋ ਕੇ ਸਵਰਗੀ ਸ੍ਰੀ ਪ੍ਰਹਲਾਦ ਸਿੰਘ ਚੌਹਾਨ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਚੌਹਾਨ ਪਰਿਵਾਰ ਨੂੰ ਆਪਣੀਆਂ ਸੰਵੇਦਨਾਵਾਂ ਪ੍ਰਗਟ ਕਰਨ।

# ਰੋਟਰੀ ਕਲੱਬ ਮੋਰਿੰਡਾ ਵੱਲੋਂ ਵਣ ਮਹਾ ਉਤਸਵ ਮਨਾਇਆ ਗਿਆ

**ਮੋਰਿੰਡਾ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਮੋਰਿੰਡਾ ਵਲੋਂ ਮਾਤਾ ਪ੍ਰਸਿੰਨੀ ਦੇਵੀ ਸਕੂਲ ਵਿਖੇ ਵਣ ਮਹਾਂ ਉਤਸਵ ਮਨਾਇਆ ਗਿਆ। ਐਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਨਿਰਮਲ ਕੁਮਾਰ ਧੀਮਾਨ ਨੇ. ਦੱਸਿਆ ਕਿ ਐਸ ਸਮੇਂ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ.। ਕਲੱਬ ਵਲੋਂ 250 ਬੂਟੇ ਲਗਾਉਣ ਦਾ ਟੀਚਾ ਮਿਥੀਆਂ ਗਿਆ। ਇਸ ਮੌਕੇ ਕਰਨਲ ਮਲਕੀਤ ਸਿੰਘ ਵਲੋਂ ਹਰ ਇੱਕ ਮਨੁੱਖ ਨੂੰ ਇੱਕ ਬੂਟਾ ਲਗਾਉਣ ਅਤੇ ਉਸ ਦੀ ਸਾਂਭ ਸੰਭਾਲ ਕਰਨ ਦੀ ਜਿੰਮੇਵਾਰੀ ਲੈਣ ਦੀ ਪ੍ਰੇਰਨਾ ਦਿੱਤੀ ਗਈ ਤਾਂ ਜੋ ਵਾਤਾਵਰਨ ਸ਼ੁੱਧ ਹੋ ਸਕੇ, ਪੰਛੀਆਂ ਲਈ ਰੈਣ ਬਸੇਰੇ ਬਣ ਸਕਣ ਅਤੇ ਆਲਮੀ ਤਪਸ਼ ਘਟ ਸਕੇ।ਇਸ ਮੌਕੇ ਸਕੂਲ ਦੇ ਮੈਨੇਜਰ ਰਮਨ ਕੌਲ, ਪ੍ਰਧਾਨ ਧਰਮਵੀਰ ਸੈਣੀ, ਪ੍ਰਿੰਸੀਪਲ ਪੁਨੀਤ ਧੀਮਾਨ, ਰੋਟਰੀ ਕਲੱਬ ਦੇ ਪ੍ਰਧਾਨ ਰਜਨੀਸ਼ ਭਾਟੀਆ, ਸਕੱਤਰ ਮਨਜੀਤ ਭਾਟੀਆ, ਅਵਤਾਰ ਸਿੰਘ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਡਾ ਨਿਰਮਲ ਕੁਮਾਰ ਧੀਮਾਨ ਨੇ ਦੱਸਿਆ ਅਗਲੇ ਪੜ੍ਹਾਅ ਵਿੱਚ ਆਰਮੀ ਗਰਾਉਂਡ ਮੋਰਿੰਡਾ ਵਿਖੇ ਬੂਟੇ ਲਗਾਏ ਜਾਣਗੇ।




# ਜਸਵੰਤ ਸਿੰਘ ਖਾਲੜਾ ਦੇ ਕਾਤਲ ਅਜੇ ਵੀ ਆਜ਼ਾਦ: ਪਰਮਜੀਤ ਕੌਰ ਖਾਲੜਾ ਨੇ 'ਆਪ' ਸਰਕਾਰ 'ਤੇ ਚੁੱਕੇ ਸਵਾਲ

**ਸਾਬਕਾ ਡੀਐੱਸਪੀ ਜਸਪਾਲ ਸਿੰਘ ਤੇ ਹੋਰ ਪੁਲਿਸ ਮੁਲਾਜ਼ਮਾਂ ਦੀ ਰਿਹਾਈ 'ਤੇ ਸਿਆਸਤ ਗਰਮਾਈ**

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਨੁੱਖੀ ਅਧਿਕਾਰ ਕਾਰਕੁੰਨ ਜਸਵੰਤ ਸਿੰਘ ਖਾਲੜਾ ਦੀ ਪਤਨੀ ਪਰਮਜੀਤ ਕੌਰ ਖਾਲੜਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਅਤੇ ਸਬ-ਇੰਸਪੈਕਟਰਾਂ ਸਤਨਾਮ ਸਿੰਘ ਤੇ ਜਸਬੀਰ ਸਿੰਘ ਦੀ ਮੌਜੂਦਗੀ ਬਾਰੇ ਸਵਾਲ ਪੁੱਛ ਕੇ ਆਮ ਆਦਮੀ ਪਾਰਟੀ ਸਰਕਾਰ ਨੂੰ ਘੇਰੇ ਵਿੱਚ ਲਿਆ ਹੈ। ਇਹ ਪੁਲੀਸ ਅਧਿਕਾਰੀ ਖਾਲੜਾ ਦੇ ਅਗਵਾ ਅਤੇ ਕਸਟਡੀ ਵਿੱਚ ਹੋਏ ਕਤਲ ਦੇ ਦੋਸ਼ੀ ਹਨ।




ਫ਼ਿਲਮ 'ਸਤਲੁਜ' ਨਾਲ ਜੁੜੇ ਵਿਵਾਦ ਦਰਮਿਆਨ ਖਾਲੜਾ ਕਤਲ ਕੇਸ ਦੇ ਦੋਸ਼ੀਆਂ 'ਤੇ ਇੱਕ ਵਾਰ ਫਿਰ ਚਰਚਾ ਛਿੜ ਗਈ ਹੈ। ਜਿੱਥੇ 26 ਮਈ 2023 ਨੂੰ ਨਾਭਾ ਓਪਨ ਏਅਰ ਜੇਲ੍ਹ ਤੋਂ ਰਿਹਾਅ ਹੋਏ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਦੇ ਥਾਂ-ਪਤੇ ਬਾਰੇ ਅਜੇ ਵੀ ਕੋਈ ਜਾਣਕਾਰੀ ਨਹੀਂ ਹੈ, ਉੱਥੇ ਹੀ ਸੂਬਾ ਸਰਕਾਰ ਦਾ ਦਾਅਵਾ ਹੈ ਕਿ ਭਗਵੰਤ ਮਾਨ ਸਰਕਾਰ ਨੇ ਇਸ ਕੇਸ ਦੇ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਨਾਲ ਜੁੜੀ ਕਿਸੇ ਫਾਈਲ 'ਤੇ ਦਸਤਖ਼ਤ ਨਹੀਂ ਕੀਤੇ ਹਨ।

ਜ਼ਿਕਰਯੋਗ ਹੈ ਕਿ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਅਤੇ ਹੋਰ ਪੁਲੀਸ ਵਾਲਿਆਂ ਨੂੰ 2005 ਵਿੱਚ ਸੀ.ਬੀ.ਆਈ. (329) ਅਦਾਲਤ ਨੇ ਦੋਸ਼ੀ ਠਹਿਰਾਉਂਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ ਸੀ, ਜਿਸ ਨੂੰ 2007 ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ 2011 ਵਿੱਚ ਸੁਪਰੀਮ ਕੋਰਟ ਨੇ ਵੀ ਬਰਕਰਾਰ ਰੱਖਿਆ ਸੀ। ਉਹ ਮਈ 2023 ਵਿੱਚ ਅੰਤਰਿਮ ਜ਼ਮਾਨਤ 'ਤੇ ਬਾਹਰ ਆਇਆ ਸੀ। ਇਸ ਕੇਸ ਵਿੱਚ ਦੋਸ਼ੀ ਠਹਿਰਾਏ ਗਏ 8 ਪੁਲੀਸ ਮੁਲਾਜ਼ਮਾਂ ਵਿੱਚੋਂ ਚਾਰ ਦੀ ਮੌਤ ਹੋ ਚੁੱਕੀ ਹੈ, ਤਿੰਨ ਜ਼ਮਾਨਤ/ਪੈਰੋਲ 'ਤੇ ਬਾਹਰ ਹਨ ਅਤੇ ਇੱਕ ਅਜੇ ਵੀ ਜੇਲ੍ਹ ਵਿੱਚ ਹੈ।

ਇਸ ਮਾਮਲੇ 'ਤੇ 'ਆਪ' ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸਪੱਸ਼ਟੀਕਰਨ ਦਿੰਦਿਆਂ ਕਿਹਾ, ਇਸ ਕੇਸ ਵਿੱਚ 8 ਦੋਸ਼ੀ ਸਨ, ਜਿਨ੍ਹਾਂ ਵਿੱਚੋਂ 4 ਦੀ ਮੌਤ ਹੋ ਚੁੱਕੀ ਹੈ। ਬਚੇ ਹੋਏ ਦੋਸ਼ੀਆਂ ਵਿੱਚ ਜਸਪਾਲ ਸਿੰਘ, ਸਤਨਾਮ ਸਿੰਘ, ਸੁਰਿੰਦਰ ਸਿੰਘ ਅਤੇ ਜਸਬੀਰ ਸਿੰਘ ਸ਼ਾਮਲ ਹਨ। ਇਨ੍ਹਾਂ ਵਿੱਚੋਂ ਜਸਪਾਲ ਸਿੰਘ ਸਭ ਤੋਂ ਸੀਨੀਅਰ ਸੀ। ਉਨ੍ਹਾਂ ਦੱਸਿਆ ਕਿ ਇਸ ਵੇਲੇ ਜਸਪਾਲ ਸਿੰਘ, ਸਤਨਾਮ ਸਿੰਘ ਅਤੇ ਜਸਬੀਰ ਸਿੰਘ ਜ਼ਮਾਨਤ/ਪੈਰੋਲ 'ਤੇ ਹਨ, ਜਦੋਂਕਿ ਸੁਰਿੰਦਰ ਸਿੰਘ ਅਜੇ ਵੀ ਹਿਰਾਸਤ 'ਚ ਹੈ।

ਪੰਨੂ ਨੇ ਆਰਟੀਕਲ ਅਤੇ ਕਾਨੂੰਨੀ ਨਿਯਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਮਾਮਲਾ ਸੀ.ਬੀ.ਆਈ. ਵੱਲੋਂ ਇਨਵੈਸਟੀਗੇਟ ਕੀਤਾ ਗਿਆ ਸੀ। BNSS, 2023 ਦੀ ਧਾਰਾ 477 (ਜੋ ਪਹਿਲਾਂ CrPC ਦੀ ਧਾਰਾ 435 ਸੀ) ਤਹਿਤ ਸੀ.ਬੀ.ਆਈ. ਕੇਸਾਂ ਵਿੱਚ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦਾ ਅਧਿਕਾਰ ਸੂਬਾ ਸਰਕਾਰ ਕੋਲ ਨਹੀਂ, ਸਗੋਂ ਕੇਂਦਰੀ ਗ੍ਰਹਿ ਮੰਤਰਾਲੇ ($81) ਕੋਲ ਹੁੰਦਾ ਹੈ। ਜਸਪਾਲ ਸਿੰਘ ਨੇ 2017 ਵਿੱਚ ਰਿਹਾਈ ਲਈ ਅਰਜ਼ੀ ਦਿੱਤੀ ਸੀ ਜਿਸ ਨੂੰ ਕੇਂਦਰ ਅਤੇ ਬਾਅਦ ਵਿੱਚ 2018 ਵਿੱਚ ਰਾਜਪਾਲ ਨੇ ਰੱਦ ਕਰ ਦਿੱਤਾ ਸੀ।

ਉਨ੍ਹਾਂ ਅੱਗੇ ਦੱਸਿਆ ਕਿ 2019 ਵਿੱਚ ਕਾਂਗਰਸ ਸਰਕਾਰ ਵੇਲੇ ਵੀ ਇਹ ਮਾਮਲਾ ਕੇਂਦਰ ਨੂੰ ਭੇਜਿਆ ਗਿਆ ਸੀ। ਬਾਕੀ ਦੋਸ਼ੀਆਂ ਦੀਆਂ ਅਰਜ਼ੀਆਂ ਨੂੰ ਵੀ ਕੇਂਦਰੀ ਗ੍ਰਹਿ ਮੰਤਰਾਲੇ ਨੇ ਮਾਰਚ 2023 ਵਿੱਚ ਰੱਦ ਕਰ ਦਿੱਤਾ ਸੀ। ਅਕਤੂਬਰ 2023 ਵਿੱਚ ਮਾਮਲਾ ਮੁੜ ਕੇਂਦਰ ਨੂੰ ਭੇਜਿਆ ਗਿਆ ਸੀ, ਪਰ ਉਸ ਤੋਂ ਬਾਅਦ ਕੇਂਦਰੀ ਮੰਤਰਾਲੇ ਵੱਲੋਂ ਪੰਜਾਬ ਸਰਕਾਰ ਨੂੰ ਕੋਈ ਪ੍ਰਸਤਾਵ ਜਾਂ ਅਰਜ਼ੀ ਵਾਪਸ ਨਹੀਂ ਭੇਜੀ ਗਈ।

# ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜੀਂਦ ਦੇ ਉਝਾਣਾ ਪਿੰਡ ਵਿੱਚ ਆਯੋਜਿਤ ਮੂਰਤੀ ਪ੍ਰਣ ਪ੍ਰਤਿਸ਼ਠਾ ਸਮਾਰੋਹ ਵਿੱਚ ਕੀਤੀ ਸ਼ਿਰਕਤ

**ਜੀਂਦ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ-ਮਹਾਪੁਰਖਾਂ ਦਾ ਜੀਵਨ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੁੰਦਾ ਹੈ। ਉਨ੍ਹਾਂ ਦੇ ਆਦਰਸ਼ ਮਨੁੱਖਤਾ, ਸੇਵਾ, ਭਾਈਚਾਰਾ ਅਤੇ ਰਾਸ਼ਟਰ ਨਿਰਮਾਣ ਦਾ ਸੰਦੇਸ਼ ਦਿੰਦੇ ਹਨ। ਮੌਜੂਦਾ ਪੀੜ੍ਹੀ ਨੂੰ ਉਨ੍ਹਾਂ ਦੇ ਜੀਵਨ ਮੁੱਲਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ, ਤਾਂ ਜੋ ਸਮਾਜ ਵਿੱਚ ਸਦਭਾਵਨਾ ਅਤੇ ਸੰਸਕਾਰਾਂ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।




ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਗੱਲ ਸੋਮਵਾਰ ਨੂੰ ਜੀਂਦ ਜ਼ਿਲ੍ਹੇ ਦੇ ਪਿੰਡ ਉਝਾਣਾ ਵਿੱਚ ਸ੍ਰੀ ਸ੍ਰੀ 1008 ਸਿੱਧ ਬਾਬਾ ਖਾਕ ਨਾਥ ਜੀ ਮਹਾਰਾਜ ਦੇ ਨਵ-ਨਿਰਮਾਣਤ ਸਮਾਧੀ ਅਸਥਾਨ ਉੱਤੇ ਆਯੋਜਿਤ ਮੂਰਤੀ ਪ੍ਰਣ ਪ੍ਰਤਿਸ਼ਠਾ ਸਮਾਰੋਹ ਨੂੰ ਸੰਬੋਧਿਤ ਕਰਦਿਆਂ ਕਹੀ। ਇਸ ਮੌਕੇ ਹਰਿਆਣਾ ਦੇ ਕੈਬਨਿਟ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ, ਹਰਿਆਣਾ ਵਿਧਾਨਸਭਾ ਦੇ ਡਿਪਟੀ ਸਪੀਕਰ ਡਾ. ਕ੍ਰਿਸ਼ਨ ਲਾਲ ਮਿਢਾ, ਰੋਹਤਕ ਸਥਿਤ ਮੱਠ ਅਸਥਲ ਬੋਹਰ ਦੇ ਮਹੰਤ ਅਤੇ ਰਾਜਸਥਾਨ ਦੇ ਤਿਜਾਰਾ ਤੋਂ ਵਿਧਾਇਕ ਮਹੰਤ ਬਾਲਕ ਨਾਥ, ਉਝਾਣਾ ਮੱਠ ਦੇ ਮਹੰਤ ਰਾਜ ਨਾਥ, ਮਹੰਤ ਪੂਰਨ ਨਾਥ ਸਮੇਤ ਅਨੇਕਾਂ ਪਤਵੰਤੇ ਮੌਜੂਦ ਸਨ।

ਪਿੰਡ ਵਾਸੀਆਂ ਦੀ ਮੰਗ ’ਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਉਝਾਣਾ ਵਿੱਚ ਕਮਿਊਨਿਟੀ ਸੈਂਟਰ ਦੇ ਨਿਰਮਾਣ ਲਈ ਇੱਕ ਕਰੋੜ ਰੁਪਏ ਅਤੇ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ 51 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੇਂਡੂਆਂ ਦੀ ਮੰਗ ਅਨੁਸਾਰ ਪਿੰਡ ਵਿੱਚ ਸੜਕ ਨਿਰਮਾਣ, ਕੁੰਡ ਤਾਲਾਬ ਦੇ ਨਵੀਨੀਕਰਣ, ਪਾਣੀ ਨਿਕਾਸੀ ਦਾ ਸਥਾਈ ਹੱਲ ਅਤੇ ਪਿੰਡ ਦੇ ਸਕੂਲ ਵਿੱਚ ਸਾਇੰਸ ਫੈਕਲਟੀ ਸ਼ੁਰੂ ਕਰਵਾਈ ਜਾਵੇਗੀ। ਇਸ ਮੌਕੇ ਮੁੱਖ ਮੰਤਰੀ ਨੇ ਮੰਦਰ ਵਿੱਚ ਮੱਥਾ ਟੇਕਿਆ ਅਤੇ ਯੱਗ ਵਿੱਚ ਪੂਰਨਾਹੁਤੀ ਦਿੱਤੀ ਅਤੇ ਝੰਡਾ ਲਹਿਰਾਉਣ ਦੀ ਰਸਮ ਵੀ ਅਦਾ ਕੀਤੀ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਿਸੇ ਮਹਾਪੁਰਸ਼ਾਂ ਦੀ ਮੂਰਤੀ ਦੀ ਪ੍ਰਣ-ਪ੍ਰਤਿਸ਼ਠਾ ਦਾ ਅਰਥ ਸਿਰਫ਼ ਵਿਧੀ-ਵਿਧਾਨ ਨਾਲ ਪੂਜਾ ਸੰਪੰਨ ਕਰਵਾਉਣਾ ਨਹੀਂ ਹੁੰਦਾ, ਸਗੋਂ ਆਪਣੇ ਜੀਵਨ ਵਿੱਚ ਸ਼ਰਧਾ ਨੂੰ ਪ੍ਰਤਿਸ਼ਠਿਤ ਕਰਨਾ, ਆਪਣੇ ਆਚਰਣ ਵਿੱਚ ਸੱਚ ਨੂੰ ਅਪਨਾਉਣਾ, ਆਪਣੇ ਵਿਵਹਾਰ ਵਿੱਚ ਦਇਆ ਪੈਦਾ ਕਰਨਾ ਅਤੇ ਸਮਾਜ ਵਿੱਚ ਸੇਵਾ ਅਤੇ ਸਦਭਾਵਨਾ ਨੂੰ ਪ੍ਰਤਿਸ਼ਠਿਤ ਕਰਨਾ ਹੈ। ਉਨ੍ਹਾਂ ਖੁਸ਼ੀ ਜ਼ਾਹਰ ਕੀਤੀ ਕਿ ਉਝਾਣਾ ਦਾ ਪਾਵਨ ਮੱਠ ਲਗਭਗ 600 ਸਾਲਾਂ ਤੋਂ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਸਭ ਤੋਂ ਵੱਡੀ ਤਾਕਤ ਸਾਡੀ ਅਧਿਆਤਮਿਕ ਪਰੰਪਰਾ ਵਿੱਚ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਉਝਾਣਾ ਦੇ ਧਾਮ ਵੱਲੋਂ ਗਊਸ਼ਾਲਾ ਚਲਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗਊਸ਼ਾਲਾ ਭਾਰਤੀ ਸੱਭਿਆਚਾਰ ਦੀ ਦਇਆ ਅਤੇ ਸੰਵੇਦਨਾ ਦਾ ਜਿਉਂਦਾ-ਜਾਗਦਾ ਪ੍ਰਤੀਕ ਹੈ। ਸਾਡੀ ਪਰੰਪਰਾ ਵਿੱਚ ਗਊ-ਸੇਵਾ ਧਾਰਮਿਕ ਆਸਥਾ ਹੋਣ ਦੇ ਨਾਲ-ਨਾਲ ਸੱਭਿਆਚਾਰਕ ਜ਼ਿੰਮੇਵਾਰੀ ਵੀ ਹੈ। ਕੁਦਰਤ ਅਤੇ ਗਊਮਾਤਾ ਦੀ ਰੱਖਿਆ ਅਤੇ ਸਨਮਾਨ ਦੀ ਸੱਭਿਆਚਾਰ ਹੀ ਭਾਰਤ ਨੂੰ ਵਿਸ਼ਵ ਗੁਰੂ ਬਣਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੰਤਾਂ ਨੇ ਹਮੇਸ਼ਾ ਸਮਾਜ ਨੂੰ ਲਾਮਬੰਦ ਕਰਨ, ਮਨੁੱਖੀ ਸੇਵਾ ਅਤੇ ਅਧਿਆਤਮਿਕ ਚੇਤਨਾ ਦਾ ਸੰਦੇਸ਼ ਦਿੱਤਾ ਹੈ। ਜਦੋਂ-ਜਦੋਂ ਸਮਾਜ ਭਟਕਿਆ ਹੈ, ਉਦੋਂ-ਉਦੋਂ ਸੰਤਾਂ ਨੇ ਦੀਵਾ ਬਣ ਕੇ ਸਮਾਜ ਨੂੰ ਨਵੀਂ ਰੌਸ਼ਨੀ ਦਿਖਾਈ ਹੈ। ਸੰਤਾਂ ਦੁਆਰਾ ਦੱਸੇ ਮਾਰਗ ’ਤੇ ਚੱਲ ਕੇ ਹੀ ਮਜ਼ਬੂਤ ਅਤੇ ਸਭਿਅਕ ਸਮਾਜ ਦਾ ਨਿਰਮਾਣ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਸੰਤ-ਮਹਾਪੁਰਖਾਂ ਦੇ ਵਿਚਾਰਾਂ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਰਾਜ ਸਰਕਾਰ ਨੇ ‘ਸੰਤ ਮਹਾਪੁਰਖ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ’ ਸ਼ੁਰੂ ਕੀਤੀ ਹੈ, ਜਿਸ ਰਾਹੀਂ ਮਹਾਪੁਰਖਾਂ ਦੀਆਂ ਜਯੰਤੀਆਂ ਅਤੇ ਯਾਦਗਾਰੀ ਦਿਵਸ ਵਿਆਪਕ ਪੱਧਰ ’ਤੇ ਮਨਾਏ ਜਾ ਰਹੇ ਹਨ, ਤਾਂ ਜੋ ਨਵੀਂ ਪੀੜ੍ਹੀ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਆਪਣੀ ਸੱਭਿਆਚਾਰਕ ਵਿਰਾਸਤ ਅਤੇ ਅਧਿਆਤਮਿਕ ਮੁੱਲਾਂ ਨੂੰ ਨਵੀਂ ਪਛਾਣ ਦਿਵਾਉਣ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ। ਅਯੁੱਧਿਆ ਵਿੱਚ ਸ਼੍ਰੀ ਰਾਮ ਮੰਦਰ ਦਾ ਨਿਰਮਾਣ, ਕਾਸ਼ੀ ਵਿਸ਼ਵਨਾਥ ਧਾਮ ਅਤੇ ਮਹਾਕਾਲ ਲੋਕ ਵਰਗੇ ਕੰਮ ਭਾਰਤ ਦੀ ਸੱਭਿਆਚਾਰਕ ਚੇਤਨਾ ਨੂੰ ਨਵੀਂ ਊਰਜਾ ਪ੍ਰਦਾਨ ਕਰ ਰਹੇ ਹਨ। ਮੋਦੀ ਜੀ ਦੀ ਅਗਵਾਈ ਵਿੱਚ ਜਿੱਥੇ ਇੱਕ ਪਾਸੇ ਦੇਸ਼ ਵਿੱਚ ਆਧੁਨਿਕ ਢਾਂਚੇ ਅਤੇ ਸਹੂਲਤਾਂ ਦਾ ਵਿਸਥਾਰ ਹੋ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਸਾਡੀਆਂ ਪ੍ਰਾਚੀਨ ਅਧਿਆਤਮਿਕ ਪਰੰਪਰਾਵਾਂ ਨਿਖਰ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਸਮੇਂ ਲਏ ਗਏ 217 ਸੰਕਲਪਾਂ ਵਿੱਚੋਂ ਡੇਢ ਸਾਲ ਦੇ ਸਮੇਂ ਵਿੱਚ 66 ਸੰਕਲਪ ਪੂਰੇ ਕੀਤੇ ਜਾ ਚੁੱਕੇ ਹਨ, ਜਦਕਿ ਬਾਕੀ ਸੰਕਲਪਾਂ ਨੂੰ ਪੂਰਾ ਕਰਨ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਭਾਜਪਾ ਦੇ ਤੀਜੇ ਕਾਰਜਕਾਲ ਵਿੱਚ ਹਰਿਆਣਾ ਵਿੱਚ ਦੇਸ਼ ਦੇ ਹੋਰ ਰਾਜਾਂ ਦੇ ਮੁਕਾਬਲੇ ਸਭ ਤੋਂ ਵੱਧ ਫ਼ਸਲਾਂ ਘੱਟੋ-ਘੱਟ ਸਮਰਥਨ ਮੁੱਲ ’ਤੇ ਖਰੀਦੀਆਂ ਜਾ ਰਹੀਆਂ ਹਨ, ਲਾਡੋ ਲੱਛਮੀ ਯੋਜਨਾ ਤਹਿਤ ਔਰਤਾਂ ਨੂੰ 2100 ਰੁਪਏ ਪ੍ਰਤੀ ਮਹੀਨਾ ਸਹਾਇਤਾ ਦਿੱਤੀ ਜਾ ਰਹੀ ਹੈ, ਗਰੀਬ ਔਰਤਾਂ ਦੀ ਰਸੋਈ ਵਿੱਚ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ਹੈ, ਮਰੀਜ਼ਾਂ ਲਈ ਮੁਫ਼ਤ ਡਾਇਲਿਸਿਸ ਅਤੇ ਜ਼ਿਲ੍ਹਾ ਹਸਪਤਾਲਾਂ ਦੇ ਨਵੀਨੀਕਰਨ ਅਤੇ ਨਵੇਂ ਮੈਡੀਕਲ ਕਾਲਜ ਖੋਲ੍ਹਣ ਦਾ ਕੰਮ ਹਰਿਆਣਾ ਵਿੱਚ ਤੇਜ਼ੀ ਨਾਲ ਕਰਵਾਇਆ ਜਾ ਰਿਹਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਦੇ ਹਰੇਕ ਨਾਗਰਿਕ ਦੀ ਭਲਾਈ ਅਤੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਸਰਕਾਰ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਵਿਕਾਸ ਦੀ ਨੀਤੀ ’ਤੇ ਕੰਮ ਕਰ ਰਹੀ ਹੈ ਅਤੇ ਪ੍ਰਦੇਸ਼ ਵਿੱਚ ਪਾਰਦਰਸ਼ੀ ਅਤੇ ਲੋਕਪੱਖੀ ਸ਼ਾਸਨ ਪ੍ਰਣਾਲੀ ਸਥਾਪਿਤ ਕੀਤੀ ਗਈ ਹੈ। ਮੁੱਖ ਮੰਤਰੀ ਨੇ ਸ਼ਰਧਾਲੂਆਂ ਨੂੰ ਸ੍ਰੀ ਸ੍ਰੀ 1008 ਸਿੱਧ ਬਾਬਾ ਖਾਕ ਨਾਥ ਜੀ ਮਹਾਰਾਜ ਦੀ ਮੂਰਤੀ ਪ੍ਰਣ ਪ੍ਰਤਿਸ਼ਠਾ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਜਿਹੇ ਆਯੋਜਨ ਸਮਾਜ ਵਿੱਚ ਅਧਿਆਤਮਿਕ ਚੇਤਨਾ, ਸਮਾਜਿਕ ਭਾਈਚਾਰਕ ਅਤੇ ਸੱਭਿਆਚਾਰਕ ਮੁੱਲਾਂ ਨੂੰ ਮਜ਼ਬੂਤ ਕਰਨ ਦਾ ਕੰਮ ਕਰਦੇ ਹਨ। ਉਨ੍ਹਾਂ ਹਾਜ਼ਰੀਨ ਨੂੰ ਸੰਤਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ, ਵਾਤਾਵਰਣ ਸੁਰੱਖਿਆ, ਗਊ-ਸੇਵਾ, ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

**ਸੰਤ ਸਮਾਜ ਦੇ ਮਹਾਪੁਰਖ ਅਤੇ ਮੁੱਖ ਮੰਤਰੀ ਦਾ ਇੱਕਠੇ ਹੋਣਾ ਅਦਭੁਤ ਸੰਗਮ - ਕ੍ਰਿਸ਼ਨ ਬੇਦੀ**

ਕੈਬਨਿਟ ਮੰਤਰੀ ਕ੍ਰਿਸ਼ਨ ਬੇਦੀ ਨੇ ਕਿਹਾ ਕਿ ਜੀਂਦ ਦੀ ਧਰਤੀ ’ਤੇ ਆਯੋਜਿਤ ਇਹ ਧਾਰਮਿਕ ਪ੍ਰੋਗਰਾਮ ਵਿਸ਼ੇਸ਼ ਸ਼ੁਭ ਮੁਹੂਰਤ ਵਿੱਚ ਬਣਿਆ ਹੈ। ਅੱਜ ਸਾਡੇ ਸਭ ਦਾ ਇਹ ਸੁਭਾਗ ਹੈ ਕਿ ਅਸੀਂ ਸਭ ਆਪਣੇ ਸੰਤ ਸਮਾਜ ਦੇ ਮਹਾਪੁਰਖਾਂ ਅਤੇ ਪ੍ਰਦੇਸ਼ ਦੇ ਮੁੱਖ ਸੇਵਕ ਯਾਨੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਇੱਕੋ ਸਮੇਂ ਦੇਖ ਪਾ ਰਹੇ ਹਾਂ। ਸੇਵਕ ਅਤੇ ਸੰਤ ਦੋਵਾਂ ਦੇ ਇੱਕੋ ਮੰਚ ’ਤੇ ਦਰਸ਼ਨ ਹੋਣਾ ਸੁਭਾਗ ਦੀ ਗੱਲ ਹੁੰਦੀ ਹੈ। ਇਹ ਸੰਗਮ ਪ੍ਰਦੇਸ਼ ਵਿੱਚ ਵਿਕਾਸ, ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਦੀ ਬਹਾਰ ਨੂੰ ਹੋਰ ਤੇਜ਼ ਕਰਨ ਵਾਲਾ ਹੈ।

**ਹਰਿਆਣਾ ਦੇ ਮੁੱਖ ਮੰਤਰੀ ਦੀ ਸਰਲਤਾ ਅਤੇ ਕਾਰਜਸ਼ੈਲੀ ਤੋਂ ਸਾਰੇ ਪ੍ਰਭਾਵਿਤ: ਡਾ. ਕ੍ਰਿਸ਼ਨ ਮਿਢਾ**

ਹਰਿਆਣਾ ਵਿਧਾਨ ਸਭਾ ਦੇ ਡਿਪਟੀ ਸਪੀਕਰ ਡਾ. ਕ੍ਰਿਸ਼ਨ ਮਿਢਾ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਦੇਸ਼ ਦੇ ਹਰ ਪਰਿਵਾਰ ਦੀ ਲੋੜਾਂ ਅਨੁਸਾਰ ਯੋਜਨਾਵਾਂ ਅਤੇ ਨੀਤੀਆਂ ਲਾਗੂ ਕੀਤੀਆਂ ਹਨ। ਸਰਕਾਰ ਵੱਲੋਂ ਲੋੜਵੰਦ ਲੋਕਾਂ ਤੱਕ ਯੋਜਨਾਵਾਂ ਅਤੇ ਨੀਤੀਆਂ ਦਾ ਲਾਭ ਪਹੁੰਚਾਇਆ ਜਾ ਰਿਹਾ ਹੈ। ਪ੍ਰਦੇਸ਼ ਵਿੱਚ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ’ਤੇ ਬਿਨਾਂ ਖਰਚੀ-ਬਿਨਾਂ ਪਰਚੀ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਦੇ ਇਸ ਕੰਮ ਦੀ ਪੂਰੇ ਦੇਸ਼ ਵਿੱਚ ਚਰਚਾ ਹੋ ਰਹੀ ਹੈ। ਦੂਜੇ ਰਾਜਾਂ ਦੇ ਮੁੱਖ ਮੰਤਰੀ ਵੀ ਹਰਿਆਣਾ ਦੇ ਮੁੱਖ ਮੰਤਰੀ ਵਰਗੀ ਮੁਸਕਰਾਹਟ, ਸਰਲਤਾ, ਕਾਰਜਸ਼ੈਲੀ ਦੀ ਤਾਰੀਫ਼ ਕਰਨ ਦੇ ਨਾਲ-ਨਾਲ ਖ਼ੁਦ ਵੀ ਇਸੇ ਵਿਵਹਾਰ ਨੂੰ ਅਪਣਾਉਣ ਦਾ ਯਤਨ ਕਰ ਰਹੇ ਹਨ।

**ਹਰਿਆਣਾ ਵਿੱਚ ਹੋ ਰਹੇ ਹਨ ਤੇਜ਼ ਗਤੀ ਨਾਲ ਵਿਕਾਸ ਕਾਰਜ - ਵਿਧਾਇਕ ਮਹੰਤ ਯੋਗੀ ਬਾਲਕ ਨਾਥ**

ਰਾਜਸਥਾਨ ਦੇ ਤਿਜਾਰਾ ਤੋਂ ਵਿਧਾਇਕ ਮਹੰਤ ਯੋਗੀ ਬਾਲਕ ਨਾਥ ਨੇ ਕਿਹਾ ਕਿ ਹਰਿਆਣਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇਜ਼ ਗਤੀ ਨਾਲ ਵਿਕਾਸ ਕਾਰਜ ਕਰਵਾ ਰਹੇ ਹਨ। ਰਾਜਸਥਾਨ ਵਿੱਚ ਹੁਣੇ ਬਹੁਤ ਵਿਕਾਸ ਕਾਰਜਾਂ ਦੀ ਲੋੜ ਹੈ, ਪਰ ਹਰਿਆਣਾ ਵਿੱਚ ਭਾਜਪਾ ਸਰਕਾਰ ਨੇ ਤਾਂ ਖੇਤਾਂ ਦੇ ਰਸਤੇ ਤੱਕ ਵੀ ਪੱਕੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮਾਨਵ ਜਾਤੀ ਦੇ ਉਥਾਨ ਲਈ ਬਾਬਾ ਖਾਕਨਾਥ ਜੀ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾ ਕੇ ਮਾਨਵ ਭਲਾਈ ਦਾ ਕੰਮ ਕਰੋ।

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਰਵਾਈ ਕੇਂਦਰੀ ਜੇਲ੍ਹ ’ਚ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ



**ਹੁਸ਼ਿਆਰਪੁਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਇਥੇ ਕੇਂਦਰੀ ਜੇਲ੍ਹ ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਇਕ ਬੰਦੀ ਤੋਂ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਖੇਤਰ ਵਿਚ ਬਹੁਤ ਹੀ ਸੁਖਾਲੇ ਢੰਗ ਨਾਲ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣ ਵਿਚ ਨਵੇਂ ਮਾਅਰਕੇ ਮਾਰ ਰਹੀ ਹੈ ਜਿਸ ਨਾਲ ਆਮ ਲੋਕਾਂ ਨੂੰ ਘਰਾਂ ਦੇ ਨਜ਼ਦੀਕ ਹੀ ਮੁੱਢਲੇ ਟੈਸਟਾਂ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸੂਬੇ ਵਿਚ 1090 ਆਮ ਆਦਮੀ ਕਲੀਨਿਕ ਸਥਾਪਿਤ ਕੀਤੇ ਜਾ ਚੁੱਕੇ ਹਨ ਜਿਥੇ ਮਾਹਿਰ ਸਟਾਫ਼ ਵਲੋਂ ਮੁੱਢਲੇ ਸਿਹਤ ਸੰਭਾਲ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਮਿਆਰੀ ਸਿਹਤ ਸੇਵਾਵਾਂ, ਟੈਸਟ ਅਤੇ ਦਵਾਈਆਂ ਦੀ ਮੁਫ਼ਤ ਸਹੂਲਤ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਦੀ ਕੇਂਦਰੀ ਜੇਲ੍ਹ ਵਿਚ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਹੋਣ ਨਾਲ ਜ਼ਿਲ੍ਹੇ ਵਿਚ ਚੱਲ ਰਹੇ ਇਨ੍ਹਾਂ ਕਲੀਨਿਕਾਂ ਦੀ ਗਿਣਤੀ 77 ਹੋ ਗਈ ਹੈ ਅਤੇ ਹੁਣ ਜੇਲ੍ਹ ਵਿਚ ਬੰਦੀਆਂ ਦੇ 45 ਤਰ੍ਹਾਂ ਦੇ ਟੈਸਟ ਦੀ ਸਹੂਲਤ ਅੰਦਰ ਹੀ ਉਪਲਬਧ ਰਹੇਗੀ ਜਿਥੇ ਉਨ੍ਹਾਂ ਨੂੰ 100 ਤੋਂ ਵੱਧ ਤਰ੍ਹਾਂ ਦੀਆਂ ਦਵਾਈਆਂ ਵੀ ਮੁਫ਼ਤ ਮਿਲਣਗੀਆਂ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸੂਬੇ ਦੀਆਂ 8 ਜੇਲ੍ਹਾਂ ਵਿਚ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਤਾਂ ਜੋ ਜੇਲ੍ਹਾਂ ਵਿਚ ਬੰਦ ਕੈਦੀਆਂ ਲਈ ਸਿਹਤ ਸਹੂਲਤਾਂ ਦਾ ਪ੍ਰਬੰਧ ਸੁਚੱਜੇ ਢੰਗ ਨਾਲ ਅਮਲ ਵਿਚ ਲਿਆਂਦਾ ਜਾ ਸਕੇ। ਉਨ੍ਹਾਂ ਦੱਸਿਆ ਕਿ ਜੇਲ੍ਹਾਂ ਵਿਚ ਇਨ੍ਹਾਂ ਕਲੀਨਿਕਾਂ ਅੰਦਰ ਮੈਡੀਕਲ ਅਫ਼ਸਰ, ਫਾਰਮਾਸਿਸਟ, ਕਲੀਨਿਕ ਅਸਿਸਟੈਂਟ, ਹੈਲਪਰ ਆਦਿ ਨੂੰ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਮਿਆਰੀ ਸਿਹਤ ਸੇਵਾਵਾਂ ਦਿੱਤੀਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਦੀ ਜੇਲ੍ਹ ਵਿਚ 1400 ਤੋਂ ਵੱਧ ਬੰਦੀਆਂ ਦੇ ਮੁੱਢਲੇ ਟੈਸਟ ਹੁਣ ਜੇਲ੍ਹ ਅੰਦਰਲੇ ਆਮ ਆਦਮੀ ਕਲੀਨਿਕ ਵਿਚ ਹੀ ਹੋ ਜਾਇਆ ਕਰਨਗੇ ਅਤੇ ਲੋੜੀਂਦੀਆਂ ਦਵਾਈਆਂ ਵੀ ਅੰਦਰੋਂ ਹੀ ਦਿੱਤੀਆਂ ਜਾਣਗੀਆਂ।

ਆਮ ਆਦਮੀ ਕਲੀਨਿਕਾਂ ਵਿਚ ਲੋਕਾਂ ਵਲੋਂ ਲਈਆਂ ਜਾ ਰਹੀਆਂ ਸਿਹਤ ਸਹੂਲਤਾਂ ਬਾਰੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲੋਕਾਂ ਨੂੰ ਬਹੁਤ ਲਾਭ ਮਿਲ ਰਿਹਾ ਹੈ ਅਤੇ ਹੁਣ ਤੱਕ 5.90 ਕਰੋੜ ਮਰੀਜਾਂ ਵਲੋਂ ਆਪਣਾ ਚੈੱਕਅਪ ਕਰਵਾਇਆ ਜਾ ਚੁੱਕਾ ਹੈ ਅਤੇ ਸੂਬੇ ਵਿਚ ਪਹਿਲਾਂ ਚੱਲ ਰਹੇ 990 ਕਲੀਨਿਕਾਂ ਵਿਚੋਂ ਰੋਜ਼ਾਨਾ ਅੰਦਾਜ਼ਨ 83 ਹਜ਼ਾਰ ਲੋਕਾਂ ਵਲੋਂ ਸਿਹਤ ਸੇਵਾਵਾਂ ਲਈਆਂ ਜਾ ਰਹੀਆਂ ਸਨ। ਉਨ੍ਹਾਂ ਦੱਸਿਆ ਕਿ ਹੁਣ ਇਨ੍ਹਾਂ ਕਲੀਨਿਕਾਂ ਦੀ ਗਿਣਤੀ 1090 ਹੋ ਜਾਣ ਨਾਲ ਹੋਰ ਵੀ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਹੁਣ ਤੱਕ ਸਾਢੇ 3 ਕਰੋੜ ਦੇ ਕਰੀਬ ਟੈਸਟ ਕੀਤੇ ਜਾ ਚੁੱਕੇ ਹਨ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿਚ ਹੁਣ ਗਰਭਵਤੀ ਮਹਿਲਾਵਾਂ ਦੀ ਦੇਖਭਾਲ, ਸਕਰੀਨਿੰਗ ਅਤੇ ਖੁਰਾਕ ਪ੍ਰਬੰਧਨ ਦੀਆਂ ਸੇਵਾਵਾਂ ਵੀ ਉਪਲਬਧ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਆਉਂਦੇ ਸਮੇਂ ਵਿਚ 300 ਹੋਰ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਤਜਵੀਜ਼ ਹੈ ਤਾਂ ਜੋ ਸੂਬੇ ਦੇ ਹਰ ਖੇਤਰ ਵਿਚ ਲੋਕਾਂ ਨੂੰ ਆਪਣੇ ਘਰਾਂ ਦੇ ਨਜ਼ਦੀਕ ਹੀ ਮੁੱਢਲੀਆਂ ਅਤੇ ਮਿਆਰੀ ਸਿਹਤ ਸੇਵਾਵਾਂ ਮਿਲ ਸਕਣ।

ਜੇਲ੍ਹ ਸੁਪਰਡੰਟ ਹਰਚਰਨ ਸਿੰਘ ਗਿੱਲ, ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਜੇਲ੍ਹ ਵਿਚ ਆਮ ਆਦਮੀ ਕਲੀਨਿਕ ਦੀ ਸਥਾਪਤੀ, ਸਟਾਫ਼ ਅਤੇ ਉਪਲਬੱਧ ਸਹੂਲਤਾਂ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ। ਇਸ ਮੌਕੇ ਵਧੀਕ ਸੁਪਰਡੰਟ ਹਰਬੰਸ ਸਿੰਘ, ਡਿਪਟੀ ਸੁਪਰਡੰਟ ਆਸ਼ਾ ਰਾਣੀ, ਆਮ ਆਦਮੀ ਕਲੀਨਿਕਾਂ ਦੇ ਸ਼ਹਿਰੀ ਨੋਡਲ ਅਧਿਕਾਰੀ ਡਾ. ਰੋਹਿਤ ਬਬੂਤਾ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਐਨ.ਐਚ.ਐਮ. ਮੁਹੰਮਦ ਆਸਿਫ ਵੀ ਮੌਜੂਦ ਸਨ।

# ਹਰਿਆਣਾ ਸਰਕਾਰ ਨੇ ਪ੍ਰਮਾਣਿਤ ਜ਼ਮੀਨ ਦੇ ਰਿਕਾਰਡ ਕੀਤੇ ਆਨਲਾਈਨ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਮੀਨ ਨਾਲ ਜੁੜੀਆਂ ਸੇਵਾਵਾਂ ਨੂੰ ਤੇਜ਼, ਪਾਰਦਰਸ਼ੀ ਅਤੇ ਪੇਪਰਲੈੱਸ ਬਣਾਉਣ ਦੇ ਮਕਸਦ ਨਾਲ ਨਾਗਰਿਕਾਂ ਲਈ ਇੱਕ ਵੱਡਾ ਸੁਧਾਰ ਕਰਦਿਆਂ, ਹਰਿਆਣਾ ਸਰਕਾਰ ਨੇ ਇੱਕ ਆਨਲਾਈਨ ਸਿਸਟਮ ਸ਼ੁਰੂ ਕੀਤਾ ਹੈ। ਇਸ ਨਾਲ ਲੋਕ ਮਾਲ ਵਿਭਾਗ (ਰੈਵੇਨਿਊ ਆਫਿਸ) ਗਏ ਬਿਨਾਂ ਜਮਾਬੰਦੀ, ਤਬਦੀਲੀਆਂ (ਮਿਊਟੇਸ਼ਨ), ਫਰਦ ਬਦਰ ਅਤੇ ਰਜਿਸਟਰਡ ਸੇਲ ਡੀਡ ਦੀ ਡਿਜੀਟਲ ਤੌਰ ’ਤੇ ਪ੍ਰਮਾਣਿਤ ਕਾਪੀ ਲਈ ਅਪਲਾਈ ਕਰ ਸਕਦੇ ਹਨ ਅਤੇ ਉਨ੍ਹਾਂ ਨੂੰ ਡਾਊਨਲੋਡ ਕਰ ਸਕਦੇ ਹਨ।

ਰਾਜ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਵਿਭਾਗ ਨੇ ‘ਰੈਵੇਨਿਊ ਹਰਿਆਣਾ ਪੋਰਟਲ’ ’ਤੇ ਨਵਾਂ ਮੋਡੀਊਲ ਸ਼ੁਰੂ ਕੀਤਾ ਹੈ, ਜਿਸ ਨਾਲ ਨਾਗਰਿਕ ਇੱਕ ਆਸਾਨ ਆਨਲਾਈਨ ਪ੍ਰਕਿਰਿਆ ਰਾਹੀਂ ਪ੍ਰਮਾਣਿਤ ਜ਼ਮੀਨ ਦੇ ਰਿਕਾਰਡ ਹਾਸਲ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਸਾਰੇ ਡਿਵੀਜ਼ਨਲ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨੂੰ ਪੂਰੇ ਰਾਜ ਵਿੱਚ ਇਸ ਸਿਸਟਮ ਨੂੰ ਇੱਕੋ ਜਿਹਾ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਇਸ ਨੂੰ ਆਸਾਨੀ ਨਾਲ ਲਾਗੂ ਕਰਨ ਲਈ ਵਿਭਾਗ ਨੇ ਮਾਲ ਅਧਿਕਾਰੀਆਂ ਲਈ ਇੱਕ ਸਟੈਂਡਰਡ ਓਪਰੇਟਿੰਗ ਪ੍ਰੋਸੀਜਰ ਅਤੇ ਨਾਗਰਿਕਾਂ ਲਈ ਸਟੈਪ-ਬਾਈ-ਸਟੈਪ ਗਾਈਡੈਂਸ ਵਾਲਾ ਇੱਕ ਵਿਸਤ੍ਰਿਤ ਯੂਜ਼ਰ ਮੈਨੂਅਲ ਵੀ ਤਿਆਰ ਕੀਤਾ ਹੈ।

ਡਾ. ਮਿਸ਼ਰਾ ਨੇ ਕਿਹਾ ਕਿ ਬਿਨੈਕਾਰ ਓ.ਟੀ.ਪੀ. ਪ੍ਰਮਾਣੀਕਰਨ ਰਾਹੀਂ ਆਪਣੇ ਰਜਿਸਟਰਡ ਮੋਬਾਈਲ ਨੰਬਰ ਨਾਲ ਪੋਰਟਲ ’ਤੇ ਲੌਗਇਨ ਕਰ ਸਕਦੇ ਹਨ ਅਤੇ ਜ਼ਰੂਰੀ ਦਸਤਾਵੇਜ਼ ਚੁਣ ਕੇ ਅਤੇ ਜ਼ਿਲ੍ਹਾ, ਤਹਿਸੀਲ ਅਤੇ ਪਿੰਡ ਵਰਗੀ ਜਾਣਕਾਰੀ ਭਰ ਕੇ ਅਰਜ਼ੀ ਜਮ੍ਹਾਂ ਕਰ ਸਕਦੇ ਹਨ। ਹਰ ਅਰਜ਼ੀ ਲਈ ਇੱਕ ਯੂਨੀਕ ਟਰੈਕਿੰਗ ਆਈ.ਡੀ. ਬਣੇਗੀ ਅਤੇ ਉਸ ਨੂੰ ਤਸਦੀਕ (ਵੈਰੀਫਿਕੇਸ਼ਨ) ਲਈ ਸੰਬੰਧਿਤ ਪਟਵਾਰੀ ਜਾਂ ਮਾਲ ਅਧਿਕਾਰੀ ਕੋਲ ਇਲੈਕਟ੍ਰਾਨਿਕ ਰੂਪ ਵਿੱਚ ਭੇਜਿਆ ਜਾਵੇਗਾ। ਅਰਜ਼ੀ ਮਨਜ਼ੂਰ ਹੋਣ ਉਤੇ ਤੈਅ ਫੀਸ ਆਨਲਾਈਨ ਜਮ੍ਹਾਂ ਕਰਨ ਤੋਂ ਬਾਅਦ ਡਿਜੀਟਲ ਤੌਰ ’ਤੇ ਪ੍ਰਮਾਣਿਤ ਦਸਤਾਵੇਜ਼ ਆਪਣੇ ਆਪ ਬਣ ਜਾਵੇਗਾ ਅਤੇ ਬਿਨੈਕਾਰ ਦੇ ਡੈਸ਼ਬੋਰਡ ਤੋਂ ਡਾਊਨਲੋਡ ਕਰਨ ਲਈ ਉਪਲਬਧ ਹੋ ਜਾਵੇਗਾ।

ਮਿਊਟੇਸ਼ਨ, ਰਜਿਸਟਰਡ ਸੇਲ ਡੀਡ ਅਤੇ ਫਰਦ ਬਦਰ ਦੀ ਪ੍ਰਮਾਣਿਤ ਕਾਪੀ ਲਈ 100 ਰੁਪਏ ਦੀ ਇੱਕੋ ਜਿਹੀ ਫੀਸ ਲੱਗੇਗੀ, ਭਾਵੇਂ ਦਸਤਾਵੇਜ਼ ਕਿੰਨਾ ਵੀ ਵੱਡਾ ਹੋਵੇ। ਜਮਾਬੰਦੀ ਲਈ, ਪਹਿਲੇ 10 ਪੰਨਿਆਂ ਤੱਕ 100 ਰੁਪਏ ਦੀ ਫੀਸ ਲੱਗੇਗੀ, ਜਦੋਂ ਕਿ ਉਸ ਤੋਂ ਬਾਅਦ ਹਰ ਪੰਨੇ ਲਈ 5 ਰੁਪਏ ਵਾਧੂ ਫੀਸ ਲੱਗੇਗੀ।

ਤੈਅ ਫੀਸ ਆਨਲਾਈਨ ਜਮ੍ਹਾਂ ਕੀਤੀ ਜਾ ਸਕਦੀ ਹੈ, ਜਿਸ ਤੋਂ ਬਾਅਦ ਡਿਜੀਟਲ ਤੌਰ ’ਤੇ ਪ੍ਰਮਾਣਿਤ ਦਸਤਾਵੇਜ਼ ਬਿਨੈਕਾਰ ਦੇ ਡੈਸ਼ਬੋਰਡ ਤੋਂ ਡਾਊਨਲੋਡ ਲਈ ਉਪਲਬਧ ਹੋ ਜਾਵੇਗਾ।

ਡਾ. ਮਿਸ਼ਰਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਤਹਿਸੀਲ ਦਫ਼ਤਰ ਦੇ ਵਾਰ-ਵਾਰ ਚੱਕਰ ਲਗਾਉਣ ਦੀ ਲੋੜ ਕਾਫ਼ੀ ਘੱਟ ਹੋਣ, ਜ਼ਮੀਨ ਦੇ ਰਿਕਾਰਡ ਹਾਸਲ ਕਰਨ ਵਿੱਚ ਦੇਰੀ ਘੱਟ ਹੋਣ ਅਤੇ ਐਂਡ-ਟੂ-ਐਂਡ ਡਿਜੀਟਲ ਵਰਕਫਲੋ ਰਾਹੀਂ ਪਾਰਦਰਸ਼ਤਾ ਵਧਣ ਦੀ ਉਮੀਦ ਹੈ। ਇਹ ਆਨਲਾਈਨ ਸਿਸਟਮ ਹਰ ਅਰਜ਼ੀ ਅਤੇ ਮਨਜ਼ੂਰੀ ਦਾ ਪੂਰਾ ਇਲੈਕਟ੍ਰਾਨਿਕ ਰਿਕਾਰਡ ਰੱਖ ਕੇ ਜਵਾਬਦੇਹੀ ਨੂੰ ਵੀ ਮਜ਼ਬੂਤ ਕਰੇਗਾ। ਡਾਟਾ ਦੀ ਸ਼ੁੱਧਤਾ ਯਕੀਨੀ ਬਣਾਉਣ ਲਈ ਅਪਲੋਡ ਕੀਤੇ ਗਏ ਰਿਕਾਰਡਾਂ ਦੇ ਸਹੀ ਹੋਣ ਦੀ ਜ਼ਿੰਮੇਵਾਰੀ ਸੰਬੰਧਿਤ ਪਟਵਾਰੀ ਜਾਂ ਮਾਲ ਅਧਿਕਾਰੀ ਦੀ ਤੈਅ ਕੀਤੀ ਗਈ ਹੈ। ਅਪਲੋਡ ਕਰਨ ਤੋਂ ਬਾਅਦ ਕਿਸੇ ਵੀ ਸੁਧਾਰ ਦੀ ਪ੍ਰਕਿਰਿਆ ਸਿਰਫ਼ ਤੈਅ ਅਧਿਕਾਰਤ ਪ੍ਰਕਿਰਿਆ ਰਾਹੀਂ ਹੀ ਕੀਤੀ ਜਾਵੇਗੀ।

ਵਿੱਤ ਕਮਿਸ਼ਨਰ ਨੇ ਕਿਹਾ ਕਿ ਇਹ ਪਹਿਕਦਮੀ ਰਾਜ ਦੇ ਮਾਲ ਪ੍ਰਸ਼ਾਸਨ ਨੂੰ ਆਧੁਨਿਕ ਬਣਾਉਣ ਅਤੇ ਤਕਨਾਲੋਜੀ-ਆਧਾਰਿਤ, ਨਾਗਰਿਕ-ਪੱਖੀ ਪਲੇਟਫਾਰਮ ਰਾਹੀਂ ਸਰਕਾਰੀ ਸੇਵਾਵਾਂ ਪਹੁੰਚਾਉਣ ਦੀ ਵਿਆਪਕ ਕੋਸ਼ਿਸ਼ਾਂ ਦਾ ਹਿੱਸਾ ਹੈ, ਜਿਸ ਨਾਲ ਜ਼ਮੀਨ ਦੇ ਰਿਕਾਰਡ ਤੱਕ ਪਹੁੰਚ ਤੇਜ਼, ਜ਼ਿਆਦਾ ਪਾਰਦਰਸ਼ੀ ਅਤੇ ਪ੍ਰੇਸ਼ਾਨੀ-ਮੁਕਤ ਹੋ ਸਕੇਗੀ।

# ਬਲਬੀਰ ਸਿੰਘ ਪਨੂੰ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਬਟਾਲਾ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਆਮ ਆਦਮੀ ਪਾਰਟੀ ਦਫ਼ਤਰ , ਅਲੀਵਾਲ ਵਿਖੇ ਆਂਗਣਵਾੜੀ ਵਰਕਰਾਂ ਨੂੰ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵਲੋਂ ਨਿਯੁਕਤੀ ਪੱਤਰ ਸੌਂਪ ਕੇ ਉਨ੍ਹਾਂ ਦੀ ਜ਼ਿੰਦਗੀ ਦੀ ਨਵੀਂ ਪਾਰੀ ਦੀ ਸ਼ੁਰੂਆਤ ’ਤੇ ਦਿਲੋਂ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਗੱਲਬਾਤ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਮਹਿਲਾ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਵਚਨਬੱਧ ਹੈ। ਇਹ ਨਿਯੁਕਤੀਆਂ ਸਿਰਫ਼ ਰੁਜ਼ਗਾਰ ਨਹੀਂ, ਸਗੋਂ ਪੰਜਾਬ ਦੇ ਬੱਚਿਆਂ ਦੇ ਸਿਹਤਮੰਦ ਅਤੇ ਸੁਨਹਿਰੇ ਭਵਿੱਖ ਵੱਲ ਇੱਕ ਮਜ਼ਬੂਤ ਕਦਮ ਹਨ।

ਉਹ ਕਿਹਾ ਕਿ ਆਂਗਣਵਾੜੀ ਵਰਕਰ, ਮਾਵਾਂ ਅਤੇ ਨੰਨੇ-ਮੁੰਨੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਨਵੇਂ ਨਿਯੁਕਤ ਹੋਏ ਆਂਗਣਵਾੜੀ ਵਰਕਰ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਸਮਰਪਣ ਅਤੇ ਸੇਵਾ ਭਾਵਨਾ ਨਾਲ ਨਿਭਾਉਂਦੇ ਹੋਏ ਲੋਕਾਂ ਦੀਆਂ ਉਮੀਦਾਂ ’ਤੇ ਖਰੇ ਉਤਰਨਗੇ।

ਇਸ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਅੱਗੇ ਕਿਹਾ ਕਿ ਰੁਜ਼ਗਾਰ, ਲੋਕ ਭਲਾਈ ਅਤੇ ਵਿਕਾਸ, ਇਹੀ ਹੈ ਮਾਨ ਸਰਕਾਰ ਦੀ ਪਹਿਚਾਣ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਇਹ ਸਫ਼ਰ ਇਸੇ ਤਰ੍ਹਾਂ ਜਾਰੀ ਰਹੇਗਾ।

# ਲੋਕ ਮਿਲਣੀ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

**ਬਟਾਲਾ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਉਨ੍ਹਾਂ ਨੂੰ ਹੱਲ ਕਰਨ ਦੇ ਮੰਤਵ ਨਾਲ ਲੋਕ ਮਿਲਣੀ ਪਰੋਗਰਾਮ ਤਹਿਤ ਮੁਸ਼ਕਿਲਾਂ ਸੁਣੀਆਂ ਤੇ ਮੌਕੇ ਦੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ।

ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਵਿਧਾਨ ਸਭਾ ਹਲਕਾ ਬਟਾਲਾ ਵਿਖੇ ਲੋਕਹਿੱਤ ਲਈ ਵਿਕਾਸ ਕਾਰਜ ਕੀਤੇ ਜਾ ਰਹੇ ਹਨ।



ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨਾ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਕਾਰਜ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਵਿਕਾਸ ਕਾਰਜ ਤੇਜਗਤੀ ਨਾਲ ਕੀਤੇ ਜਾਣਗੇ।

ਹਲਕੇ ਅੰਦਰ ਕਰਵਾਏ ਗਏ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਬਟਾਲੇ ਸਮੇਤ ਦੱਸਿਆ ਕਿ ਹਲਕੇ ਅੰਦਰ ਗੰਦੇ ਪਾਣੀ ਲਈ ਨਿਕਾਸੀ ਦੇ ਕਾਰਜ, ਗਲੀਆਂ ਦੀ ਉਸਾਰੀ, ਸੀਵਰੇਜ਼, ਪਾਰਕਾਂ ਦਾ ਸੁੰਦਰੀਕਰਨ ਆਦਿ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਵਿਧਾਨ ਸਭਾ ਹਲਕਾ ਬਟਾਲਾ ਵਿਖੇ ਲੋਕਹਿੱਤ ਲਈ ਵਿਕਾਸ ਵਿਕਾਸ ਕਾਰਜਾਂ ਵਿੱਚ ਕੋਈ ਕਰਨਾ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਕਾਰਜ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਕਰਨਾ ਅਤੇ ਹਲਕੇ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਅੰਬਾਲਾ ਛਾਉਣੀ ਦੇ ਸਰਕਾਰੀ ਪੋਸਟ ਗ੍ਰੈਜੂਏਟ ਕਾਲਜ ਦਾ ਨਾਂ ਹੁਣ ਹੋਵੇਗਾ ‘ਆਚਾਰੀਆ ਰਘੁਵੀਰ ਸਰਕਾਰੀ ਪੋਸਟ ਗ੍ਰੈਜੂਏਟ ਕਾਲਜ’ : ਮਹੀਪਾਲ ਢਾਂਡਾ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਪ੍ਰਦੇਸ਼ ਦੇ ਮਹਾਨ ਸਿੱਖਿਆ ਸ਼ਾਸਤਰੀਆਂ ਅਤੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੰਬਾਲਾ ਛਾਉਣੀ ਸਥਿਤ ਸਰਕਾਰੀ ਪੋਸਟ ਗ੍ਰੈਜੂਏਟ ਕਾਲਜ ਦਾ ਨਾਂ ਬਦਲ ਕੇ ਆਚਾਰੀਆ ਰਘੁਵੀਰ ਸਰਕਾਰੀ ਪੋਸਟ ਗ੍ਰੈਜੂਏਟ ਕਾਲਜ, ਅੰਬਾਲਾ ਛਾਉਣੀ ਕੀਤੇ ਜਾਣ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦਿੰਦਿਆਂ ਮੌਜੂਦਾ ਨੀਤੀ ਵਿੱਚ ਲੋੜੀਂਦੀ ਛੋਟ ਦੇਣ ਦੇ ਨਿਰਦੇਸ਼ ਦਿੱਤੇ ਹਨ।



ਸਿੱਖਿਆ ਮੰਤਰੀ ਨੇ ਕਿਹਾ ਕਿ ਆਚਾਰੀਆ ਰਘੁਵੀਰ ਇੱਕ ਪ੍ਰਸਿੱਧ ਸਿੱਖਿਆ ਸ਼ਾਸਤਰੀ, ਭਾਸ਼ਾ ਵਿਗਿਆਨੀ, ਸੰਸਕ੍ਰਿਤ ਅਤੇ ਭਾਰਤੀ ਸੰਸਕ੍ਰਿਤੀ ਦੇ ਮਹਾਨ ਵਿਦਵਾਨ ਅਤੇ ਰਾਸ਼ਟਰ ਭਾਸ਼ਾ ਹਿੰਦੀ ਦੇ ਸਮਰਥਕ ਸਨ। ਉਨ੍ਹਾਂ ਨੇ ਭਾਰਤੀ ਗਿਆਨ ਪਰੰਪਰਾ, ਸੰਸਕ੍ਰਿਤੀ ਅਤੇ ਭਾਸ਼ਾਵਾਂ ਦੇ ਸੰਭਾਲ ਅਤੇ ਪ੍ਰਸਾਰ ਵਿੱਚ ਅਮੁੱਲ ਯੋਗਦਾਨ ਪਾਇਆ। ਉਨ੍ਹਾਂ ਦੇ ਨਾਂ ’ਤੇ ਕਾਲਜ ਦਾ ਨਾਮਕਰਨ ਕੀਤੇ ਜਾਣ ਨਾਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਦਰਸ਼ਾਂ ਅਤੇ ਰਾਸ਼ਟਰ ਸੇਵਾ ਦੀ ਭਾਵਨਾ ਤੋਂ ਪ੍ਰੇਰਨਾ ਮਿਲੇਗੀ।

ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਮੌਜੂਦਾ ਰਾਜ ਸਰਕਾਰ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਦੇਸ਼ ਦੇ ਮਹਾਨ ਮਹਾਂਪੁਰਖਾਂ ਅਤੇ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਹ ਫ਼ੈਸਲਾ ਨਵੀਂ ਪੀੜ੍ਹੀ ਵਿੱਚ ਦੇਸ਼ ਭਗਤੀ, ਸੱਭਿਆਚਾਰਕ ਮਾਣ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਸਿੱਧ ਹੋਵੇਗਾ।

ਉਨ੍ਹਾਂ ਇਸ ਅਹਿਮ ਫ਼ੈਸਲੇ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰਿਆਣਾ ਸਰਕਾਰ ਸਿੱਖਿਆ ਅਤੇ ਸੱਭਿਆਚਾਰਕ ਵਿਰਸੇ ਦੀ ਸੰਭਾਲ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ।

# ਹਰਿਆਣਾ ਦੇ ਰਾਜਪਾਲ ਨੇ ਡਾ. ਏ.ਪੀ.ਜੇ. ਅਬਦੁਲ ਕਲਾਮ ਨੂੰ ਅਰਪਿਤ ਕੀਤੀ ਸ਼ਰਧਾਂਜਲੀ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਅੱਜ ਇੱਥੇ ਲੋਕ ਭਵਨ ਵਿਖੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਅਤੇ ਭਾਰਤ ਰਤਨ ਡਾ. ਏ.ਪੀ.ਜੇ. ਅਬਦੁਲ ਕਲਾਮ ਦੀ ਬਰਸੀ ’ਤੇ ਉਨ੍ਹਾਂ ਨੂੰ ਨਮਨ ਕਰਦਿਆਂ ਭਾਵਭਿੰਨੀ ਸ਼ਰਧਾਂਜਲੀ ਭੇਂਟ ਕੀਤੀ ਅਤੇ ਸਰਧਾ ਦੇ ਫੁੱਲ ਭੇਂਟ ਕੀਤੇ।



ਸ਼ਰਧਾਂਜਲੀ ਭੇਂਟ ਕਰਦਿਆਂ ਰਾਜਪਾਲ ਨੇ ਡਾ. ਕਲਾਮ ਨੂੰ ਇੱਕ ਪ੍ਰਸਿੱਧ ਵਿਗਿਆਨੀ, ਦੂਰਦਰਸ਼ੀ ਰਾਸ਼ਟਰ ਨਾਇਕ ਅਤੇ ਸਾਦਗੀ, ਨਿਮਰਤਾ ਤੇ ਗਿਆਨ ਦੀ ਮੂਰਤ ਦੱਸਿਆ। ਉਨ੍ਹਾਂ ਕਿਹਾ ਕਿ ਭਾਰਤ ਦੇ ਰੱਖਿਆ ਅਤੇ ਪੁਲਾੜ ਪ੍ਰੋਗਰਾਮਾਂ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਵਿੱਚ ਡਾ. ਕਲਾਮ ਦਾ ਯੋਗਦਾਨ ਬੇਮਿਸਾਲ ਰਿਹਾ ਹੈ। ਦੇਸ਼ ਦੀ ਤਕਨੀਕੀ ਤਰੱਕੀ ਅਤੇ ਆਤਮ-ਨਿਰਭਰਤਾ ਨੂੰ ਮਜ਼ਬੂਤ ਬਣਾਉਣ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਕਾਰਨ ਉਨ੍ਹਾਂ ਨੂੰ ‘ਮਿਜ਼ਾਈਲ ਮੈਨ ਆਫ਼ ਇੰਡੀਆ’ ਦੇ ਨਾਂ ਨਾਲ ਸਨਮਾਨਿਤ ਕੀਤਾ ਗਿਆ।

ਪ੍ਰੋ. ਘੋਸ਼ ਨੇ ਕਿਹਾ ਕਿ ਡਾ. ਕਲਾਮ ਨੇ ਆਪਣਾ ਪੂਰਾ ਜੀਵਨ ਰਾਸ਼ਟਰ ਸੇਵਾ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਦੀ ਦੂਰਦ੍ਰਿਸ਼ਟੀ, ਉੱਚ ਜੀਵਨ-ਮੁੱਲਾਂ ਅਤੇ ਅਟੁੱਟ ਸਮਰਪਣ ਨੇ ਦੇਸ਼ ਦੇ ਕਰੋੜਾਂ ਨੌਜਵਾਨਾਂ ਨੂੰ ਵੱਡੇ ਸੁਪਨੇ ਦੇਖਣ ਅਤੇ ਉਨ੍ਹਾਂ ਨੂੰ ਸਾਕਾਰ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਦਾ ਜੀਵਨ ਅਤੇ ਸ਼ਖ਼ਸੀਅਤ ਅੱਜ ਵੀ ਨੌਜਵਾਨਾਂ ਨੂੰ ਸਖ਼ਤ ਮਿਹਨਤ, ਨਵਾਚਾਰ ਅਤੇ ਰਾਸ਼ਟਰ-ਨਿਰਮਾਣ ਲਈ ਲਗਾਤਾਰ ਪ੍ਰੇਰਿਤ ਕਰਦੀ ਹੈ।

# ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਦਾ ਉਦੇਸ਼ : ਵਿਪੁਲ ਗੋਇਲ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮਾਲ ਅਤੇ ਆਪਦਾ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਕਿਹਾ ਕਿ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਦਾ ਉਦੇਸ਼ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਤੇਜ਼ ਅਤੇ ਪ੍ਰਭਾਵੀ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਮੇਟੀ ਦੀਆਂ ਮੀਟਿੰਗਾਂ ਵਿੱਚ ਪ੍ਰਾਪਤ ਸ਼ਿਕਾਇਤਾਂ ਦਾ ਨਿਰਧਾਰਤ ਸਮੇਂ ਵਿੱਚ ਮਿਆਰੀ ਨਿਪਟਾਰਾ ਕੀਤਾ ਜਾਵੇ ਅਤੇ ਕਿਸੇ ਵੀ ਪੱਧਰ ’ਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



ਮੰਤਰੀ ਸ੍ਰੀ ਵਿਪੁਲ ਗੋਇਲ ਸੋਮਵਾਰ ਨੂੰ ਨੂਹ ਵਿੱਚ ਮਿਨੀ ਸਕੱਤਰੇਤ ਸਥਿਤ ਹਾਲ ਵਿੱਚ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮਹੀਨਾਵਾਰ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਦੌਰਾਨ ਉਨ੍ਹਾਂ ਨੇ ਕੁੱਲ 14 ਸ਼ਿਕਾਇਤਾਂ ਵਿੱਚੋਂ 11 ਸ਼ਿਕਾਇਤਾਂ ਦਾ ਮੌਕੇ ਉੱਤੇ ਹੀ ਹੱਲ ਕੀਤਾ, ਜਦਕਿ ਤਿੰਨ ਮਾਮਲਿਆਂ ਨੂੰ ਲੋੜੀਂਦੀ ਕਾਰਵਾਈ ਅਤੇ ਪ੍ਰਗਤੀ ਰਿਪੋਰਟ ਲਈ ਅਗਲੀ ਮੀਟਿੰਗ ਤੱਕ ਮੁਲਤਵੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਦੋ ਮਾਮਲਿਆਂ ਵਿੱਚ ਐਸ.ਆਈ.ਟੀ. ਗਠਿਤ ਕਰਕੇ ਜਾਂਚ ਦੇ ਆਦੇਸ਼ ਦਿੱਤੇ ਹਨ। ਤਾਵਡੂ ਦੀ ਰਜਨੀ ਦੀ ਸ਼ਿਕਾਇਤ ’ਤੇ ਐਸ.ਡੀ.ਐਮ., ਡੀ.ਐਸ.ਪੀ. ਅਤੇ ਸੀ.ਐਮ.ਓ. ਦੀ ਅਗਵਾਈ ਹੇਠ ਐਸ.ਆਈ.ਟੀ. ਅਤੇ ਰਸੂਲਪੁਰ ਨਿਵਾਸੀ ਮਨੀਸ਼ਾ ਦੀ ਵਨ ਸਟਾਪ ਸੈਂਟਰ ਵਿੱਚ ਦੁਰਵਿਹਾਰ ਅਤੇ ਛੇੜਛਾੜ ਸਬੰਧੀ ਸ਼ਿਕਾਇਤ ’ਤੇ ਡੀ.ਐਸ.ਪੀ. ਦੀ ਅਗਵਾਈ ਹੇਠ ਐਸ.ਆਈ.ਟੀ. ਗਠਿਤ ਕੀਤੀ ਗਈ ਹੈ। ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਜਾਂਚ ਪੂਰੀ ਕਰਕੇ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ।

ਮੰਤਰੀ ਵਿਪੁਲ ਗੋਇਲ ਨੇ ਮੀਟਿੰਗ ਵਿੱਚ ਸਿੱਖਿਆ ਵਿਭਾਗ ਨਾਲ ਜੁੜੀਆਂ ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸਮੇਤ ਸਬੰਧਤ ਅਧਿਕਾਰੀਆਂ ਨੂੰ ਜ਼ਿਲ੍ਹੇ ਦੇ ਸਾਰੇ ਸਕੂਲਾਂ ਦਾ ਵਿਆਪਕ ਨਿਰੀਖਣ ਕਰਕੇ ਇੱਕ ਮਹੀਨੇ ਦੇ ਅੰਦਰ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਕੂਲਾਂ ’ਤੇ ਨਾਜਾਇਜ਼ ਕਬਜ਼ਿਆਂ, ਚਾਰਦੀਵਾਰੀ, ਬਿਜਲੀ ਲਾਈਨਾਂ, ਟ੍ਰਾਂਸਫਾਰਮਰਾਂ ਦੀ ਸੁਰੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਜੁੜੀਆਂ ਘਾਟਾਂ ਨੂੰ ਪਹਿਲ ਦੇ ਆਧਾਰ ’ਤੇ ਦੂਰ ਕਰਨ ਲਈ ਲੋੜੀਂਦੀਆਂ ਪ੍ਰਵਾਨਗੀਆਂ ਲੈ ਕੇ ਵਿਕਾਸ ਕਾਰਜ ਜਲਦੀ ਸ਼ੁਰੂ ਕਰਨ ਦੇ ਵੀ ਨਿਰਦੇਸ਼ ਦਿੱਤੇ। ਪਿੰਡ ਰੀਗੜ੍ਹ ਵਿੱਚ ਦੂਸ਼ਿਤ ਪੀਣ ਵਾਲੇ ਪਾਣੀ ਨਾਲ ਕੈਂਸਰ ਫੈਲਣ ਦੀ ਸ਼ਿਕਾਇਤ ’ਤੇ ਮੰਤਰੀ ਨੇ ਦੱਸਿਆ ਕਿ ਪਾਣੀ ਦੇ ਸਰੋਤਾਂ ਦੀ ਵਿਗਿਆਨਕ ਜਾਂਚ ਵਿੱਚ ਕੋਈ ਅਨਿਯਮਤਾ ਨਹੀਂ ਮਿਲੀ ਅਤੇ ਕੈਂਸਰ ਦੇ ਸ਼ੱਕ ਵਾਲੇ 62 ਲੋਕਾਂ ਦੀ ਸਿਹਤ ਜਾਂਚ ਵਿੱਚ ਵੀ ਕਿਸੇ ਵਿੱਚ ਕੈਂਸਰ ਦੇ ਲੱਛਣ ਨਹੀਂ ਪਾਏ ਗਏ। ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਵਿੱਚ ਕੋਈ ਨਵਾਂ ਤੱਥ ਸਾਹਮਣੇ ਆਉਂਦਾ ਹੈ ਤਾਂ ਉਸ ਦੀ ਨਿਰਪੱਖ ਜਾਂਚ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।

ਸਿਹਤ ਸੇਵਾਵਾਂ ਦੀ ਸਮੀਖਿਆ ਦੌਰਾਨ ਮੰਤਰੀ ਨੇ ਮੈਡੀਕਲ ਕਾਲਜ ਅਤੇ ਪ੍ਰਾਇਮਰੀ ਅਤੇ ਕਮਿਊਨਿਟੀ ਸਿਹਤ ਕੇਂਦਰਾਂ ਵਿੱਚ ਡਾਕਟਰਾਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਰੈਸ਼ਨਲਾਈਜ਼ੇਸ਼ਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੈਡੀਕਲ ਕਾਲਜ ਵਿੱਚ ਵਧ ਰਹੇ ਮਰੀਜ਼ਾਂ ਨੂੰ ਦੇਖਦੇ ਹੋਏ ਹਸਪਤਾਲ ਦੀ ਸਮਰੱਥਾ ਵਧਾਉਣ ਅਤੇ ਬੈੱਡਾਂ ਦੀ ਗਿਣਤੀ ਵਿੱਚ ਵਾਧਾ ਕਰਨ ਲਈ ਮੁੱਖ ਮੰਤਰੀ ਨਾਲ ਚਰਚਾ ਕਰਕੇ ਲੋੜੀਂਦੇ ਕਦਮ ਚੁੱਕੇ ਜਾਣਗੇ।

# ਸ੍ਰੀ ਅਨੰਦਪੁਰ ਸਾਹਿਬ ਵਿਚ ਉਪ ਮੰਡਲ ਪੱਧਰ ਦਾ ਸੁਤੰਤਰਤਾ ਦਿਵਸ ਸਮਾਰੋਹ ਮਨਾਉਣ ਸਬੰਧੀ ਹੋਈ ਮੀਟਿੰਗ



**ਸ੍ਰੀ ਆਨੰਦਪੁਰ ਸਾਹਿਬ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਉਪ ਮੰਡਲ ਪੱਧਰ ਸ੍ਰੀ ਅਨੰਦਪੁਰ ਸਾਹਿਬ ਦੇ ਚਰਨ ਗੰਗਾ ਸਟੇਡੀਅਮ ਵਿਖੇ ਮਨਾਇਆ ਜਾ ਰਿਹਾ ਹੈ। 30 ਜੁਲਾਈ ਨੂੰ ਸਵੇਰੇ 9 ਵਜੇ ਆਈਟਮਾਂ ਦੀ ਚੋਣ ਕੀਤੀ ਜਾਵੇਗੀ, 11 ਤੇ 12 ਅਗਸਤ ਨੂੰ ਰਿਹਰਸਲ ਅਤੇ 13 ਅਗਸਤ ਨੂੰ ਫੁੱਲ ਡਰੈਸ ਰਿਹਰਸਲ ਕਰਵਾਈ ਜਾਵੇਗੀ।

ਇਹ ਪ੍ਰਗਟਾਵਾ ਅੱਜ ਸੁਖਪਾਲ ਸਿੰਘ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦਫਤਰ ਦੇ ਮੀਟਿੰਗ ਹਾਲ ਵਿਚ ਸੁਤੰਤਰਤਾ ਦਿਵਸ ਮਨਾਉਣ ਸਬੰਧੀ ਹੋਈ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਕੀਤਾ।

ਉਨ੍ਹਾਂ ਦੱਸਿਆ ਕਿ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਮਨਾਏ ਜਾਣ ਵਾਲੇ ਅਜਾਦੀ ਦਿਵਸ ਸਮਾਰੋਹ ਮੌਕੇ ਸਕੂਲਾ ਤੇ ਕਾਲਜਾ ਦੇ ਵਿਦਿਆਰਥੀਆ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੇਣਗੇ, ਪਰੇਡ, ਪੀ.ਟੀ.ਸ਼ੋਅ ਸਮਾਰੋਹ ਦੇ ਮੁੱਖ ਆਕਰਸ਼ਣ ਹੋਣਗੇ।

ਉਨ੍ਹਾਂ ਨੇ ਕਿਹਾ ਕਿ ਅਜਾਦੀ ਦਿਹਾੜੇ ਦੇ ਸਮਾਰੋਹ ਸਾਡੇ ਦੇਸ਼ ਵਿੱਚ ਇੱਕ ਸਮੇਂ ਹਰ ਖੇਤਰ ਵਿੱਚ ਮਨਾਏ ਜਾਣ ਵਾਲੇ ਸਮਾਰੋਹ ਹਨ, ਜੋ ਸਾਨੂੰ ਦੇਸ਼ ਭਗਤੀ ਦੀ ਭਾਵਨਾ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਸਮਾਰੋਹ ਵਾਲੇ ਸਥਾਨ ਤੇ ਸਾਰੀਆਂ ਤਿਆਰੀਆਂ ਢੁਕਵੇ ਢੰਗ ਨਾਲ ਕੀਤੀਆਂ ਜਾਣ। ਇਸ ਮੌਕੇ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

ਜਸ਼ਨਦੀਪ ਸਿੰਘ ਡੀ.ਐਸ.ਪੀ ਨੇ ਦੱਸਿਆ ਕਿ ਉਪ ਮੰਡਲ ਦੇ ਅਜਾਦੀ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਮਨਾਇਆ ਜਾਵੇਗਾ, ਜਿੱਥੇ ਪਹੁੰਚਣ ਵਾਲੇ ਵਿਦਿਆਰਥੀਆਂ, ਦਰਸ਼ਕਾਂ ਤੇ ਪਤਵੰਤੇ ਸ਼ਹਿਰ ਵਾਸੀਆਂ ਲਈ ਸੁਚਾਰੂ ਟ੍ਰੈਫਿਕ ਤੇ ਸਮਾਰੋਹ ਵਾਲੇ ਸਥਾਨ ਤੇ ਵਿਸ਼ੇਸ ਸੁਰੱਖਿਆ ਪ੍ਰਬੰਧ ਹੋਣਗੇ।

ਇਸ ਮੌਕੇ ਤਹਿਸੀਲਦਾਰ ਸੰਦੀਪ ਕੁਮਾਰ, ਇਸ਼ਾਨ ਚੋਧਰੀ ਬੀਡੀਪੀਓ, ਭਾਵਨਾ ਦੀਵਾਨ ਐਸ.ਡੀ.ਓ, ਸੰਜੀਵ ਕੁਮਾਰ ਬੀਪੀਈਓ, ਰਣਜੀਤ ਸਿੰਘ ਐਨ.ਸੀ.ਸੀ.ਅਫਸਰ, ਹਰਵਿੰਦਰ ਕੁਮਾਰ, ਸਤੀਸ਼ ਕੁਮਾਰ, ਸੀਮਾ ਜੱਸਲ, ਭਾਰਤ ਭੂਸ਼ਣ ਬਾਗਬਾਨੀ ਅਫਸਰ, ਇੰਦਰਪਾਲ ਸਿੰਘ ਬੀਪੀਈਓ, ਰਾਜਵਿੰਦਰ ਸਿੰਘ ਇੰਸਟਰਕਟਰ, ਸਿਮਰਨਪਾਲ ਸਿੰਘ, ਕੁਲਜੀਤ ਸਿੰਘ, ਗੁਰਦੀਪ ਕੌਰ, ਜਸਵਿੰਦਰ ਕੌਰ, ਜਸਵਿੰਦਰ ਕੌਰ, ਡਾ.ਅਮਰਿੰਦਰ ਸਿੰਘ, ਅਮਰੀਕ ਸਿੰਘ, ਬਲਜਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।

## ਸੰਪਾਦਕੀ

# ਬੱਚਾ ਗੋਦ ਲੈਣ ਦਾ ਸਭ ਤੋਂ ਵੱਡਾ ਸਾਲਾਨਾ ਅੰਕੜਾ ਬੇਹੱਦ ਤਸੱਲੀਬਖ਼ਸ਼

ਭਾਰਤ ਵਿੱਚ ਪਿਛਲੇ ਦਸ ਸਾਲਾਂ ਦੌਰਾਨ ਬੱਚਾ ਗੋਦ ਲੈਣ ਦਾ ਸਭ ਤੋਂ ਵੱਡਾ ਸਾਲਾਨਾ ਅੰਕੜਾ ਆਇਆ ਹੈ, ਜੋ ਕਿ ਬੇਹੱਦ ਤਸੱਲੀ ਦੀ ਗੱਲ ਹੈ। ਸਾਲ 2025-26 ਦੌਰਾਨ ਪਿਛਲੇ ਸਾਲ ਦੇ 4,515 ਦੇ ਮੁਕਾਬਲੇ 5,022 ਬੱਚਿਆਂ ਨੂੰ ਪਰਿਵਾਰ ਮਿਲੇ ਹਨ। ਇਸ ਤੋਂ ਵੀ ਵੱਧ ਤਸੱਲੀ ਵਾਲੀ ਗੱਲ ਇਹ ਹੈ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਗੋਦ ਲੈਣ ਵਿੱਚ 25 ਫ਼ੀਸਦੀ ਦਾ ਵਾਧਾ ਹੋਇਆ ਹੈ। ਇਹ ਵਾਧਾ ਦਰਸਾਉਂਦਾ ਹੈ ਕਿ ਹੁਣ ਜ਼ਿਆਦਾ ਪਰਿਵਾਰ ਰਵਾਇਤੀ ਸੋਚ ਤੋਂ ਉੱਪਰ ਉੱਠ ਕੇ ਮਾਪੇ ਬਣਨ ਨੂੰ ਤਰਜੀਹ ਦੇ ਰਹੇ ਹਨ, ਪਰ ਇਸ ਪ੍ਰਾਪਤੀ ਦੇ ਨਾਲ ਹੀ ਇੱਕ ਚਿੰਤਾਜਨਕ ਪੱਖ ਵੀ ਸਾਹਮਣੇ ਆਉਂਦਾ ਹੈ। ਸੈਂਟਰਲ ਅਡੌਪਸ਼ਨ ਰਿਸੋਰਸ ਅਥਾਰਿਟੀ ਕੋਲ ਲਗਪਗ 26,000 ਸੰਭਾਵੀ ਮਾਪੇ ਰਜਿਸਟਰਡ ਹਨ, ਫਿਰ ਵੀ ਬਹੁਤ ਸਾਰੇ ਪਰਿਵਾਰਾਂ ਨੂੰ ਖ਼ਾਸਕਰ ਛੋਟੇ ਬੱਚੇ ਲਈ ਤਿੰਨ ਤੋਂ ਚਾਰ ਸਾਲ ਉਡੀਕ ਕਰਨੀ ਪੈਂਦੀ ਹੈ। ਅਸਲ ਸਮੱਸਿਆ ਇੱਛੁਕ ਪਰਿਵਾਰਾਂ ਜਾਂ ਲੋੜਵੰਦ ਬੱਚਿਆਂ ਦੀ ਘਾਟ ਨਹੀਂ ਹੈ। ਹਜ਼ਾਰਾਂ ਬੱਚੇ ਅਜੇ ਵੀ ਬਾਲ ਸੰਭਾਲ ਕੇਂਦਰਾਂ ਵਿੱਚ ਰਹਿ ਰਹੇ ਹਨ, ਪਰ ਲੰਮੀਆਂ ਜਾਂਚਾਂ, ਕਾਗਜ਼ੀ ਕਾਰਵਾਈ ਅਤੇ ਅਦਾਲਤੀ ਪ੍ਰਕਿਰਿਆਵਾਂ ਕਾਰਨ ਉਨ੍ਹਾਂ ਵਿੱਚੋਂ ਮਸਾਂ ਕੁਝ ਕੁ ਬੱਚਿਆਂ ਨੂੰ ਹੀ ਕਾਨੂੰਨੀ ਤੌਰ ’ਤੇ ਗੋਦ ਲੈਣ ਲਈ ਯੋਗ ਐਲਾਨਿਆ ਜਾਂਦਾ ਹੈ, ਪਰ ਬਚਪਨ ਕਾਗਜ਼ੀ ਕਾਰਵਾਈ ਦੀ ਹੌਲੀ ਰਫ਼ਤਾਰ ਕਾਰਨ ਇੰਤਜ਼ਾਰ ਨਹੀਂ ਕਰ ਸਕਦਾ। ਇਸ ਲਈ ਯਤੀਮ ਬੱਚਿਆਂ ਅਤੇ ਉਨ੍ਹਾਂ ਨੂੰ ਅਪਣਾਉਣ ਲਈ ਤਿਆਰ ਮਾਪਿਆਂ ਲਈ ਉਡੀਕ ਦੇ ਇਸ ਲੰਮੇ ਸਮੇਂ ਦਾ ਮੁੱਖ ਕਾਰਨ ਪ੍ਰਸ਼ਾਸਕੀ ਦੇਰੀ ਹੈ। ਇਸ ਦੇਰੀ ਕਾਰਨ ਚੁਕਾਈ ਜਾਣ ਵਾਲੀ ਭਾਵਨਾਤਮਿਕ ਕੀਮਤ ਨੂੰ ਕੋਈ ਵੀ ਅੰਕੜਾ ਬਿਆਨ ਨਹੀਂ ਕਰ ਸਕਦਾ। ਸੰਸਥਾਗਤ ਦੇਖਭਾਲ (ਆਸ਼ਰਮਾਂ) ਵਿੱਚ ਬਿਤਾਇਆ ਗਿਆ ਹਰ ਇੱਕ ਸਾਲ, ਸੁਰੱਖਿਅਤ ਭਾਵਨਾਤਮਿਕ ਰਿਸ਼ਤੇ ਬਣਾਉਣ, ਆਤਮ-ਵਿਸ਼ਵਾਸ ਪੈਦਾ ਕਰਨ ਅਤੇ ਪਰਿਵਾਰਕ ਜੀਵਨ ਦੇ ਆਮ ਰੰਗਾਂ ਨੂੰ ਮਾਣਨ ਤੋਂ ਖੁੰਝਿਆ ਇੱਕ ਸਾਲ ਹੁੰਦਾ ਹੈ। ਭਾਵੇਂ ਇਹ ਸੰਸਥਾਵਾਂ ਬੱਚਿਆਂ ਦੀ ਸੁਰੱਖਿਆ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਪਰ ਇਹ ਉਸ ਨਿੱਘ, ਸਥਿਰਤਾ ਅਤੇ ਪਛਾਣ ਦੀ ਭਾਵਨਾ ਦੀ ਥਾਂ ਨਹੀਂ ਲੈ ਸਕਦੀਆਂ ਜੋ ਸਿਰਫ਼ ਪਿਆਰ ਕਰਨ ਵਾਲਾ ਪਰਿਵਾਰ ਹੀ ਦੇ ਸਕਦਾ ਹੈ।

ਸਮਾਜਿਕ ਸੋਚ ਵਿੱਚ ਬਦਲਾਅ ਲਿਆਉਣਾ ਵੀ ਓਨਾ ਹੀ ਜ਼ਰੂਰੀ ਹੈ। ਵੱਡੀ ਉਮਰ ਦੇ ਬੱਚਿਆਂ, ਭੈਣ-ਭਰਾਵਾਂ ਅਤੇ ਖ਼ਾਸ ਲੋੜਾਂ ਵਾਲੇ ਬੱਚਿਆਂ ਨੂੰ ਅਜੇ ਵੀ ਸਭ ਤੋਂ ਵੱਧ ਉਡੀਕ ਕਰਨੀ ਪੈਂਦੀ ਹੈ ਕਿਉਂਕਿ ਮਾਪੇ ਬਣਨ ਦੇ ਚਾਹਵਾਨ ਬਹੁਤ ਸਾਰੇ ਜੋੜੇ ਅਜਿਹੇ ਬੱਚਿਆਂ ਨੂੰ ਗੋਦ ਲੈਣ ਤੋਂ ਝਿਜਕਦੇ ਹਨ। ਗੋਦ ਲੈਣ ਦੇ ਰੁਝਾਨ ਵਿੱਚ ਵਾਧਾ ਉਮੀਦ ਜਗਾਉਂਦਾ ਹੈ, ਪਰ ਇਸ ਨਾਲ ਸੁਧਾਰ ਵੱਲ ਵੀ ਕਦਮ ਵਧਾਏ ਜਾਣੇ ਚਾਹੀਦੇ ਹਨ। ਕਾਨੂੰਨੀ ਪ੍ਰਕਿਰਿਆਵਾਂ ਨੂੰ ਤੇਜ਼ ਕਰਨਾ, ਯਤੀਮ ਅਤੇ ਲਾਵਾਰਸ ਬੱਚਿਆਂ ਦੀ ਬਿਹਤਰ ਪਛਾਣ, ਪਾਲਣ-ਪੋਸ਼ਣ, ਦੇਖਭਾਲ ਦਾ ਵਿਸਥਾਰ ਅਤੇ ਲਗਾਤਾਰ ਜਾਗਰੂਕਤਾ ਮੁਹਿੰਮਾਂ ਇਹ ਯਕੀਨੀ ਬਣਾ ਸਕਦੀਆਂ ਹਨ ਕਿ ਵੱਧ ਤੋਂ ਵੱਧ ਬੱਚਿਆਂ ਨੂੰ ਸਥਾਈ ਘਰ ਮਿਲ ਸਕਣ।

# ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਨੇ ਤਰਨ ਤਾਰਨ ਵਿਖੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ



ਤਰਨਤਾਰਨ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (ਐੱਨ.ਐੱਚ.ਆਰ.ਸੀ), ਨਵੀਂ ਦਿੱਲੀ ਦੇ ਮੈਂਬਰ ਪ੍ਰਿਯੰਕ ਕਾਨੂੰਨਗੋ ਨੇ ਅੱਜ ਆਪਣੇ ਤਰਨ ਤਾਰਨ ਦੌਰੇ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ, ਜ਼ਿਲ੍ਹਾ ਪ੍ਰਸ਼ਾਸਨ ਨਾਲ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।ਇਸ ਦੌਰਾਨ ਪ੍ਰਿਯੰਕ ਕਾਨੂੰਨਗੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇਸ਼ ਦੇ ਹਰੇਕ ਨਾਗਰਿਕ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਤਰਨ ਤਾਰਨ ਦੌਰੇ ਦੌਰਾਨ ਲੋਕਾਂ ਵੱਲੋਂ ਉਠਾਏ ਗਏ ਹਰ ਮਸਲੇ ਨੂੰ ਕਮਿਸ਼ਨ ਵੱਲੋਂ ਗੰਭੀਰਤਾ ਨਾਲ ਵਿਚਾਰਿਆ ਜਾਵੇਗਾ ਅਤੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਮਾਜਿਕ ਨਿਆਂ ਅਤੇ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਕਮਿਸ਼ਨ ਦੀ ਪ੍ਰਮੁੱਖ ਤਰਜੀਹ ਹੈ।

ਸ੍ਰੀ ਕਾਨੂੰਨਗੋ ਨੇ ਖਾਲੜਾ, ਭਿੱਖੀਵਿੰਡ, ਮਹਿੰਦੀਪੁਰ ਅਤੇ ਤਰਨ ਤਾਰਨ ਵਿਖੇ ਲੋਕਾਂ ਦੀਆਂ ਸ਼ਿਕਾਇਤਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰਾਪਤ ਸ਼ਿਕਾਇਤਾਂ ਦਾ ਨਿਰਧਾਰਤ ਸਮੇਂ ਅੰਦਰ ਨਿਰਪੱਖ ਅਤੇ ਪ੍ਰਭਾਵਸ਼ਾਲੀ ਨਿਪਟਾਰਾ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਸਮੇਂ ਸਿਰ ਇਨਸਾਫ਼ ਅਤੇ ਰਾਹਤ ਮਿਲ ਸਕੇ। ਇਸ ਦੌਰਾਨ ਉਹ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਦੀਪ ਸਿੰਘ ਜੀ, ਪਹੁਵਿੰਡ ਵਿਖੇ ਵੀ ਨਤਮਸਤਕ ਹੋਏ।

ਪ੍ਰਿਯੰਕ ਕਾਨੂੰਨਗੋ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਅਤੇ ਸਮਾਜਿਕ ਸੁਰੱਖਿਆ ਪ੍ਰੋਗਰਾਮਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ।

ਸਮੀਖਿਆ ਦੌਰਾਨ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਰੁਜ਼ਗਾਰ ਉਤਪਤੀ ਯੋਜਨਾ, ਪੀ.ਐੱਮ. ਵਿਸ਼ਵਕਰਮਾ ਯੋਜਨਾ, ਪੋਕਸੋ ਮਾਮਲਿਆਂ ਦੀ ਸਥਿਤੀ, ਆਯੂਸ਼ਮਾਨ ਭਾਰਤ ਸਿਹਤ ਬੀਮਾ ਯੋਜਨਾ, ਮਿਸ਼ਨ ਵਤਸਾਲਿਆ, ਸੇਫ਼ ਸਕੂਲ ਵਾਹਨ ਸਕੀਮ, ‘ਬੇਟੀ ਬਚਾਓ-ਬੇਟੀ ਪੜ੍ਹਾਓ’, ਦਿਵਿਆਂਗ ਕੁਸ਼ਲ ਯੋਜਨਾਵਾਂ, ਸਿੱਖਿਆ ਵਿਭਾਗ ਦੀਆਂ ਪਹਿਲਕਦਮੀਆਂ ਅਤੇ ਹੋਰ ਸਮਾਜਿਕ ਸੁਰੱਖਿਆ ਨਾਲ ਸਬੰਧਤ ਸਕੀਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਸ੍ਰੀ ਕਾਨੂੰਨਗੋ ਨੇ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਇਆ ਜਾਵੇ ਅਤੇ ਕਿਸੇ ਵੀ ਯੋਗ ਵਿਅਕਤੀ ਨੂੰ ਬੇਵਜ੍ਹਾ ਖੱਜਲ-ਖੁਆਰ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕ-ਭਲਾਈ ਯੋਜਨਾਵਾਂ ਦਾ ਪ੍ਰਭਾਵੀ ਲਾਗੂਕਰਨ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਆਦਿੱਤਿਆ ਸ਼ਰਮਾ, ਐੱਸ.ਡੀ.ਐੱਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐੱਸ.ਡੀ.ਐੱਮ ਖਡੂਰ ਸਾਹਿਬ ਸੰਜੀਵ ਸ਼ਰਮਾ, ਐੱਸ.ਡੀ.ਐੱਮ ਪੱਟੀ ਅਮਨਦੀਪ, ਐੱਸ.ਡੀ.ਐੱਮ ਭਿੱਖੀਵਿੰਡ ਜਗਦੀਪ ਸਿੰਘ, ਐੱਸ.ਪੀ ਸੁਖਨਿੰਦਰ ਸਿੰਘ, ਡੀ.ਡੀ.ਪੀ.ਓ ਦੇਵਿੰਦਰ ਸਿੰਘ, ਸਿਵਲ ਸਰਜਨ ਡਾ. ਸੰਦੀਪ ਧਵਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।

# ਠੋਸ ਕੂੜਾ ਪ੍ਰਬੰਧਨ ਅਤੇ ਪਲਾਸਟਿਕ ਕੂੜਾ ਪ੍ਰਬੰਧਨ ਸਬੰਧੀ ਚਲਾਈ ਵਿਸ਼ੇਸ਼ ਜਾਗਰੂਕਤਾ ਮੁਹਿੰਮ



ਤਰਨਤਾਰਨ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਤਰਨ ਤਾਰਨ ਸੰਜੀਵ ਕੁਮਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਬਲਾਕ ਚੋਹਲਾ ਸਾਹਿਬ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਬਲਾਕ ਚੋਹਲਾ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਅਤੇ ਪਲਾਸਟਿਕ ਕੂੜਾ ਪ੍ਰਬੰਧਨ ਸਬੰਧੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਸਰਪੰਚਾਂ, ਗ੍ਰਾਮ ਪੰਚਾਇਤਾਂ, ਜਲ ਸਪਲਾਈ ਅਤੇ ਸੈਨੀਟੇਸ਼ਨ ਕਮੇਟੀਆਂ, ਸਕੂਲੀ ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੂੰ ਸਫ਼ਾਈ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ। ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਸੈਮੀਨਾਰਾਂ, ਜਾਗਰੂਕਤਾ ਕੈਂਪਾਂ ਅਤੇ ਰੈਲੀਆਂ ਦਾ ਆਯੋਜਨ ਕਰਕੇ ਲੋਕਾਂ ਨੂੰ ਕੂੜੇ ਦੀ ਸਹੀ ਛਾਂਟ, ਪਲਾਸਟਿਕ ਦੀ ਘੱਟ ਤੋਂ ਘੱਟ ਵਰਤੋਂ ਅਤੇ ਸਾਫ਼-ਸੁਥਰੇ ਵਾਤਾਵਰਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਸ੍ਰੀ ਗੁਰਪ੍ਰੀਤ ਸਿੰਘ ਨੇ ਸਮੂਹ ਪਿੰਡ ਵਾਸੀਆਂ ਨੂੰ ਨਿੱਜੀ ਸਫ਼ਾਈ, ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ, ਪਾਣੀ ਦੀ ਦੁਰਵਰਤੋਂ ਨੂੰ ਰੋਕਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਦੀ ਅਪੀਲ ਕੀਤੀ।

ਇਸ ਤੋਂ ਇਲਾਵਾ ਜਲ ਸ਼ਕਤੀ ਅਭਿਆਨ - ਕੈਚ ਦ ਰੇਨ ਮੁਹਿੰਮ ਤਹਿਤ ਲੋਕਾਂ ਨੂੰ ਮੀਂਹ ਦੇ ਪਾਣੀ ਦੀ ਸੰਭਾਲ, ਵਰਖਾ ਜਲ ਸੰਭਾਲ ਪ੍ਰਣਾਲੀਆਂ ਅਪਣਾਉਣ ਅਤੇ ਪਾਣੀ ਦੀ ਯੋਗ ਅਤੇ ਸੁਚੱਜੀ ਵਰਤੋਂ ਲਈ ਪ੍ਰੇਰਿਤ ਕੀਤਾ ਗਿਆ, ਤਾਂ ਜੋ ਭਵਿੱਖ ਲਈ ਜਲ ਸਰੋਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

# ਨਰਾਇਣੀਪੁਰ ਅਤੇ ਤਲਵੰਡੀ ਪਿੰਡਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ



ਗੁਰਦਾਸਪੁਰ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ। ਦੀਨਾਨਗਰ ਹਲਕੇ ਦੇ ਪਿੰਡ ਨਰਾਇਣੀਪੁਰ ਅਤੇ ਤਲਵੰਡੀ ਵਿਖੇ ਦਿਖਾਈ ਦਸਤਾਵੇਜ਼ੀ ਫਿਲਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾਵੇਗੀ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ।

ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡ ਵਾਸੀ ਹਾਜ਼ਰ ਸਨ।

# ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ



ਗੁਰਦਾਸਪੁਰ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੰਜਾਬ ਸਰਕਾਰ ਵੱਲੋਂ ਯੋਗ ਉਮੀਦਵਾਰਾਂ ਨੂੰ ਪਾਰਦਰਸ਼ੀ ਢੰਗ ਨਾਲ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਉਣ ਦੀ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਵਿਖੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ’ਤੇ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ-ਰਹਿਤ ਢੰਗ ਨਾਲ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਹੁਣ ਤੱਕ ਵੱਖ-ਵੱਖ ਵਿਭਾਗਾਂ ਵਿੱਚ ਹਜ਼ਾਰਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਰੁਜ਼ਗਾਰ ਦੇ ਹੋਰ ਮੌਕੇ ਉਪਲਬਧ ਕਰਵਾਉਣ ਲਈ ਭਰਤੀ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਯੋਗ ਨੌਜਵਾਨ ਨੂੰ ਉਸ ਦੀ ਮਿਹਨਤ ਅਤੇ ਯੋਗਤਾ ਦੇ ਆਧਾਰ ’ਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ।

ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਅਤੇ ਮਜ਼ਬੂਤ ਹੋਵੇਗਾ, ਸਗੋਂ ਪੰਜਾਬ ਦੇ ਵਿਕਾਸ ਨੂੰ ਵੀ ਨਵੀਂ ਗਤੀ ਮਿਲੇਗੀ। ਉਨ੍ਹਾਂ ਇਹ ਵੀ ਕਿਹਾ ਕਿ ਆਂਗਣਵਾੜੀ ਕੇਂਦਰ ਬੱਚਿਆਂ, ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਇਸ ਲਈ ਨਵ-ਨਿਯੁਕਤ ਵਰਕਰ ਆਪਣੀਆਂ ਸੇਵਾਵਾਂ ਪੂਰੀ ਤਨਦੇਹੀ ਨਾਲ ਨਿਭਾਉਣ।

# ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਸਕੂਲ ਬੈਗ ਵੰਡੇ



ਬਟਾਲਾ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਸਕੂਲ ਆਫ਼ ਐਮੀਨੈਂਸ, ਧਰਮਪੁਰਾ ਕਲੋਨੀ, ਬਟਾਲਾ ਵਿਖੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਚਲਾਈ ਗਈ ਮੁਹਿੰਮ ਤਹਿਤ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ। ਇਸ ਮੌਕੇ ਬੱਚਿਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਡਿਪਟੀ ਡੀ.ਈ.ਓ. ਅਨਿਲ ਸ਼ਰਮਾ ਜੀ, ਯੂਥ ਵਿੰਗ ਹਲਕਾ ਇੰਚਾਰਜ ਵੀਨੂ ਕਾਹਲੋਂ , ਕੌਂਸਲਰ ਬੰਟੀ , ਲੰਬਰਦਾਰ ਅਮਰੀਕ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਰਹੇ।ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਅੱਜ ਸਾਡੇ ਸਰਕਾਰੀ ਸਕੂਲਾਂ ਦੇ ਬੱਚੇ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਬਦਲਾਅ ਦੀ ਇੱਕ ਨਵੀਂ ਸਵੇਰ ਆਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਡਿਜ਼ੀਟਲ ਅਤੇ ਇੰਟਰਐਕਟਿਵ ਢੰਗ ਨਾਲ ਪੜ੍ਹਾਈ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ।

ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਵੱਲ ਧਿਆਨ ਦੇਣ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਸਮਾਜ ਦੀ ਤਰੱਕੀ ਦੀ ਕੁੰਜੀ ਹੈ ਅਤੇ ਸਰਕਾਰ ਹਮੇਸ਼ਾ ਵਿਦਿਆਰਥੀਆਂ ਦੀ ਮਦਦ ਲਈ ਵਚਨਬੱਧ ਹੈ।

# ਨੌਜਵਾਨਾਂ ਵੱਲੋਂ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਜੀ ਦੀ 151ਵੀਂ ਜਯੰਤੀ ਨੂੰ ਸਮਰਪਿਤ ਭਾਸ਼ਣ ਮੁਕਾਬਲਿਆਂ ਵਿੱਚ ਭਾਗ ਲੈਣਾ ਸ਼ਲਾਘਾਯੋਗ ਕਦਮ : ਸੁਖਜਿੰਦਰ ਬਾਜਵਾ



ਪਟਿਆਲਾ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਵਿਖੇ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਨਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਸਿੰਘ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ,ਅਤੇ ਸੀਨੀਅਰ ਕਪਤਾਨ ਪੁਲਿਸ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਮਾਊਨਿਟੀ ਅਫੇਅਰ ਅਫ਼ਸਰ ਪਟਿਆਲਾ ਵੈਭਵ ਚੋਧਰੀ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਾਰਤ ਦੇ ਲੋਹ ਪੁਰਸ਼ ਅਤੇ ਪਹਿਲੇ ਗ੍ਰਹਿ ਮੰਤਰੀ ਸਰਦਾਰ ਵੱਲਭ ਭਾਈ ਪਟੇਲ ਜੀ ਦੀ 151ਵੀਂ ਜਯੰਤੀ ਨੂੰ ਸਮਰਪਿਤ ਇੱਕ ਵਿਸ਼ੇਸ਼ ਭਾਸ਼ਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਕੀਤੀ।ਪ੍ਰੋਗਰਾਮ ਦਾ ਉਦਘਾਟਨ ਰਾਕੇਸ਼ ਬੰਗਾ ਪ੍ਰਿੰਸੀਪਲ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਨੇ ਕੀਤਾ।ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ ਨੇ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ, ਅਨਿਲ ਖੰਨਾ ਹੋਸਟਲ ਸੁਪਰਡੈਂਟ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੋਰ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ ਵੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਸੁਖਜਿੰਦਰ ਬਾਜਵਾ ਅਤੇ ਪਰਮਿੰਦਰ ਭਲਵਾਨ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਸਰਦਾਰ ਪਟੇਲ ਜੀ ਦੇ ਜੀਵਨ, ਉਨ੍ਹਾਂ ਦੀ ਦੂਰਦਰਸ਼ੀ ਸੋਚ, ਰਾਸ਼ਟਰੀ ਏਕਤਾ ਵਿੱਚ ਪਾਏ ਯੋਗਦਾਨ ਅਤੇ ਦੇਸ਼ ਭਗਤੀ ਤੋਂ ਜਾਣੂ ਕਰਵਾਉਣਾ ਸੀ। ਸਾਂਝ ਕੇਂਦਰਾਂ ਦਾ ਮੁੱਖ ਮਕਸਦ ਪੁਲਿਸ ਅਤੇ ਪਬਲਿਕ ਵਿਚਾਲੇ ਆਪਸੀ ਤਾਲਮੇਲ ਅਤੇ ਵਿਸ਼ਵਾਸ ਨੂੰ ਮਜ਼ਬੂਤ ਕਰਨਾ ਹੈ ਅਤੇ ਇਸ ਤਰ੍ਹਾਂ ਦੇ ਸਮਾਗਮ ਇਸੇ ਕੜੀ ਦਾ ਹਿੱਸਾ ਹਨ।

ਇਸ ਭਾਸ਼ਣ ਮੁਕਾਬਲੇ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਦੇ ਲਗਭਗ 35 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦਾ ਵਿਸ਼ਾ ਰਾਸ਼ਟਰੀ ਏਕਤਾ ਵਿੱਚ ਸਰਦਾਰ ਵੱਲਭ ਭਾਈ ਪਟੇਲ ਜੀ ਦੀ ਭੂਮਿਕਾ ਅਤੇ ਅੱਜ ਦੇ ਭਾਰਤ ਵਿੱਚ ਉਨ੍ਹਾਂ ਦੇ ਵਿਚਾਰਾਂ ਦੀ ਪ੍ਰਸੰਗਿਕਤਾ ਰੱਖਿਆ ਗਿਆ ਸੀ। ਵਿਦਿਆਰਥੀਆਂ ਨੇ ਆਪਣੇ ਪ੍ਰਭਾਵਸ਼ਾਲੀ ਵਿਚਾਰਾਂ ਰਾਹੀਂ ਦੱਸਿਆ ਕਿ ਕਿਵੇਂ ਸਰਦਾਰ ਪਟੇਲ ਜੀ ਨੇ 562 ਰਿਆਸਤਾਂ ਨੂੰ ਇੱਕਜੁੱਟ ਕਰਕੇ ਅਖੰਡ ਭਾਰਤ ਦਾ ਨਿਰਮਾਣ ਕੀਤਾ ਅਤੇ ਕਿਵੇਂ ਉਨ੍ਹਾਂ ਦੀ ‘ਏਕ ਭਾਰਤ, ਸ਼੍ਰੇਸ਼ਠ ਭਾਰਤ’ ਦੀ ਸੋਚ ਅੱਜ ਵੀ ਦੇਸ਼ ਨੂੰ ਮਜ਼ਬੂਤੀ ਪ੍ਰਦਾਨ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਜੀ ਸਿਰਫ਼ ਇੱਕ ਰਾਜਨੀਤਕ ਨੇਤਾ ਹੀ ਨਹੀਂ ਸਗੋਂ ਤਿਆਗ, ਅਨੁਸ਼ਾਸਨ ਅਤੇ ਲੋਹੇ ਵਰਗੇ ਇਰਾਦੇ ਦਾ ਪ੍ਰਤੀਕ ਸਨ। ਉਨ੍ਹਾਂ ਕਿਹਾ ਕਿ ਪਟਿਆਲਾ ਪੁਲਿਸ ਸਮਾਜ ਵਿੱਚ ਸ਼ਾਂਤੀ ਅਤੇ ਏਕਤਾ ਬਣਾਈ ਰੱਖਣ ਲਈ ਵਚਨਬੱਧ ਹੈ ਅਤੇ ਸਾਂਝ ਕੇਂਦਰਾਂ ਰਾਹੀਂ ਨੌਜਵਾਨਾਂ ਨੂੰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨ ਦੇ ਯਤਨ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਕੰਮ ਕਰਨ ਦੀ ਪ੍ਰੇਰਣਾ ਵੀ ਦਿੱਤੀ।

ਮੁਕਾਬਲੇ ਦੇ ਅੰਤ ਵਿੱਚ ਜੱਜਾਂ ਦੇ ਫੈਸਲੇ ਅਨੁਸਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਬਾਕੀ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਪ੍ਰਸ਼ੰਸਾ ਪੱਤਰ ਦਿੱਤੇ ਗਏ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ




ਤਰਨਤਾਰਨ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਬੇਰੋਜ਼ਗਾਰ ਨੌਜਵਾਨ ਪ੍ਰਾਰਥੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਤਰਨ ਤਾਰਨ ਡਾ. ਆਦਿੱਤਿਆ ਸ਼ਰਮਾ ਦੀ ਰਹਿਨੁਮਾਈ ਹੇਠ ਮਿਤੀ 30-07-2026 ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 1:30 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ, ਕਮਰਾ ਨੰਬਰ 115, ਪਹਿਲੀ ਮੰਜ਼ਿਲ, ਡੀ.ਸੀ ਦਫਤਰ ਕੰਪਲੈਕਸ, ਸਰਹਾਲੀ ਰੋਡ (ਪਿੰਡ ਪਿੱਦੀ) ਤਰਨ ਤਾਰਨ ਵਿਖੇ ਪਲੇਸਮੈਂਟ ਕੈਂਪ ਅਤੇ ਸਵੈ-ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਤਰਨ ਤਾਰਨ ਵਿਕਰਮ ਜੀਤ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਵਿੱਚ ਈਬੈਕਸ ਵਰਲਡ ਕੰਪਨੀ ਭਾਗ ਲੈ ਰਹੀ ਹੈ। ਕੰਪਨੀ ਨੂੰ ਜਲੰਧਰ ਵਿੱਚ ਕੰਮ ਕਰਨ ਲਈ ਕੇਵਲ ਲੜਕੇ ਚਾਹੀਦੇ ਹਨ। (ਉਮਰ ਹੱਦ 18 ਤੋਂ 35 ਸਾਲ) ਯੋਗਤਾ ਘੱਟੋ-ਘੱਟ +2 ਪਾਸ ) (ਤਨਖਾਹ 12000/ +ਇਨਸੇਂਟਿਵ)। ਪ੍ਰਾਰਥੀ ਕੋਲ ਆਪਣੀ ਬਾਈਕ ਤੇ ਲਾਇਸੰਸ ਹੋਣਾ ਚਾਹੀਦਾ ਹੈ, ਪੈਟਰੋਲ ਦਾ ਖ਼ਰਚਾ ਅਲੱਗ ਮਿਲੇਗਾ, ਰਹਿਣਾ ਫਰੀ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਰੋਜ਼ਗਾਰ ਦਫ਼ਤਰ ਵਿਖੇ ਸਵੈ-ਰੋਜ਼ਗਾਰ ਕੈਂਪ ਦਾ ਆਯੋਜਨ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਤਰਨ ਤਾਰਨ, ਡਿਪਟੀ ਡਾਇਰੈਕਟਰ ਡੇਅਰੀ ਵਿਭਾਗ ਤਰਨ ਤਾਰਨ, ਡਿਪਟੀ ਡਾਇਰੈਕਟਰ ਮੱਛੀ ਪਾਲਣ ਤਰਨ ਤਾਰਨ, ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਤਰਨ ਤਾਰਨ, ਜ਼ਿਲ੍ਹਾ ਮੈਨੇਜਰ ਐਸ.ਸੀ.ਐਫ.ਸੀ ਤਰਨ ਤਾਰਨ, ਲੀਡ ਜ਼ਿਲ੍ਹਾ ਮੈਨੇਜਰ ਤਰਨ ਤਾਰਨ ਦੇ ਸਹਿਯੋਗ ਨਾਲ ਸਵੈ-ਰੋਜ਼ਗਾਰ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਉਪਲਬੱਧ ਸਵੈ-ਰੋਜ਼ਗਾਰ ਸਕੀਮਾਂ/ਟ੍ਰੇਨਿੰਗ/ਲੋਨ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ।

# ਸਿਵਲ ਸਰਜਨ ਦਫਤਰ ਵਿਖੇ ਮਨਾਇਆ ਗਿਆ ਵਿਸ਼ਵ ਹੈਪੇਟਾਈਟਿਸ ਦਿਵਸ




ਤਰਨਤਾਰਨ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ, ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਤੇ ਸਿਵਲ ਸਰਜਨ ਡਾ. ਸੰਦੀਪ ਧਵਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਤਰਨ ਤਾਰਨ ਡਾ. ਭਾਰਤੀ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰਪਾਲ ਕੌਰ ਦੀ ਅਗਵਾਈ ਹੇਠ ਦਫ਼ਤਰ ਸਿਵਲ ਸਰਜਨ ਤਰਨ ਤਾਰਨ ਵਿਖੇ ਅੰਤਰਰਾਸ਼ਟਰੀ ਹੈਪੇਟਾਈਟਿਸ ਦਿਵਸ ਇਸ ਸਾਲ ਦੇ ਥੀਮ ਹੈਪਾਟਾਈਟਿਸ ਆਓ ਇਸ ਨੂੰ ਤੋੜੀਏ” ਤਹਿਤ ਜ਼ਿਲ੍ਹਾ ਨੋਡਲ ਅਫ਼ਸਰ ਡਾ. ਰਣਦੀਪ ਸਿੰਘ ਦੀ ਦੇਖ—ਰੇਖ ਹੇਠ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਦਫ਼ਤਰ ਸਿਵਲ ਸਰਜਨ ਤਰਨ ਤਾਰਨ ਦੇ ਸਟਾਫ਼ ਆਦਿ ਨਾਲ ਮਨਾਇਆ ਗਿਆ।

ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਦੀਪ ਧਵਨ ਨੇ ਕਿਹਾ ਕਿ ਵਿਸ਼ਵ ਸਿਹਤ ਸੰਸਥਾ ਵੱਲੋਂ 31 ਮਈ 2010 ਨੂੰ ਇਕ ਵਿਸ਼ੇਸ਼ ਇਜਲਾਸ ਬੁਲਵਾ ਕੇ ਪੂਰੇ ਵਿਸ਼ਵ ਵਿਚ 28 ਜੁਲਾਈ ਨੂੰ ਇਹ ਦਿਨ ਮਨਾਉਣ ਦਾ ਫ਼ੈਸਲਾ ਕੀਤਾ ਗਿਆ ਸੀ। ਇਸ ਇਜਲਾਸ ਨੂੰ ਮਨਾਉਣ ਦਾ ਮੁੱਖ ਮਕਸਦ ਹੈਪਾਟਾਈਟਿਸ ਦੀ ਰੋਕਥਾਮ, ਕੰਟਰੋਲ ਅਤੇ ਇਲਾਜ ਉਮੀਦ ਮੁਤਾਬਿਕ ਨਾ ਹੋਣ ’ਤੇ ਚਿੰਤਾ ਪ੍ਰਗਟਾਈ। ਡਾ. ਸੰਦੀਪ ਧਵਨ ਨੇ ਦੱਸਿਆ ਕਿ ਪੀਲੀਆ ਜਿਗਰ ਦੀ ਇਕ ਵਾਇਰਲ ਇਨਫੈਕਸ਼ਨ ਨਾਲ ਹੁੰਦਾ ਹੈ। ਉਨ੍ਹਾਂ ਦੱਸਿਆ ਜ਼ਿਲ੍ਹੇ ਅੰਦਰ 28 ਜੁਲਾਈ 2026 ਤੋਂ ਲੈਕੇ 12 ਅਗਸਤ 2026 ਤੱਕ ਇਸ ਸੰਬੰਧੀ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ, ਜਿਸ ਵਿਚ ਵਲੰਟੀਅਰ ਸਕਰੀਨਿੰਗ ਹਾਈਰਿਸਕ ਗਰੁੱਪ ਵਿਚ ਵੱਧ ਤੋਂ ਵੱਧ ਕੀਤੀ ਜਾਵੇ। ਉਨ੍ਹਾਂ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਇਸ ਸਬੰਧੀ ਬਲਾਕ ਪੱਧਰ ’ਤੇ ਪ੍ਰੋਗਰਾਮ ਕੀਤੇ ਜਾਣ ਅਤੇ ਆਮ ਲੋਕਾਂ ਵਿਚ ਹੈਪਾਟਾਈਟਿਸ ਪ੍ਰਤੀ ਜਾਗਰੂਕਤਾ ਫੈਲਾਈ ਜਾਵੇ, ਤਾਂ ਕਿ ਇਸ ਨੂੰ 2030 ਤੱਕ ਜੜ੍ਹੋਂ ਖਤਮ ਕੀਤਾ ਜਾ ਸਕੇ।

ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਭਾਰਤੀ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਹੈਪੇਟਾਈਟਿਸ ਏ.ਬੀ.ਸੀ.ਡੀ ਅਤੇ ਈ. ਪੰਜ ਤਰ੍ਹਾਂ ਦਾ ਹੁੰਦਾ ਹੈ। ਜਦਕਿ ਆਮ ਤੌਰ ’ਤੇ ਬੀ. ਅਤੇ ਸੀ. ਦੇ ਜ਼ਿਆਦਾਤਰ ਰੋਗੀ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਏ. ਅਤੇ ਈ. ਦੂਸ਼ਿਤ ਭੋਜਨ, ਦੂਸ਼ਿਤ ਪਾਣੀ, ਖ਼ਰਾਬ ਅਤੇ ਬਾਸੀ ਭੋਜਨ ਅਤੇ ਖੁੱਲ੍ਹੇ ਵਿਚ ਮਲ-ਮੂਤਰ ਨਾਲ ਹੁੰਦਾ ਹੈ। ਇਸ ਵਿਚ ਜ਼ਿਆਦਾਤਰ ਸਾਫ਼ ਪਾਣੀ ਅਤੇ ਵਿਸ਼ੇਸ਼ ਸਾਫ-ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ।

ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ-ਕਮ-ਨੋਡਲ ਅਫ਼ਸਰ ਡਾ. ਰਣਦੀਪ ਸਿੰਘ ਨੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੈਪੇਟਾਈਟਿਸ ਸੀ. ਨੂੰ ਕਾਲਾ ਪੀਲੀਆ ਵੀ ਕਿਹਾ ਜਾਂਦਾ ਹੈ।

# ਬਲਵਿੰਦਰ ਸਿੰਘ ਲਾਡੀ ਨੇ ਪਿੰਡ ਖੁਜਾਲਾ ਵਿਖੇ ਜਰੂਰਤਮੰਦ ਪਰਿਵਾਰਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ

ਬਟਾਲਾ, 2 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਆਗੂ ਬਲਵਿੰਦਰ ਸਿੰਘ ਲਾਡੀ ਨੇ ਪਿੰਡ ਖੁਜਾਲਾ ਵਿਖੇ ਲੋਕ ਮਿਲਣੀ ਦੌਰਾਨ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਦੌਰਾਨ ਉਨ੍ਹਾਂ ਲੋਕਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ।

ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਮਾਨ ਸਰਾਕਰ ਨੇ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਸਾਰੇ ਪੂਰੇ ਕੀਤੇ ਹਨ ਤੇ ਉਸ ਤੋਂ ਵੱਧ ਕੇ ਕੰਮ ਕੀਤੇ ਹਨ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਇਸ ਵਿਸ਼ੇਸ਼ ਰਾਸ਼ਨ ਕਿੱਟ ਵਿੱਚ ਗਰੀਬ ਪਰਿਵਾਰਾਂ ਦੀ ਰੋਜ਼ਾਨਾ ਰਸੋਈ ਦੀ ਵਰਤੋਂ ਵਾਲੀਆਂ ਮਿਆਰੀ ਵਸਤੂਆਂ ਸ਼ਾਮਲ ਹਨ, ਜੋ ਸਿੱਧੇ ਤੌਰ ਤੇ ਉਨ੍ਹਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਕੋਈ ਵੀ ਲੋੜਵੰਦ ਪਰਿਵਾਰ ਰਾਸ਼ਨ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।

ਇਸ ਮੌਕੇ ਰਾਸ਼ਨ ਕਿੱਟਾਂ ਹਾਸਲ ਕਰਨ ਵਾਲੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਇਹ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਬਿਲਕੁਲ ਸਹੀ ਸਮੇਂ ਤੇ ਸਿੱਧੇ ਲੋੜਵੰਦਾਂ ਤੱਕ ਪਹੁੰਚ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।

# ਭਗਵੰਤ ਮਾਨ ਨੇ 40 ਲੱਖ ਔਰਤਾਂ ਨੂੰ ਦਿੱਤਾ ਤੋਹ.ਫਾ, 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਖਾਤਿਆਂ 'ਚ ਰਾਸ਼ੀ ਜਮ੍ਹਾਂ

**ਪਠਾਨਕੋਟ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪਛਾਣ ਹੀ ਆਪਣੇ ਵਾਅਦੇ ਨਿਭਾਉਣ ਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਹੋਣ ਜਾਂ ਉਨ੍ਹਾਂ ਵੱਲੋਂ ਮੁੱਖ ਮੰਤਰੀ ਵਜੋਂ ਕੀਤੇ ਐਲਾਨ, ਸਰਕਾਰ ਨੇ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ। ਪੰਜਾਬ ਸਰਕਾਰ ਵੱਲੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਸੂਬੇ ਦੀਆਂ ਕਰੀਬ 40 ਲੱਖ ਮਹਿਲਾਵਾਂ ਦੇ ਬੈਂਕ ਖਾਤਿਆਂ 'ਚ ਵਿੱਤੀ ਸਹਾਇਤਾ ਦੀ ਰਾਸ਼ੀ ਜਮ੍ਹਾਂ ਕਰਵਾਈ ਗਈ। ਇਸ ਮੌਕੇ ਜ਼ਿਲ੍ਹਾ ਪਠਾਨਕੋਟ ਦੇ ਬਲਾਕ ਧਾਰਕਲਾਂ ਸਥਿਤ ਵਾਈਟ ਹਾਊਸ ਹਸਪਤਾਲ ਦੇ ਮੈਦਾਨ 'ਚ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਯੋਜਨਾ ਦੀ ਰਸਮੀ ਸ਼ੁਰੂਆਤ ਕਰਦਿਆਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਇਕ-ਇੱਕ ਕਰ ਕੇ ਪੂਰਾ ਕੀਤਾ ਹੈ ਤੇ ਮਹਿਲਾ ਸਸ਼ਕਤੀਕਰਨ ਲਈ ਇਹ ਇਤਿਹਾਸਕ ਕਦਮ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਇਹ ਰਕਮ ਭਾਵੇਂ ਕਿਸੇ ਨੂੰ ਅਮੀਰ ਨਹੀਂ ਬਣਾਉਂਦੀ, ਪਰ ਹਰ ਮਹਿਲਾ ਨੂੰ ਆਰਥਿਕ ਤੌਰ 'ਤੇ ਆਤਮਨਿਰਭਰ ਬਣਾਉਣ ਵੱਲ ਇਹ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਮਹਿਲਾਵਾਂ ਦਾ ਆਪਣਾ ਹੱਕ ਹੈ, ਜਿਸ ਨਾਲ ਉਹ ਆਪਣੀਆਂ ਘਰੇਲੂ ਲੋੜਾਂ, ਬੱਚਿਆਂ ਦੀ ਸਿੱਖਿਆ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਸਮਾਜਿਕ ਰਸਮਾਂ ਨੂੰ ਬਿਨਾਂ ਕਿਸੇ ਉੱਤੇ ਨਿਰਭਰ ਹੋਏ ਪੂਰਾ ਕਰ ਸਕਣਗੀਆਂ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪਛਾਣ ਹੀ ਆਪਣੇ ਵਾਅਦੇ ਨਿਭਾਉਣ ਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਹੋਣ ਜਾਂ ਉਨ੍ਹਾਂ ਵੱਲੋਂ ਮੁੱਖ ਮੰਤਰੀ ਵਜੋਂ ਕੀਤੇ ਐਲਾਨ, ਸਰਕਾਰ ਨੇ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਉਹੀ ਵਾਅਦਾ ਕਰਦੀ ਹੈ, ਜਿਸ ਨੂੰ ਪੂਰਾ ਕਰਨ ਦਾ ਦਮ ਰੱਖਦੀ ਹੈ ਅਤੇ ਜੋ ਵਾਅਦਾ ਕਰ ਦਿੰਦੀ ਹੈ, ਉਸ ਨੂੰ ਹਰ ਹਾਲਤ ਵਿੱਚ ਨਿਭਾਉਂਦੀ ਹੈ।

ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿੱਚ 32 ਲੱਖ ਮਹਿਲਾਵਾਂ ਨੂੰ ਯੋਜਨਾ ਦਾ ਲਾਭ ਮਿਲਿਆ ਸੀ, ਜਦਕਿ ਹੁਣ ਇਹ ਗਿਣਤੀ ਵੱਧ ਕੇ 40 ਲੱਖ ਹੋ ਗਈ ਹੈ। ਜਿਨ੍ਹਾਂ ਮਹਿਲਾਵਾਂ ਨੇ ਬਾਅਦ ਵਿੱਚ ਅਰਜ਼ੀਆਂ ਦਿੱਤੀਆਂ ਹਨ, ਉਨ੍ਹਾਂ ਨੂੰ ਵੀ ਤਿੰਨ ਮਹੀਨਿਆਂ ਦੀ ਬਣਦੀ ਰਾਸ਼ੀ ਮਿਲੇਗੀ। ਕਿਸੇ ਵੀ ਲਾਭਪਾਤਰੀ ਨਾਲ ਕੋਈ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦੀ ਨੀਅਤ ਸਾਫ਼ ਹੈ ਅਤੇ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਗਈਆਂ ਯੋਜਨਾਵਾਂ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਮਿਲਣ ਵਾਲੀ ਇਹ ਸਹਾਇਤਾ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਦੇ ਨਾਲ-ਨਾਲ ਪਰਿਵਾਰਾਂ ਦੀ ਭਲਾਈ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਪੰਜਾਬ ਆਮ ਆਦਮੀ ਪਾਰਟੀ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਨਾਲ ਕੀਤੇ ਵਾਅਦਿਆਂ ਨੂੰ ਸਮੇਂ ਸਿਰ ਪੂਰਾ ਕਰ ਰਹੀ ਹੈ ਅਤੇ ਲੋਕਾਂ ਦਾ ਭਰੋਸਾ ਹੀ ਸਰਕਾਰ ਦੀ ਸਭ ਤੋਂ ਵੱਡੀ ਤਾਕਤ ਹੈ।

ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ, ਸੁਜਾਨਪੁਰ ਇੰਚਾਰਜ ਸਵਰਨ ਸਲਾਰੀਆ, ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਸੰਧੂ, ਪਠਾਨਕੋਟ ਇੰਚਾਰਜ ਰੋਹਿਤ ਸਿਆਲ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਜੰਗ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ : ਰਾਜਪਾਲ ਗੁਲਾਬ ਚੰਦ ਕਟਾਰੀਆ

**ਪਟਿਆਲਾ, 2 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਹੈ ਕਿ ਨਸ਼ਿਆਂ ਵਿਰੁੱਧ ਲੜਾਈ ਕੇਵਲ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਸਿਰਫ ਪੰਜਾਬ ਦੀ ਹੀ ਨਹੀਂ, ਸਗੋਂ ਪੂਰੇ ਦੇਸ਼ ਦੀ ਗੰਭੀਰ ਸਮੱਸਿਆ ਹੈ ਕਿਉਂਕਿ ਦੇਸ਼ ਵਿਰੋਧੀ ਤਾਕਤਾਂ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਦੇ ਜਾਲ ਵਿੱਚ ਫਸਾ ਕੇ ਦੇਸ਼ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਰਚ ਰਹੀਆਂ ਹਨ।



ਰਾਜਪਾਲ ਗੁਲਾਬ ਚੰਦ ਕਟਾਰੀਆ

ਅੱਜ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ 'ਯੁੱਧ ਨਸ਼ਿਆਂ ਵਿਰੁੱਧ-ਨਸ਼ਾ ਮੁਕਤ ਪੰਜਾਬ ਵੱਲ' ਵਿਸ਼ੇ 'ਤੇ ਕੌਮੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਵੀ ਮੌਜੂਦ ਸਨ, ਜਦਕਿ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨੇ ਨਸ਼ਿਆਂ ਦੀ ਸਮੱਸਿਆ ਦੇ ਹੱਲ ਲਈ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ।

ਸ੍ਰੀ ਕਟਾਰੀਆ ਨੇ ਭਰੋਸਾ ਜਤਾਇਆ ਕਿ ਸਰਕਾਰ, ਪ੍ਰਸ਼ਾਸਨ, ਵਿਦਿਅਕ ਸੰਸਥਾਵਾਂ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਅਤੇ ਆਮ ਲੋਕਾਂ ਦੇ ਸਾਂਝੇ ਯਤਨਾਂ ਨਾਲ ਨਸ਼ਿਆਂ ਦੀ ਇਸ ਬੁਰਾਈ ਨੂੰ ਜੜ੍ਹੋਂ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮੂਹਿਕ ਜਨ ਅੰਦੋਲਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਡੀ ਅਗਲੀ ਪੀੜ੍ਹੀ ਨੂੰ ਬਚਾਉਣਾ ਹੀ ਦੇਸ਼ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਹੈ।

ਰਾਜਪਾਲ ਕਟਾਰੀਆ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ ਦੇ ਅੰਕੜਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਯੁੱਧ ਕੇਵਲ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਤੱਕ ਸੀਮਤ ਨਹੀਂ, ਸਗੋਂ ਨੌਜਵਾਨਾਂ ਨੂੰ ਜਾਗਰੂਕ ਕਰਨ, ਇਲਾਜ, ਮੁੜ ਵਸੇਬੇ, ਸਿੱਖਿਆ, ਖੇਡਾਂ ਅਤੇ ਹੁਨਰ ਵਿਕਾਸ ਨਾਲ ਜੋੜਨ ਦੀ ਇੱਕ ਵਿਆਪਕ ਸਮਾਜਿਕ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ, ਸਕੂਲਾਂ ਅਤੇ ਹੋਰ ਵਿਦਿਅਕ ਅਦਾਰਿਆਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਖੋਜ, ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਵਿੱਚ ਅਹਿਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਨੇ ਸਾਰੇ ਵਾਈਸ ਚਾਂਸਲਰਾਂ ਤੇ ਹੋਰ ਸਿੱਖਿਆ ਸ਼ਾਸਤਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਕੈਂਪਸ ਸੰਭਾਲਣ ਅਤੇ ਨਸ਼ਿਆਂ ਦੀ ਲਤ ਲਗਾ ਚੁੱਕੇ ਵਿਦਿਆਰਥੀਆਂ ਨਾਲ ਰਾਬਤਾ ਕਰਕੇ ਉਨ੍ਹਾਂ ਦੀ ਨਸ਼ਾ ਮੁਕਤੀ 'ਚ ਮਦਦ ਕਰਨ।

ਸ੍ਰੀ ਕਟਾਰੀਆ ਨੇ ਕਿਹਾ ਕਿ ਹੁਣ ਜਾਗਣ ਦਾ ਵੇਲਾ ਹੈ ਅਤੇ ਨਸ਼ਿਆਂ ਦੀ ਦਲਦਲ 'ਚ ਫਸੇ ਨੌਜਵਾਨਾਂ ਨੂੰ ਤ੍ਰਿਸਕਾਰ ਦੀ ਥਾਂ ਪਿਆਰ ਦੀ ਲੋੜ ਹੈ ਕਿਉਂਕਿ ਨਸ਼ਿਆਂ ਦੇ ਹਾਲਾਤ ਪੈਦਾ ਕਰਨ ਲਈ ਜਿੰਮੇਵਾਰ ਵੀ ਅਸੀਂ ਹੀ ਹਾਂ ਤੇ ਹੁਣ ਇਸ ਬਿਮਾਰੀ ਨੂੰ ਦੂਰ ਕਰਨਾ ਵੀ ਸਾਡੀ ਜ਼ਿੰਮੇਵਾਰੀ ਹੈ।

ਇਸ ਦੌਰਾਨ ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਨੇ ਵੀ ਨਸ਼ਿਆਂ ਦੀ ਸਮੱਸਿਆ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨਾਲ ਹਰਿਆਣਾ ਦੀ ਪ੍ਰਥਮ ਮਹਿਲਾ ਸ਼੍ਰੀਮਤੀ ਮਿਤਰਾ ਘੋਸ਼ ਵੀ ਮੌਜੂਦ ਸਨ। ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਦੇ ਵਾਈਸ ਚਾਂਸਲਰ ਪ੍ਰੋ. ਜੈ ਸ਼ੰਕਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੁਲਿਸ ਅਧਿਕਾਰੀਆਂ ਨੂੰ ਨਸ਼ਾ ਤਸਕਰਾਂ ਖ਼ਿਲਾਫ਼ ਮਜ਼ਬੂਤ ਕਾਨੂੰਨੀ ਕਾਰਵਾਈ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਸਬੰਧੀ ਵਿਸ਼ੇਸ਼ ਕਾਨੂੰਨੀ ਸਿਖਲਾਈ ਦਿੱਤੀ ਜਾ ਰਹੀ ਹੈ।

ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪੁਸ਼ਪਿੰਦਰ ਸਿੰਘ ਗਿੱਲ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਨਸ਼ਿਆਂ ਦੀ ਸਮਾਜਿਕ ਸਮੱਸਿਆ ਦੇ ਪ੍ਰਭਾਵਸ਼ਾਲੀ ਹੱਲਾਂ ਬਾਰੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਨੇ ਵੀ ਸੰਬੋਧਨ ਕਰਦਿਆਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿਦਿਅਕ ਸੰਸਥਾਵਾਂ ਦੀ ਭੂਮਿਕਾ ਉੱਤੇ ਜ਼ੋਰ ਦਿੱਤਾ।

# ਰਾਸ਼ਟਰਪਤੀ ਦੀ ਮਨਜ਼ੂਰੀ ਤੋਂ ਬਾਅਦ ਪ੍ਰੀਖਿਆ ਸੋਧ ਬਿਲ ਹੁਣ ਬਣਿਆ ਕਾਨੂੰਨ, 10 ਸਾਲ ਦੀ ਸਜ਼ਾ ਤੇ 10 ਕਰੋੜ ਦੇ ਜੁਰਮਾਨੇ ਦੀ ਵਿਵਸਥਾ

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੇਪਰ ਲੀਕ 'ਤੇ ਸ਼ਿਕੰਜਾ ਕੱਸਣ ਲਈ ਸੰਸਦ ਵੱਲੋਂ ਪਾਸ ਕੀਤੇ ਗਏ 'ਜਨਤਕ ਪ੍ਰੀਖਿਆ (ਗਲਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026' ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੀ ਮਨਜ਼ੂਰੀ ਮਿਲ ਗਈ ਹੈ। ਵਿਰੋਧੀ ਪਾਰਟੀਆਂ ਦੇ ਵਾਕਆਊਟ ਦਰਮਿਆਨ ਸੰਸਦ ਦੇ ਦੋਵਾਂ ਸਦਨਾਂ ਤੋਂ ਪਾਸ ਹੋਇਆ ਇਹ ਕਾਨੂੰਨ ਹੁਣ ਪੂਰੇ ਦੇਸ਼ ਵਿੱਚ ਲਾਗੂ ਹੋ ਗਿਆ ਹੈ।

ਇਹ ਨਵਾਂ ਕਾਨੂੰਨ ਪੇਪਰ ਲੀਕ ਰੋਕਣ ਅਤੇ ਸਰਕਾਰੀ ਤੇ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਹੈ। ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ 10 ਸਾਲ ਦੀ ਸਜ਼ਾ ਅਤੇ 10 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਹੈ।



ਜਨਤਕ ਪ੍ਰੀਖਿਆ (ਗਲਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026 ਨੂੰ ਰਾਜ ਸਭਾ ਨੇ ਵੀਰਵਾਰ ਨੂੰ ਆਵਾਜ਼ੀ ਵੋਟ ਨਾਲ ਪਾਸ ਕਰ ਦਿੱਤਾ। ਲੋਕ ਸਭਾ ਨੇ ਇਸ ਬਿੱਲ ਨੂੰ ਇੱਕ ਦਿਨ ਪਹਿਲਾਂ ਹੀ ਪਾਸ ਕਰ ਦਿੱਤਾ ਸੀ। ਜਿਸ ਨੂੰ ਹੁਣ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੀ ਮਨਜ਼ੂਰੀ ਕੇਂਦਰ ਸਰਕਾਰ ਦੇ ਅਨੁਸਾਰ, ਇਸ ਨਵੇਂ ਸੋਧ ਦਾ ਮੁੱਖ ਉਦੇਸ਼ ਸਰਕਾਰੀ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ 'ਚ ਪਾਰਦਰਸ਼ਤਾ ਬਣਾ ਕੇ ਰੱਖਣਾ ਅਤੇ ਲੱਖਾਂ ਨੌਜਵਾਨਾਂ ਦੇ ਭਵਿੱਖ ਅਤੇ ਹਿੱਤਾਂ ਦੀ ਸੁਰੱਖਿਆ ਕਰਨਾ ਹੈ।

ਸੋਧੇ ਹੋਏ ਕਾਨੂੰਨ ਤਹਿਤ ਜਨਤਕ ਪ੍ਰੀਖਿਆਵਾਂ 'ਚ ਧਾਂਦਲੀ, ਪੇਪਰ ਲੀਕ ਕਰਨ ਜਾਂ ਗਲਤ ਸਾਧਨਾਂ ਦੀ ਵਰਤੋਂ ਕਰਨ ਦੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਨੂੰ ਪੰਜ ਤੋਂ ਦੱਸ ਸਾਲ ਤੱਕ ਦੀ ਕੈਦ ਦੇ ਨਾਲ-ਨਾਲ 50 ਲੱਖ ਰੁਪਏ ਤੱਕ ਦਾ ਜੁਰਮਾਨਾ ਵੀ ਦੇਣਾ ਹੋਵੇਗਾ।

ਉੱਥੇ ਹੀ, ਪੇਪਰ ਲੀਕ ਨਾਲ ਜੁੜੇ ਸੰਗਠਿਤ ਗਿਰੋਹਾਂ ਜਾਂ ਸਿੰਡੀਕੇਟਾਂ 'ਤੇ ਸ਼ਿਕੰਜਾ ਕੱਸਦਿਆਂ ਕਾਨੂੰਨ 'ਚ ਘੱਟੋ-ਘੱਟ 7 ਸਾਲ ਦੀ ਕੈਦ ਅਤੇ ਘੱਟੋ-ਘੱਟ ?10 ਕਰੋੜ ਦੇ ਜੁਰਮਾਨੇ ਦਾ ਸਖ਼ਤ ਪ੍ਰਬੰਧ ਕੀਤਾ ਗਿਆ ਹੈ।

ਸੰਸਦ ਵਿੱਚ ਬਿੱਲ ਪਾਸ ਹੋਣ ਦੇ ਤੁਰੰਤ ਬਾਅਦ ਪੀ.ਐਮ. ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਇੰਸਟਾਗ੍ਰਾਮ 'ਤੇ ਇੱਕ ਵੀਡੀਓ ਸੰਦੇਸ਼ ਸਾਂਝਾ ਕੀਤਾ, ਜਿਸ ਵਿੱਚ ਉਨ੍ਹਾਂ ਕਿਹਾ ਕਿ ਪੇਪਰ ਲੀਕ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦਾ ਮਹੱਤਵਪੂਰਨ ਕਾਰਜ ਪੂਰਾ ਹੋ ਗਿਆ ਹੈ।

# ਫਿਰੋਜ਼ਪੁਰ ਕੇਂਦਰੀ ਜੇਲ੍ਹ 'ਚ ਮੋਬਾਈਲ ਪਹੁੰਚਾਉਣ ਦੇ ਦੋਸ਼ ਹੇਠ ਅਸਿਸਟੈਂਟ ਜੇਲ੍ਹ ਸੁਪਰਡੈਂਟ ਗ੍ਰਿਫ਼ਤਾਰ



**ਫਿਰੋਜ਼ਪੁਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਇੱਕ ਵਾਰ ਫਿਰ ਤੋਂ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਜੇਲ੍ਹ ਅੰਦਰ ਬੰਦ ਹਵਾਲਾਤੀਆਂ ਅਤੇ ਕੈਦੀਆਂ ਤੱਕ ਗੈਰ-ਕਾਨੂੰਨੀ ਤਰੀਕੇ ਨਾਲ ਮੋਬਾਈਲ ਫ਼ੋਨ ਪਹੁੰਚਾਉਣ ਦੇ ਇੱਕ ਵੱਡੇ ਮਾਮਲੇ ਵਿੱਚ ਪੁਲੀਸ ਨੇ ਸ਼ਿਕੰਜਾ ਕੱਸਦਿਆਂ ਜੇਲ੍ਹ ਦੇ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਇਸ ਗ੍ਰਿਫ਼ਤਾਰੀ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਅਤੇ ਪੁਲੀਸ ਮਹਿਕਮੇ ਵਿੱਚ ਹੜਕੰਪ ਮਚ ਗਿਆ ਹੈ। ਪੁਲੀਸ ਮੁਤਾਬਕ ਜੇਲ੍ਹ ਦੇ ਅੰਦਰ ਪੈਸੇ ਲੈ ਕੇ ਮੋਬਾਈਲ ਫ਼ੋਨ ਅਤੇ ਹੋਰ ਸ਼ੱਕੀ ਸਮੱਗਰੀ ਪਹੁੰਚਾਉਣ ਦਾ ਇੱਕ ਪੂਰਾ ਨੈੱਟਵਰਕ ਚੱਲ ਰਿਹਾ ਸੀ, ਜਿਸ 'ਤੇ ਹੁਣ ਸ਼ਿਕੰਜਾ ਕੱਸਿਆ ਜਾ ਰਿਹਾ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ, ਇਸ ਮਾਮਲੇ ਦੀ ਸ਼ੁਰੂਆਤ 29 ਜੁਲਾਈ 2026 ਨੂੰ ਹੋਈ ਸੀ, ਜਦੋਂ ਪੁਲੀਸ ਨੇ ਕੇਂਦਰੀ ਜੇਲ੍ਹ ਦੇ ਵਾਰਡਨ ਰਾਹੁਲ ਖ਼ਿਲਾਫ਼ ਮਾਮਲਾ ਦਰਜ ਕੀਤਾ ਸੀ। ਵਾਰਡਨ ਕੋਲੋਂ ਪੁੱਛਗਿੱਛ ਅਤੇ ਜਾਂਚ ਦੇ ਦੌਰਾਨ ਕੁਝ ਅਜਿਹੇ ਠੋਸ ਸਬੂਤ ਅਤੇ ਤੱਥ ਸਾਹਮਣੇ ਆਏ, ਜਿਨ੍ਹਾਂ ਨੇ ਜੇਲ੍ਹ ਦੇ ਉੱਚ ਅਧਿਕਾਰੀਆਂ ਦੀ ਭੂਮਿਕਾ 'ਤੇ ਵੀ ਸਵਾਲੀਆ ਨਿਸ਼ਾਨ ਲਗਾ ਦਿੱਤੇ।

ਇਨ੍ਹਾਂ ਮਿਲੇ ਸਬੂਤਾਂ ਦੇ ਆਧਾਰ 'ਤੇ ਹੀ ਪੁਲੀਸ ਨੇ ਕਾਰਵਾਈ ਨੂੰ ਅੱਗੇ ਵਧਾਉਂਦਿਆਂ ਅਸਿਸਟੈਂਟ ਜੇਲ੍ਹ ਸੁਪਰਡੈਂਟ ਬਿੰਨੀ ਟਾਂਗ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਜੇਲ੍ਹ ਅੰਦਰ ਹਵਾਲਾਤੀਆਂ ਤੱਕ ਮੋਬਾਈਲ ਫ਼ੋਨ ਪਹੁੰਚਾਉਣ ਲਈ ਮੋਟੀਆਂ ਰਕਮਾਂ (ਰਿਸ਼ਵਤ) ਲਈਆਂ ਜਾਂਦੀਆਂ ਸਨ। ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐੱਸ.ਪੀ.ਡੀ. ਮਨਜੀਤ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਅਦਾਲਤ ਵਿੱਚ ਪੇਸ਼ ਕਰਕੇ ਉਸ ਦਾ ਪੁਲੀਸ ਰਿਮਾਂਡ ਹਾਸਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਡੀ.ਐੱਸ.ਪੀ. ਪੱਧਰ ਦੇ ਅਧਿਕਾਰੀ ਵਲੋਂ ਸਿੱਧੀ ਦੇਖ-ਰੇਖ ਹੇਠ ਕੀਤੀ ਜਾ ਰਹੀ ਹੈ। ਐੱਸ.ਪੀ.ਡੀ. ਨੇ ਦੱਸਿਆ ਕਿ ਪੁਲ✲ਸ ਇਸ ਗੱਲ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਜੇਲ੍ਹ ਅੰਦਰ ਮੋਬਾਈਲ ਫ਼ੋਨ ਪਹੁੰਚਾਉਣ ਲਈ ਕਿੰਨੇ ਪੈਸਿਆਂ ਦਾ ਲੈਣ-ਦੇਣ ਹੁੰਦਾ ਸੀ। ਇਸ ਗੈਰ-ਕਾਨੂੰਨੀ ਧੰਦੇ ਅਤੇ ਨੈੱਟਵਰਕ ਵਿੱਚ ਹੋਰ ਕਿਹੜੇ-ਕਿਹੜੇ ਕਰਮਚਾਰੀ ਜਾਂ ਬਾਹਰੀ ਵਿਅਕਤੀ ਸ਼ਾਮਲ ਹਨ? ਹੁਣ ਤੱਕ ਕਿੰਨੇ ਹਵਾਲਾਤੀਆਂ/ਕੈਦੀਆਂ ਨੂੰ ਇਹ ਸੁਵਿਧਾ ਮੁਹੱਈਆ ਕਰਵਾਈ ਗਈ ਸੀ।

ਇਸ ਕਾਰਵਾਈ ਤੋਂ ਸਿੱਧ ਹੁੰਦਾ ਹੈ ਕਿ ਜੇਲ੍ਹ ਦੇ ਅੰਦਰ ਮੋਬਾਈਲ ਪਹੁੰਚਾਉਣ ਦਾ ਇਹ ਖੇਡ ਬਿਨਾਂ ਅੰਦਰੂਨੀ ਮਿਲੀਭੁਗਤ ਦੇ ਸੰਭਵ ਨਹੀਂ ਸੀ। ਜੇਲ੍ਹ ਦੇ ਉੱਚ ਅਹੁਦੇ 'ਤੇ ਤਾਇਨਾਤ ਅਧਿਕਾਰੀ ਦੀ ਗ੍ਰਿਫ਼ਤਾਰੀ ਨੇ ਸਾਬਿਤ ਕਰ ਦਿੱਤਾ ਹੈ ਕਿ ਕਾਨੂੰਨ ਦੇ ਰਖਵਾਲੇ ਹੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਸਨ। ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਆਉਣ ਵਾਲੇ ਦਿਨਾਂ ਵਿੱਚ ਰਿਮਾਂਡ ਦੌਰਾਨ ਜੇਲ੍ਹ ਪ੍ਰਸ਼ਾਸਨ ਨਾਲ ਜੁੜੇ ਦੇ ਕੁਝ ਹੋਰ ਵੱਡੇ ਚਿਹਰੇ ਵੀ ਨੰਗੇ ਹੋਣ ਦੀ ਸੰਭਾਵਨਾ ਹੈ।

# ਪ੍ਰਧਾਨ ਮੰਤਰੀ ਵਿਦਿਆਰਥੀਆਂ 'ਤੇ ਬਰਬਰਤਾ ਲਈ ਮੁਆਫ਼ੀ ਮੰਗਣ ਦੀ ਬਜਾਏ ਵਿਕਟਮ ਕਾਰਡ ਖੇਡ ਰਹੇ: ਕਾਂਗਰਸ

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਨੇ ਸ਼ਨਿਚਰਵਾਰ ਨੂੰ ਕਿਹਾ ਕਿ ਨਰਿੰਦਰ ਮੋਦੀ ਇਹ ਕਹਿ ਕੇ ਕਿ ਉਨ੍ਹਾਂ ਨੇ ਉਨ੍ਹਾਂ ਨੌਜਵਾਨਾਂ ਨੂੰ ਮਾਫ਼ ਕਰ ਦਿੱਤਾ ਹੈ ਜਿਨ੍ਹਾਂ ਨੇ ਉਨ੍ਹਾਂ ਨੂੰ ਗਾਲ੍ਹਾਂ ਕੱਢੀਆਂ ਸਨ, ਵਿਕਟਮ ਕਾਰਡ ਖੇਡ ਰਹੇ ਹਨ। ਕਾਂਗਰਸ ਨੇ ਪ੍ਰਧਾਨ ਮੰਤਰੀ ਤੋਂ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਕੀਤੀ ਗਈ 'ਬਰਬਰਤਾ' ਅਤੇ ਪੇਪਰ ਲੀਕ ਕਾਰਨ ਉਨ੍ਹਾਂ ਦੇ ਝੱਲੇ ਦੁੱਖ ਲਈ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ।

ਵਿਰੋਧੀ ਪਾਰਟੀ ਨੇ ਇਹ ਵੀ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਦੀਆਂ 'ਇੰਸਟਾਗ੍ਰਾਮ ਸਭਾਵਾਂ', ਜਿਨ੍ਹਾਂ ਨੂੰ ਉਸ ਨੇ ਸਰਵਉੱਚ ਸਵੈ-ਮੋਹ (supreme self-obsession) ਦੀ ਕਾਰਵਾਈ ਕਰਾਰ ਦਿੱਤਾ, ਕਿਸੇ ਨੂੰ ਵੀ ਮੂਰਖ ਨਹੀਂ ਬਣਾ ਰਹੀਆਂ ਹਨ।

ਕਾਂਗਰਸ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, ਕੱਲ੍ਹ ਦੇਰ ਰਾਤ, ਸਰਵਉੱਚ ਸਵੈ-ਮੋਹ ਦੇ ਇੱਕ ਕਾਰਜ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਾਡੇ ਨੌਜਵਾਨਾਂ ਨੂੰ ਮਾਫ਼ ਕਰ ਦਿੱਤਾ ਹੈ। ਇਹ ਰਾਸ਼ਟਰ ਅਤੇ ਸਾਡੇ ਨੌਜਵਾਨਾਂ ਦਾ ਅਪਮਾਨ ਹੈ, ਜਿਨ੍ਹਾਂ ਨੇ ਉਨ੍ਹਾਂ ਦੀ ਸਰਕਾਰ ਹੇਠ ਦੁੱਖ ਝੱਲਿਆ ਹੈ ਅਤੇ ਜਾਇਜ਼ ਤੌਰ 'ਤੇ ਉਨ੍ਹਾਂ ਤੋਂ ਮੁਆਫ਼ੀ ਦੀ ਮੰਗ ਕਰ ਰਹੇ ਹਨ। ਪ੍ਰਧਾਨ ਮੰਤਰੀ ਦੀਆਂ ਇੰਸਟਾਗ੍ਰਾਮ ਸਭਾਵਾਂ ਕਿਸੇ ਨੂੰ ਮੂਰਖ ਨਹੀਂ ਬਣਾ ਰਹੀਆਂ ਹਨ। ਸ਼ੁੱਕਰਵਾਰ ਰਾਤ ਨੂੰ ਪੋਸਟ ਕੀਤੀ ਗਈ ਇੱਕ ਇੰਸਟਾਗ੍ਰਾਮ ਵੀਡੀਓ ਵਿੱਚ, ਮੋਦੀ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਦੁੱਖ ਹੋਇਆ ਹੈ ਕਿ ਜੰਤਰ-ਮੰਤਰ ਵਿਖੇ ਇੱਥੋਂ ਤੱਕ ਕਿ ਉਨ੍ਹਾਂ ਦੀ ਮਰਹੂਮ ਮਾਂ ਨੂੰ ਵੀ ਭੱਦੀਆਂ ਗਾਲ੍ਹਾਂ



ਕੱਢੀਆਂ ਗਈਆਂ ਅਤੇ ਅਫ਼ਸੋਸ ਪ੍ਰਗਟ ਕੀਤਾ ਕਿ ਸਾਡੀਆਂ ਧੀਆਂ ਨੇ ਅਜਿਹੀ ਭਾਸ਼ਾ ਦੀ ਵਰਤੋਂ ਕੀਤੀ ਹੈ, ਨਾਲ ਹੀ ਉਨ੍ਹਾਂ ਨੇ ਕੁਰਾਹੇ ਪਏ ਬੱਚਿਆਂ ਨੂੰ ਮਾਫ਼ ਕਰਨ ਦਾ ਸੱਦਾ ਵੀ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਸਮਾਜ ਵਿੱਚ ਵਿਆਪਕ ਪੀੜ ਨੂੰ ਸਮਝ ਸਕਦੇ ਹਨ, ਪਰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਨੌਜਵਾਨਾਂ ਨੂੰ ਗਲੇ ਲਗਾਉਣ ਅਤੇ ਉਨ੍ਹਾਂ ਨੂੰ ਸਹੀ ਰਸਤੇ 'ਤੇ ਅਗਵਾਈ ਕਰਨ ਦਾ ਸਮਾਂ ਹੈ। ਆਪਣੀ ਪੋਸਟ ਵਿੱਚ, ਰਮੇਸ਼ ਨੇ ਕਿਹਾ, ਸਵੈ-ਘੋਸ਼ਿਤ ਗੈਰ-ਜੀਵ ਵਿਗਿਆਨਕ ਪ੍ਰਧਾਨ ਮੰਤਰੀ ਵਿਕਟਮ ਕਾਰਡ ਖੇਡਣ ਦਾ ਆਨੰਦ ਲੈਂਦੇ ਹਨ। ਕਾਂਗਰਸ ਆਗੂ ਨੇ ਇਹ ਵੀ ਕਿਹਾ ਕਿ ਮੋਦੀ ਆਪਣੇ ਪੂਰਵਜਾਂ ਅਤੇ ਸਿਆਸੀ ਵਿਰੋਧੀਆਂ ਵਿਰੁੱਧ 'ਘਿਣਾਉਣੇ ਵਿਅੰਗ' ਦੀ ਵਰਤੋਂ ਕਰਦੇ ਹਨ। ਕਾਂਗਰਸੀ ਆਗੂ ਨੇ ਕਿਹਾ ਉਹ ਆਪਣੇ ਜਨਤਕ ਭਾਸ਼ਣਾਂ ਵਿੱਚ ਹੀ ਨਹੀਂ ਸਗੋਂ ਸੰਸਦ ਵਿੱਚ ਵੀ ਉਨ੍ਹਾਂ ਨੂੰ ਬਦਨਾਮ ਕਰਨ ਲਈ ਅਕਸਰ ਝੂਠ ਦਾ ਪ੍ਰਚਾਰ ਕਰਦੇ ਹਨ। ਉਹ ਸੰਸਦ ਦੇ ਅੰਦਰ ਅਤੇ ਬਾਹਰ ਗੰਦੀ ਜ਼ੁਬਾਨ ਵਾਲੇ ਅਪਰਾਧੀਆਂ ਦੀ ਇੱਕ ਫ਼ੌਜ ਛੱਡ ਦਿੰਦੇ ਹਨ ਅਤੇ ਉਨ੍ਹਾਂ ਨੂੰ ਪੂਰੀ ਸੁਰੱਖਿਆ ਦਿੰਦੇ ਹਨ।

# ਪ੍ਰਧਾਨ ਮੰਤਰੀ ਵੱਲੋਂ 18,000 ਕਰੋੜ ਰੁਪਏ ਦੀਆਂ ਵੱਡੀਆਂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ



**ਅਮਰਾਵਤੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਵਿਜੇਨਗਰਮ ਦੌਰੇ ਦੌਰਾਨ ਲਗਪਗ 18,000 ਕਰੋੜ ਰੁਪਏ ਦੀਆਂ ਵੱਡੀਆਂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਆਂਧਰਾ ਪ੍ਰਦੇਸ਼ ਦੀ ਤੇਜ਼ੀ ਨਾਲ ਹੋ ਰਹੀ ਤਰੱਕੀ ਦਾ ਪ੍ਰਤੀਕ ਹਨ। ਭੋਗਪੁਰਮ ਵਿੱਚ ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਉਦਘਾਟਨ ਮੌਕੇ ਬੋਲਦਿਆਂ, ਪੀ.ਐਮ. ਮੋਦੀ ਨੇ ਇਨ੍ਹਾਂ ਬੁਨਿਆਦੀ ਢਾਂਚੇ ਅਤੇ ਵਿਕਾਸ ਪਹਿਲਕਦਮੀਆਂ ਨੂੰ ਇੱਕ ਖੁਸ਼ਹਾਲ 'ਸਵਰਨ ਆਂਧਰਾ' (ਸੁਨਹਿਰੀ ਆਂਧਰਾ ਪ੍ਰਦੇਸ਼) ਦੇ ਟੀਚੇ ਨੂੰ ਸਾਕਾਰ ਕਰਨ ਦੀ ਦਿਸ਼ਾ 'ਚ ਇੱਕ ਮਹੱਤਵਪੂਰਨ ਕਦਮ ਦੱਸਿਆ।

ਉਨ੍ਹਾਂ ਕਿਹਾ, ਅੱਜ ਆਂਧਰਾ ਪ੍ਰਦੇਸ਼ ਦੇ ਵਿਕਾਸ ਅਤੇ ਸਵਰਨ ਆਂਧਰਾ ਦੇ ਦ੍ਰਿਸ਼ਟੀਕੋਣ ਲਈ ਇੱਕ ਬਹੁਤ ਹੀ ਮਹੱਤਵਪੂਰਨ ਦਿਨ ਹੈ। ਮੈਂ ਇਸ ਪਵਿੱਤਰ ਮਹੀਨੇ ਦੌਰਾਨ ਇੰਨੇ ਸ਼ੁਭ ਮੌਕੇ 'ਤੇ ਉੱਤਰੀ ਆਂਧਰਾ ਦੀ ਇਸ ਪਵਿੱਤਰ ਧਰਤੀ 'ਤੇ ਆ ਕੇ ਆਪਣੇ ਆਪ ਨੂੰ ਕਿਸਮਤ ਵਾਲਾ ਮਹਿਸੂਸ ਕਰ ਰਿਹਾ ਹਾਂ। ਸਭ ਤੋਂ ਪਹਿਲਾਂ, ਮੈਂ ਭਗਵਾਨ ਸ੍ਰੀ ਵਰਾਹ ਲਕਸ਼ਮੀ ਨਰਸਿਮਹਾ ਸਵਾਮੀ ਦੇ ਚਰਨਾਂ ਵਿੱਚ ਨਮਸਕਾਰ ਕਰਦਾ ਹਾਂ। ਮੈਂ ਭਗਵਾਨ ਕੁਰਮਨਾਥ ਸਵਾਮੀ ਅਤੇ ਦੇਵੀ ਪੋਲਿਤੱਲੀ ਅੰਮਾਵਰੂ ਨੂੰ ਵੀ ਨਮਸਕਾਰ ਕਰਦਾ ਹਾਂ।

ਪ੍ਰਧਾਨ ਮੰਤਰੀ ਨੇ ਗਾਂਧੀ ਪਰਿਵਾਰ 'ਤੇ ਅਸਿੱਧੇ ਤੌਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਹਵਾਈ ਅੱਡਿਆਂ ਦੇ ਨਾਂ ਅਕਸਰ ਇੱਕੋ ਪਰਿਵਾਰ ਦੇ ਨਾਂ 'ਤੇ ਰੱਖੇ ਜਾਂਦੇ ਸਨ। ਉਨ੍ਹਾਂ ਕਿਹਾ ਕਿ ਇਸ ਦੀ ਬਜਾਏ ਐੱਨ.ਡੀ.ਏ. (©41) ਸਰਕਾਰ ਨੇ ਵਾਲਮੀਕਿ, ਸੰਤ ਰਵਿਦਾਸ ਅਤੇ ਅੱਲੂਰੀ ਸੀਤਾਰਾਮ ਰਾਜੂ ਵਰਗੀਆਂ ਸ਼ਖ਼ਸੀਅਤਾਂ ਦੇ ਨਾਂ 'ਤੇ ਹਵਾਈ ਅੱਡਿਆਂ ਦੇ ਨਾਂ ਰੱਖ ਕੇ ਰਾਸ਼ਟਰੀ ਨਾਇਕਾਂ ਨੂੰ ਸਨਮਾਨ ਦੇਣ ਦਾ ਫ਼ੈਸਲਾ ਕੀਤਾ ਹੈ।

ਪੀ.ਐਮ. ਮੋਦੀ ਨੇ ਆਧੁਨਿਕ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਦੀ ਵੀ ਤਾਰੀਫ਼ ਕੀਤੀ। ਇੱਕ ਪਾਸੇ, ਇੱਕ ਹਵਾਈ ਅੱਡੇ ਦਾ ਨਿਰਮਾਣ, ਇੱਕ ਅਜਿਹੀ ਸਹੂਲਤ ਜੋ ਅਸਮਾਨ ਨੂੰ ਛੂਹ ਲਵੇਗੀ, ਅਤੇ ਦੂਜੇ ਪਾਸੇ, ਸਾਡੀਆਂ ਆਦਿਵਾਸੀ ਭੈਣਾਂ ਵੱਲੋਂ ਧੀਮਸਾ ਨਾਚ ਵਿੱਚ ਵਿਸ਼ਵ ਰਿਕਾਰਡ ਕਾਇਮ ਕਰਨਾ। ਮੈਂ ਚੰਦਰਬਾਬੂ ਦੇ ਇਸ ਦ੍ਰਿਸ਼ਟੀਕੋਣ ਦੀ ਵਿਸ਼ੇਸ਼ ਤੌਰ 'ਤੇ ਕਦਰ ਕਰਦਾ ਹਾਂ।

ਇਸ ਤੋਂ ਪਹਿਲਾਂ, ਪੀ.ਐਮ. ਮੋਦੀ ਨੇ ਭੋਗਪੁਰਮ ਵਿੱਚ ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਉੱਥੇ 17,900 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਨੂੰ ਰਾਸ਼ਟਰ ਨੂੰ ਸਮਰਪਿਤ ਕੀਤਾ।

ਵਿਜੇਨਗਰਮ ਦੇ ਭੋਗਪੁਰਮ ਪਹੁੰਚਣ 'ਤੇ ਪੀ.ਐਮ. ਮੋਦੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਅਤੇ ਉਪ ਮੁੱਖ ਮੰਤਰੀ ਪਵਨ ਕਲਿਆਣ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।

ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਯਾਤਰੀ ਟਰਮੀਨਲ ਭਵਨ ਨੂੰ ਯਾਤਰੀਆਂ ਨੂੰ ਇੱਕ ਆਧੁਨਿਕ, ਸਹਿਜ ਅਤੇ ਕੁਸ਼ਲ ਯਾਤਰਾ ਦਾ ਤਜ਼ਰਬਾ ਪ੍ਰਦਾਨ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ। ਇੱਕ ਅਧਿਕਾਰਤ ਬਿਆਨ ਦੇ ਅਨੁਸਾਰ, ਹਵਾਈ ਅੱਡੇ ਵਿੱਚ ਸੰਚਾਲਨ ਕੁਸ਼ਲਤਾ ਵਧਾਉਣ ਅਤੇ ਭਵਿੱਖ ਦੀਆਂ ਹਵਾਬਾਜ਼ੀ ਲੋੜਾਂ ਨੂੰ ਪੂਰਾ ਕਰਨ ਲਈ ਉੱਨਤ ਬੁਨਿਆਦੀ ਢਾਂਚੇ, ਅਤਿ-ਆਧੁਨਿਕ ਤਕਨੀਕਾਂ ਅਤੇ ਟਿਕਾਊ ਸਹੂਲਤਾਂ ਨੂੰ ਸ਼ਾਮਲ ਕੀਤਾ ਗਿਆ ਹੈ।

ਇਸ ਹਵਾਈ ਅੱਡੇ ਨਾਲ ਖੇਤਰ ਵਿੱਚ ਹਵਾਈ ਸੰਪਰਕ ਮਜ਼ਬੂਤ ਹੋਣ ਦੇ ਨਾਲ-ਨਾਲ ਆਂਧਰਾ ਪ੍ਰਦੇਸ਼ ਵਿੱਚ ਸੈਰ-ਸਪਾਟਾ, ਵਪਾਰ, ਨਿਵੇਸ਼ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਵੀ ਕਾਫ਼ੀ ਉਮੀਦ ਹੈ।

# ਡੀਐੱਸਜੀਐੱਮਸੀ ਵੱਲੋਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਸੰਗਤ ਲਈ ਨਵਾਂ ਸ਼ੈੱਡ

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਜਾਣਕਾਰੀ ਦਿੱਤੀ ਕਿ ਸ੍ਰੀ ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਲਈ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਇੱਕ ਨਵਾਂ ਸ਼ੈੱਡ ਸਥਾਪਿਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਹ ਨਵਾਂ ਸ਼ੈੱਡ ਭਾਵੇਂ ਇੱਕ ਛੋਟਾ ਜਿਹਾ ਉਪਰਾਲਾ ਹੈ, ਪਰ ਸੰਗਤ ਨੂੰ ਵਧੇਰੇ ਆਰਾਮ, ਸੁਰੱਖਿਆ ਅਤੇ ਸਹੂਲਤਾਂ ਦੇਣ ਲਈ ਇੱਕ ਅਹਿਮ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਇਸ ਗੱਲ ਲਈ ਵਚਨਬੱਧ ਰਹੀ ਹੈ ਕਿ ਗੁਰੂ ਘਰ ਆਉਣ ਵਾਲੇ ਹਰ ਸ਼ਰਧਾਲੂ ਨੂੰ ਵਧੀਆ ਪ੍ਰਬੰਧ ਅਤੇ



ਸੁਖਦਾਇਕ ਮਾਹੌਲ ਮੁਹੱਈਆ ਕਰਵਾਇਆ ਜਾਵੇ।

ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸੰਕਲਪ ਹੈ ਕਿ ਗੁਰਦੁਆਰਾ ਸਾਹਿਬਾਂ ਦੇ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨੂੰ ਲਗਾਤਾਰ ਆਧੁਨਿਕ ਅਤੇ ਹੋਰ ਬਿਹਤਰ ਬਣਾਇਆ ਜਾਵੇ, ਤਾਂ ਜੋ ਗੁਰੂ ਸਾਹਿਬ ਦੇ ਦਰ 'ਤੇ ਆਉਣ ਵਾਲਾ ਹਰ ਸ਼ਰਧਾਲੂ ਆਪਣੇ ਆਪ ਨੂੰ ਸੁਰੱਖਿਅਤ, ਆਰਾਮਦਾਇਕ ਅਤੇ ਸਨਮਾਨਤ ਮਹਿਸੂਸ ਕਰੇ।

ਡੀਐੱਸਜੀਐੱਮਸੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਵਿੱਖ ਵਿੱਚ ਵੀ ਸੰਗਤ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਤਰ੍ਹਾਂ ਦੇ ਲੋਕ-ਹਿੱਤ ਕਾਰਜ ਜਾਰੀ ਰੱਖੇਗੀ ਅਤੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਿਸ਼ਵ ਪੱਧਰੀ ਸਹੂਲਤਾਂ ਉਪਲਬਧ ਕਰਵਾਉਣ ਲਈ ਹਰ ਸੰਭਵ ਯਤਨ ਕਰੇਗੀ।

# ਚੰਡੀਗੜ੍ਹ 'ਚ ਵਕੀਲ ਨੇ ਔਰਤ ਦੇ ਮਾਰੀ ਗੋਲੀ, ਅਦਾਲਤੀ ਹੁਕਮਾਂ ਮਗਰੋਂ ਲੈਣ ਆਈ ਸੀ ਮਕਾਨ ਦਾ ਕਬਜ਼ਾ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਦੇ ਸੈਕਟਰ-42 ਸਥਿਤ ਗਰਲਜ਼ ਕਾਲਜ ਦੇ ਸਾਹਮਣੇ ਸ਼ਨਿਚਰਵਾਰ ਦੁਪਹਿਰ ਦੇ ਸਮੇਂ ਇੱਕ ਔਰਤ ਨੂੰ ਗੋਲੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਗੋਲੀ ਲੱਗਣ ਕਾਰਨ ਗੰਭੀਰ ਜ਼ਖ਼ਮੀ ਹੋਈ ਔਰਤ ਦੀ ਪਛਾਣ ਮਨਵਿੰਦਰ ਕੌਰ ਵਜੋਂ ਹੋਈ ਹੈ, ਜੋ ਕਿ ਗੋਲੀ ਲੱਗਣ ਤੋਂ ਬਾਅਦ ਮੌਕੇ 'ਤੇ ਹੀ ਬੇਹੋਸ਼ ਹੋ ਕੇ ਡਿੱਗ ਪਈ।

ਪੁਲਿਸ ਮੁਤਾਬਕ ਮਨਵਿੰਦਰ ਕੌਰ ਅਦਾਲਤ ਦੇ ਹੁਕਮਾਂ ਅਨੁਸਾਰ ਆਪਣੇ ਮਕਾਨ ਦਾ ਕਬਜ਼ਾ ਲੈਣ ਲਈ ਮੌਕੇ 'ਤੇ ਪਹੁੰਚੀ ਸੀ। ਕਬਜ਼ਾ ਦਿਵਾਉਣ ਦੀ ਕਾਰਵਾਈ ਦੌਰਾਨ ਪੁਲਿਸ ਮੁਲਾਜ਼ਮ ਵੀ ਉੱਥੇ ਮੌਜੂਦ ਸਨ ਤਾਂ ਜੋ ਅਦਾਲਤੀ ਹੁਕਮਾਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇ। ਪ੍ਰਾਈਵੇਟ ਸਕੂਲਾਂ ਦੀ ਖ਼ੈਰ ਨਹੀਂ! ਪੰਜਾਬ ਸਰਕਾਰ ਮੌਨਸੂਨ ਸੈਸ਼ਨ 'ਚ ਲਿਆਵੇਗੀ ਦੇਸ਼ ਦਾ ਸਭ ਤੋਂ ਸਖ਼ਤ ਫ਼ੀਸ ਕੰਟਰੋਲ ਬਿੱਲ ਇਸ ਦੌਰਾਨ ਦੱਸਿਆ ਜਾ ਰਿਹਾ ਹੈ ਕਿ ਮਕਾਨ 'ਤੇ ਕਬਜ਼ਾ ਕੀਤੇ ਬੈਠੇ ਵਕੀਲ ਨੇ ਮਨਵਿੰਦਰ ਕੌਰ 'ਤੇ ਗੋਲੀ ਮਾਰ ਦਿੱਤੀ। ਘਟਨਾ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਪੁਲਿਸ ਨੇ ਮੁਲਾਜ਼ਮ ਨੂੰ ਕਾਬੂ ਕਰ ਲਿਆ ਅਤੇ ਹਥਿਆਰ ਵੀ ਆਪਣੇ ਕਬਜ਼ੇ ਵਿੱਚ ਲੈ ਲਿਆ। ਇਸ ਤੋਂ ਬਾਅਦ ਪੁਲਿਸ ਨੇ ਪੂਰੇ ਘਟਨਾਸਥਾਨ ਨੂੰ ਸੀਲ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ। ਗੋਲੀ ਚਲਾਉਣ ਦੇ ਕਾਰਨਾਂ, ਜਾਇਦਾਦੀ ਵਿਵਾਦ ਅਤੇ ਘਟਨਾ ਨਾਲ ਜੁੜੇ ਹੋਰ ਤੱਥਾਂ ਦੀ ਜਾਂਚ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# 43 ਸਾਲਾ ਵਿਅਕਤੀ ਦੀ ਮੌਤ ਦਾ ਮਾਮਲਾ: ਮੁਹਾਲੀ ਦੇ ਮੈਕਸ ਹਸਪਤਾਲ ਅਤੇ ਡਾਕਟਰ ਦੋਸ਼ੀ ਕਰਾਰ

**ਇਲਾਜ ਵਿੱਚ ਲਾਪਰਵਾਹੀ ਦੇ ਲੱਗੇ ਦੋਸ਼; ਪੀੜਤ ਪਰਿਵਾਰ ਨੂੰ ਲੱਖਾਂ ਰੁਪਏ ਮੁਆਵਜ਼ਾ ਦੇਣ ਦੇ ਹੁਕਮ**

**ਮੁਹਾਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਨਵੀਂ ਦਿੱਲੀ ਸਥਿਤ 'ਖਪਤਕਾਰ ਵਿਵਾਦ ਨਿਵਾਰਣ ਕਮਿਸ਼ਨ' ਨੇ ਮੁਹਾਲੀ ਦੇ ਪ੍ਰਸਿੱਧ 'ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ' ਅਤੇ ਇਸ ਦੇ ਕੰਸਲਟੈਂਟ ਡਾਕਟਰ ਸੁਧੀਰ ਸਕਸੇਨਾ ਨੂੰ ਮੈਡੀਕਲ ਲਾਪਰਵਾਹੀ ਅਤੇ ਸੇਵਾਵਾਂ 'ਚ ਕੋਤਾਹੀ ਦਾ ਦੋਸ਼ੀ ਠਹਿਰਾਉਣ ਵਾਲੇ ਪੰਜਾਬ ਰਾਜ ਕਮਿਸ਼ਨ ਦੇ ਫ਼ੈਸਲੇ ਨੂੰ ਬਰਕਰਾਰ ਰੱਖਿਆ ਹੈ। ਇਹ ਮਾਮਲਾ ਸਾਲ 2013 ਵਿੱਚ ਪਿੰਜੌਰ ਦੇ 43 ਸਾਲਾ ਰਿਸ਼ੀ ਗੁਪਤਾ ਦੀ ਪੇਸਮੇਕਰ ਲਗਾਉਣ ਤੋਂ ਬਾਅਦ ਹੋਈ ਮੌਤ ਨਾਲ ਸਬੰਧਤ ਹੈ। ਕਮਿਸ਼ਨ ਨੇ ਮੈਕਸ ਹਸਪਤਾਲ ਦੀ ਅਪੀਲ ਨੂੰ ਖਾਰਜ ਕਰਦਿਆਂ ਸਪੱਸ਼ਟ ਕੀਤਾ ਕਿ ਰਾਜ ਕਮਿਸ਼ਨ ਵੱਲੋਂ ਇੰਟਰਵੈਨਸ਼ਨਲ ਕਾਰਡੀਓਲਾਜਿਸਟ ਡਾ. ਸੁਧੀਰ ਸਕਸੇਨਾ ਅਤੇ ਮੈਕਸ ਹਸਪਤਾਲ ਨੂੰ ਦੋਸ਼ੀ ਠਹਿਰਾਉਣ ਦਾ ਫ਼ੈਸਲਾ ਸਬੂਤਾਂ ਅਤੇ ਕਾਨੂੰਨ ਦੀ ਸਹੀ ਪਰਖ 'ਤੇ ਆਧਾਰਿਤ ਹੈ, ਜਿਸ ਵਿੱਚ ਕਿਸੇ ਦਖ਼ਲ ਦੀ ਲੋੜ ਨਹੀਂ ਹੈ।

ਸ਼ਿਕਾਇਤਕਰਤਾ ਪੂਜਾ ਗੁਪਤਾ ਅਨੁਸਾਰ, ਉਸ ਦੇ ਪਤੀ ਰਿਸ਼ੀ ਗੁਪਤਾ (43) ਨੂੰ 17 ਸਤੰਬਰ 2013 ਨੂੰ ਛਾਤੀ ਵਿੱਚ ਗੰਭੀਰ ਦਰਦ ਕਾਰਨ ਮੈਕਸ ਹਸਪਤਾਲ ਮੁਹਾਲੀ ਦੇ ਆਈ.ਸੀ.ਯੂ. ਵਿੱਚ ਭਰਤੀ ਕਰਵਾਇਆ ਗਿਆ ਸੀ। ਰਿਸ਼ੀ ਦੀ 27 ਸਾਲ ਦੀ ਉਮਰ ਵਿੱਚ ਹੀ ਬਾਈਪਾਸ ਸਰਜਰੀ (CABG) ਹੋ ਚੁੱਕੀ ਸੀ। ਡਾ. ਸੁਧੀਰ ਸਕਸੇਨਾ ਨੇ ਉਸ ਨੂੰ ਪੇਸਮੇਕਰ ਲਗਾਉਣ ਦੀ ਸਲਾਹ ਦਿੱਤੀ ਅਤੇ 4 ਦਿਨਾਂ ਦੇ ਇਲਾਜ ਲਈ ਲਗਭਗ 5.5 ਲੱਖ ਰੁਪਏ ਦਾ ਪੈਕੇਜ ਤੈਅ ਕੀਤਾ ਗਿਆ।

ਪੂਜਾ ਦਾ ਦੋਸ਼ ਹੈ ਕਿ 20 ਸਤੰਬਰ ਨੂੰ 3 ਲੱਖ ਰੁਪਏ ਜਮ੍ਹਾਂ ਕਰਵਾਉਣ ਤੋਂ ਬਾਅਦ ਹੀ ਮਰੀਜ਼ ਨੂੰ ਸਰਜਰੀ ਲਈ ਲਿਜਾਇਆ ਗਿਆ। ਪੂਰੀ ਕਿੱਟ ਨਾ ਹੋਣ ਦੇ ਬਾਵਜੂਦ ਡਾਕਟਰ ਨੇ 45,000 ਰੁਪਏ ਦੀ ਕੀਮਤ ਵਾਲਾ 'ਡਬਲ ਚੈਂਬਰ ਪੇਸਮੇਕਰ' ਲਗਾ ਦਿੱਤਾ ਅਤੇ ਤੀਜੀ ਤਾਰ ਨਾ ਹੋਣ ਦਾ ਬਹਾਨਾ ਬਣਾ ਕੇ 'ਅਪਰੇਸ਼ਨ ਅਧੂਰਾ' ਛੱਡ ਦਿੱਤਾ। ਇਸ ਤੋਂ ਬਾਅਦ 22 ਸਤੰਬਰ ਨੂੰ ਦੂਜੀ ਸਰਜਰੀ ਕਰਕੇ 4,47,869 ਰੁਪਏ ਦੀ ਕੀਮਤ ਵਾਲਾ 'ਬਾਈਵੈਂਟ੍ਰੀਕੁਲਰ ਪੇਸਮੇਕਰ' ਲਗਾਇਆ ਗਿਆ, ਜੋ ਕਿ ਪਹਿਲਾਂ ਲਗਾਏ ਗ਼ਲਤ ਪੇਸਮੇਕਰ ਨੂੰ ਬਦਲਣ ਲਈ ਸੀ। 24 ਸਤੰਬਰ ਨੂੰ ਮਰੀਜ਼ ਨੂੰ ਦਰਦ ਹੋਣ ਦੇ ਬਾਵਜੂਦ ਜਲਦਬਾਜ਼ੀ 'ਚ ਛੁੱਟੀ ਦੇ ਦਿੱਤੀ ਗਈ। 27 ਸਤੰਬਰ ਨੂੰ ਰਿਸ਼ੀ ਗੁਪਤਾ ਨੂੰ ਮੁੜ ਗੰਭੀਰ ਹਾਰਟ ਅਟੈਕ ਆਇਆ, ਜਿਸ ਤੋਂ ਬਾਅਦ ਹਸਪਤਾਲ ਲਿਜਾਂਦੇ ਸਮੇਂ ਉਸ ਦੀ ਮੌਤ ਹੋ ਗਈ।

**32.94 ਲੱਖ ਰੁਪਏ ਦਾ ਮੁਆਵਜ਼ਾ**

ਗੰਭੀਰ ਮੈਡੀਕਲ ਲਾਪਰਵਾਹੀ, ਠੱਗੀ ਅਤੇ ਅਨੁਚਿਤ ਵਪਾਰਕ ਗਤੀਵਿਧੀਆਂ ਦਾ ਦੋਸ਼ ਲਗਾਉਂਦਿਆਂ ਪੀੜਤ ਪਤਨੀ ਨੇ 84.73 ਲੱਖ ਰੁਪਏ ਦੇ ਮੁਆਵਜ਼ੇ ਦੀ ਮੰਗ ਕੀਤੀ ਸੀ। 4 ਮਈ 2017 ਨੂੰ ਰਾਜ ਕਮਿਸ਼ਨ ਨੇ ਡਾ. ਸੁਧੀਰ ਸਕਸੇਨਾ ਅਤੇ ਮੈਕਸ ਹਸਪਤਾਲ ਨੂੰ ਦੋਸ਼ੀ ਮੰਨਦਿਆਂ ਸ਼ਿਕਾਇਤਕਰਤਾ ਨੂੰ 9% ਵਪਾਰਕ ਵਿਆਜ ਸਮੇਤ 32,94,000 ਰੁਪਏ ਦਾ ਜੁਰਮਾਨਾ ਭਰਨ ਦੇ ਹੁਕਮ ਦਿੱਤੇ ਸਨ।

# ਵਿਧਾਇਕ ਕੁਲਵੰਤ ਸਿੰਘ ਨੇ ਕੀਤੀਆਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ 3 ਬੱਸਾਂ ਰਵਾਨਾ

**ਮੋਹਾਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਤਿੰਨ ਬੱਸਾਂ ਨੂੰ ਹਰੀ ਝੰਡੀ ਦੇ ਕੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਰਵਾਨਾ ਕੀਤਾ ਗਿਆ, ਪਿੰਡ ਸ਼ਾਮਪੁਰ ਨਗਾਰੀ ਅਤੇ ਚਾਉ ਮਾਜਰਾ ਦੀਆਂ ਸੰਗਤਾਂ ਨਾਲ ਸੰਬੰਧਿਤ ਸ਼ਰਧਾਲੂਆਂ ਨਾਲ ਭਰੀਆਂ 3 ਬੱਸਾਂ ਭੇਜੇ ਜਾਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਯਾਤਰਾ ਨੂੰ ਲੈ ਕੇ ਸੰਗਤਾਂ ਦਾ ਉਤਸ਼ਾਹ ਦਿਨ ਪ੍ਰਤੀ ਦਿਨ ਹੋਰ ਵੱਧ ਗਿਆ ਹੈ। ਅਤੇ ਸੰਗਤਾਂ ਦੇ ਉਤਸ਼ਾਹ ਅਤੇ ਆਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਜਿੱਥੇ ਪਹਿਲਾਂ ਇੱਕ ਬਸ ਫਿਰ ਦੋ ਬੱਸਾਂ ਅਤੇ ਹੁਣ ਇਸ ਯਾਤਰਾ ਦੇ ਲਈ 3 ਬੱਸਾਂ ਰੋਜ਼ਾਨਾ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਜਾ ਰਹੀਆਂ ਹਨ।, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੀਨੀਅਰ ਸਿਟੀਜਨ ਦੇ ਲਈ ਬਹੁਤੀ ਵਾਰੀ ਇਕੱਲਿਆਂ ਅਜਿਹੀ ਯਾਤਰਾ ਤੇ ਜਾਣਾ ਸੰਭਵ ਨਹੀਂ ਹੋ ਪਾਉਂਦਾ, ਪਰੰਤੂ ਜਦੋਂ ਉਹਨਾਂ ਨੂੰ ਪਤਾ ਲੱਗਦਾ ਹੈ ਕਿ ਇੱਕ ਵਾਰਡ ,ਇੱਕ ਮੁਹੱਲੇ, ਅਤੇ ਇੱਕ ਪਿੰਡ ਦੇ ਵਾਸ਼ਿੰਦੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦਰਗਿਆਨ ਮੰਦਰ , ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂਵਾਲਾ ਵਾਗ ਦੇ ਦਰਸ਼ਨ ਕਰਨ ਲਈ ਜਾ ਰਹੇ ਹਨ, ਤਾਂ ਉਹ ਆਪ ਮੁਹਾਰੇ ਹੀ ਰਜਿਸਟਰੇਸ਼ਨ ਕਰਵਾ ਕੇ ਇਸ ਯਾਤਰਾ ਤੇ ਜਾਣ ਲਈ ਤਿਆਰ ਹੋ ਜਾਂਦੇ ਹਨ ਅਤੇ ਇਕੱਲਿਆਂ ਦੀ ਬਜਾਏ ਸੰਗਤ ਦੇ ਰੂਪ ਵਿੱਚ ਯਾਤਰਾ ਤੇ ਸੀਨੀਅਰ ਸਿਟੀਜਨ ਦਾ ਯਾਤਰਾ ਦੇ ਵਿੱਚ ਸ਼ਾਮਿਲ ਹੋਣਾ ਇੱਕ ਵੱਖਰਾ ਹੀ ਅਨੁਭਵ ਅਤੇ ਆਨੰਦ ਹੈ, ਜਿਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਿਲ ਹੈ ਇਹ ਸਿਰਫ ਸੀਨੀਅਰ ਸਿਟੀਜਨ ਵੱਲੋਂ ਯਾਤਰਾ ਤੇ ਜਾਣ ਅਤੇ ਵਾਪਸੀ ਉਪਰੰਤ ਯਾਦਾਂ ਦੇ ਵਿੱਚ ਵਸਾਉਣ ਤੇ ਉਹਨਾਂ ਵੱਲੋਂ ਅਨੁਭਵ ਕੀਤਾ ਜਾ ਸਕਦਾ ਹੈ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਜਿੱਥੇ ਪਹਿਲਾਂ ਵਿਧਾਨ ਸਭਾ ਹਲਕਾ ਤੋਂ ਮੋਹਾਲੀ ਤੋਂ ਤਿੰਨ ਬੱਸਾਂ ਰੋਜ਼ਾਨਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਰਵਾਨਾ ਕੀਤੀਆਂ ਜਾਂਦੀਆਂ ਸਨ ਉੱਥੇ ਆਉਣ ਇੱਕ ਦੋ ਦਿਨਾਂ ਦੇ ਵਿੱਚ ਹੀ ਤਿੰਨ ਹੋਰ ਬੱਸਾਂ ਜੋ ਕਿ ਸ੍ਰੀ ਸਾਲਾਸਰ, ਹਰਿਦੁਆਰ, ਰਿਸ਼ੀਕੇਸ਼ ਆਦਿ ਦੇ ਸ਼ਰਧਾਲੂ ਦਰਸ਼ਨ ਕਰ ਸਕਣਗੇ, ਲਈ ਰਵਾਨਾ ਕੀਤੀਆਂ ਜਾਣਗੀਆਂ, ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਵਿਰੋਧੀ ਪਾਰਟੀਆਂ ਇਸ ਯਾਤਰਾ ਨੂੰ ਲੈ ਕੇ ਬੇਤੁਕੀ ਬਿਆਨਬਾਜ਼ੀ ਕਰ ਰਹੀਆਂ ਹਨ। ਪ੍ਰੰਤੂ ਜਿਹੜੇ ਲੋਕ ਇਸ ਯਾਤਰਾ ਤੇ ਜਾਂਦੇ ਹਨ, ਉਹ , ਉਹਨਾਂ ਦੇ ਪਰਿਵਾਰਿਕ ਮੈਂਬਰ ਅਤੇ ਨਜ਼ਦੀਕੀ, ਸਕੇ ਸਬੰਧੀ ਇਸ ਯਾਤਰਾ ਦੇ ਬਾਰੇ ਦੇ ਵਿੱਚ ਆਪਣੇ ਅਨੁਭਵ ਨੂੰ ਹੋਰਨਾਂ ਨਾਲ ਵੀ ਸਾਂਝੇ ਕਰ ਰਹੇ ਹਨ, ਅਤੇ ਸਮੁੱਚੇ ਪੰਜਾਬ ਦੇ ਅੰਦਰ ਇਸ ਯਾਤਰਾ ਨੂੰ ਲੈ ਕੇ ਲੋਕਾਂ ਦੀ ਇੱਕ ਵਧੀਆ ਅਤੇ ਪਾਏਦਾਰ ਰਾਏ ਬਣ ਗਈ ਗਈ ਹੈ , ਜਿਸ ਨੂੰ ਲੈ ਕੇ ਵਿਰੋਧੀ ਬੇਹਦ ਤੰਗ ਅਤੇ ਪਰੇਸ਼ਾਨ ਨਜ਼ਰੀ ਆ ਰਹੇ ਹਨ।

# ਇਸ ਪਿੰਡ ਵਿਚ ਰਹਿਣ ਲਈ ਮੇਅਰ ਦੇ ਰਿਹਾ ਹੈ 1.43 ਲੱਖ



ਜੀ ਹਾਂ, ਅੱਜ ਇਸ ਦੁਨੀਆਂ ਵਿਚ ਲੋਕ ਰਹਿਣ ਦੇ ਲਈ ਛੋਟੀਆਂ-ਛੋਟੀਆਂ ਥਾਵਾਂ ਲੱਭ ਰਹੇ ਹਨ। ਇੰਨਾ ਹੀ ਨਹੀਂ ਉਸਦੇ ਲਈ ਚੰਗੀ ਕੀਮਤ ਵੀ ਅਦਾ ਕਰਦੇ ਹਨ। ਅਜਿਹੇ ਵਿਚ ਇਟਲੀ ਦਾ ਬੋਰਮਿੰਡਾ ਪਿੰਡ ਕਾਫੀ ਹੈਰਾਨ ਕਰਨ ਵਾਲਾ ਹੈ। ਇੱਥੋਂ ਦੇ ਮੇਅਰ ਡੇਨੀਅਲ ਗੈਲੀਯਾਨੋ ਲੋਕਾਂ ਨੂੰ ਇਸ ਪਿੰਡ ਵਿਚ ਰਹਿਣ ਲਈ ਆਕਰਸ਼ਿਤ ਕਰਨ ਦੇ ਲਈ ਖਾਸ ਪਲਾਨ ਤਿਆਰ ਕਰ ਰਹੇ ਹਨ। ਹਾਲਾਂਕਿ ਹੁਣ ਤੱਕ ਇਸਦੇ ਮਿਊਂਸਪਲ ਕੌਂਸਲ ਦੁਆਰਾ ਪਾਸ ਕੀਤੇ ਜਾਣ ਦਾ ਇੰਤਜ਼ਾਰ ਹੈ। ਉਹਨਾਂ ਨੇ ਇਸਨੂੰ ਫੇਸਬੁੱਕ ’ਤੇ ਵੀ ਸ਼ੇਅਰ ਕੀਤਾ ਹੈ। ਉਹਨਾਂ ਦੇ ਪ੍ਰਸਤਾਵ ਵਿਚ ਇਸ ਪਿੰਡ ਵਿਚ ਰਹਿਣ ਵਾਲੇ ਨੂੰ 1700 ਪੌਂਡ ਯਾਨਿ ਕਰੀਬ 1 ਲੱਖ 43 ਹਜ਼ਾਰ ਰੁਪਏ ਦਿੱਤੇ ਜਾਣਗੇ।

ਇੱਥੇ ਰਹਿਣ ਵਾਲੇ ਲੋਕਾਂਨੂੰ ਸਿਰਫ 40 ਪੌਂਡ ਯਾਨਿ ਕਰੀਬ 3400 ਰੁਪਏ ਹਰ ਮਹੀਨੇ ਕਿਰਾਏ ਵਜੋਂ ਦੇਣੇ ਹੋਣਗੇ। ਇਸ ਅਨੋਖੇ ਪਲਾਨ ਨੂੰ ਤਿਆਰ ਕਰਨ ਦੇ ਪਿੱਛੇ ਮੇਅਰ ਡੈਨੀਅਲ ਗੈਲੀਯਾਨੋ ਦਾ ਮਕਸਦ ਇਸ ਪਿੰਡ ਨੂੰ ਜਿਉਂਦਾ ਰੱਖਣਾ ਹੈ। ਪਹਾੜ ਲਿੰਗੂਰੀਆ ਖੇਤਰ ਵਿਚ ਸਥਿਤ ਇਸ ਪਿੰਡ ਵਿਚ ਕਰੀਬ 394 ਲੋਕ ਹੀ ਰਹਿ ਰਹੇ ਹਨ। ਪਹਾੜੀ ਤੇ ਵੱਸੇ ਇਸ ਪਿੰਡ ਬੋਰਮਿੰਡਾ ਵਿਚ ਕੋਈ ਸੈਰ ਸਪਾਟਾ ਸਥਾਨ ਵੀ ਨਹੀਂ ਹੈ। ਉਥੇ ਹੀ ਡੈਨੀਅਲ ਗੈਲੀਯਾਨੋ ਦੇ ਫੇਸਬੁੱਕ ਪੋਸਟ ’ਤੇ ਲੋਕਾਂ ਦੇ ਕਮੈਂਟ ਆ ਰਹੇ ਹਨ। ਲੋਕ ਉਥੇ ਕਈ ਵਾਈ-ਵਾਈ ਵਰਗੀਆਂ ਸਹੂਲਤਾਂ ਦੇ ਬਾਰੇ ਅਤੇ ਜ਼ਰੂਰੀ ਚੀਜ਼ਾਂ ਦੇ ਬਾਰੇ ਪੁੱਛ ਰਹੇ ਹਨ। ਜੇਕਰ ਇਹ ਸਭ ਚੀਜ਼ਾਂ ਹੋਣਗੀਆਂ ਤਾਂ ਉਹ ਜਾਣ

# ਕੁਦਰਤ ਪ੍ਰੇਮੀਆਂ ਲਈ ਆਨੰਦਦਾਇਕ ਜੰਗਲ ਸਫ਼ਾਰੀ

ਸਰਿਸਕਾ ਨੈਸ਼ਨਲ ਪਾਰਕ ਰਾਜਸਥਾਨ ਦੇ ਅਲਵਰ ਸ਼ਹਿਰ ਤੋਂ 35 ਕਿਲੋਮੀਟਰ ਦੀ ਦੂਰੀ ‘ਤੇ 866 ਵਰਗ ਕਿਲੋਮੀਟਰ ਵਿੱਚ ਫੈਲਿਆ ਮਾਰੂਥਲੀ ਜੰਗਲ ਹੈ। ਜੰਗਲ ਦੇ ਗੇਟ ‘ਤੇ ਦਫ਼ਤਰ ਬਣਿਆ ਹੋਇਆ ਹੈ। ਇਸ ਜੰਗਲ ਵਿੱਚ ਘੁੰਮਣ ਲਈ ਤਿੰਨ ਜ਼ੋਨ ਬਣੇ ਹੋਏ ਹਨ। ਸੈਲਾਨੀਆਂ ਨੂੰ ਜ਼ੋਨ ਮੁਤਾਬਿਕ ਆਪਣੀ ਟਿਕਟ ਔਨਲਾਈਨ ਜਾਂ ਮੌਕੇ ‘ਤੇ ਜਾ ਕੇ ਬੁੱਕ ਕਰਵਾਉਣੀ ਪੈਂਦੀ ਹੈ। ਜੰਗਲ ਅੰਦਰ ਘੁੰਮਣ ਲਈ ਜਿਪਸੀਆਂ ਅਤੇ ਕੈਂਟਰ ਇਸ ਦਫ਼ਤਰ ਅੱਗੇ ਖੜ੍ਹੇ ਮਿਲ ਜਾਂਦੇ ਹਨ। ਜਿਪਸੀ ਤੇ ਕੈਂਟਰ ਸਰਕਾਰ ਵੱਲੋਂ ਤੈਅ ਕਿਰਾਏ ‘ਤੇ ਹੀ ਮਿਲਦੇ ਹਨ। ਸੋ ਕਿਰਾਇਆ ਘੱਟ ਵੱਧ ਕਰਨ ਦੀ ਜ਼ਰੂਰਤ ਨਹੀਂ ਪੈਂਦੀ। ਹਰ ਜਿਪਸੀ ਨਾਲ ਇੱਕ ਗਾਈਡ ਜਾਂਦਾ ਹੈ ਜੋ ਸਾਰੇ ਰਾਹ ਜੰਗਲ ਅਤੇ ਜੰਗਲੀ ਜੀਵਨ ਬਾਰੇ ਜਾਣਕਾਰੀ ਦਿੰਦਾ ਜਾਂਦਾ ਹੈ। ਗਾਈਡ ਦੀ ਫੀਸ ਵੀ ਦਫ਼ਤਰ ਦੇ ਕੈਸ਼ ਕਾਊਂਟਰ ‘ਤੇ ਪਹਿਲਾਂ ਜਮ੍ਹਾਂ ਕਰਵਾ ਲਈ ਜਾਂਦੀ ਹੈ। ਦਫ਼ਤਰ ਸਾਹਮਣੇ ਸੜਕ ਦੇ ਪਾਰ ਸਰਿਸਕਾ ਮਹਿਲ ਬਣਿਆ ਹੋਇਆ ਹੈ ਜਿਸ ਨੂੰ ਹੋਟਲ ਵਿੱਚ ਬਦਲ ਦਿੱਤਾ ਗਿਆ ਹੈ। ਇਸ ਦੇ ਨੇੜੇ ਹੀ ਇੱਕ ਹੋਰ ਸਰਕਾਰੀ ਹੋਟਲ ਟਾਈਗਰ ਡੈੱਨ ਬਣਿਆ ਹੋਇਆ ਹੈ।

ਇਹ ਮਾਰੂਥਲੀ ਜੰਗਲ ਵਿੱਚ ਵਿੱਚ ਸੰਘਣੇ ਹਰਿਆਲੀ ਭਰਪੂਰ ਦਰੱਖਤਾਂ ਨਾਲ ਵੀ ਘਿਰਿਆ ਹੋਇਆ ਹੈ। ਕਿਤੇ ਕਿਤੇ ਪਹਾੜੀ ਉਚਾਈ ਅਤੇ ਢਲਾਣ ਵੀ ਆ ਜਾਂਦੀ ਹੈ। ਰਾਹ ਵਿੱਚ ਛੋਟੀਆਂ ਝੀਲਾਂ ਜਾਂ ਛੱਪੜੀਆਂ ਵੀ ਹਨ ਜਿੱਥੇ ਜਾਨਵਰ ਪਾਣੀ ਪੀਂਦੇ ਅਤੇ ਪੰਛੀ ਛੋਟਾ-ਮੋਟਾ ਸ਼ਿਕਾਰ ਕਰਦੇ ਵੇਖੇ ਜਾ ਸਕਦੇ ਹਨ। ਜੰਗਲ ਵਿੱਚ ਆਮ ਦਿਖਣ ਵਾਲੇ ਜਾਨਵਰ ਦੋ ਤਰ੍ਹਾਂ ਦੇ ਹਿਰਨ - ਚੀਤਲ ਤੇ ਸਾਂਬਰ, ਨੀਲ ਗਾਂ ਤੇ ਜੰਗਲੀ ਸ਼ੂਕਰ ਹਨ। ਇਸ ਜੰਗਲ ਵਿੱਚ ਮੋਰਾਂ ਦੀ ਕਾਫ਼ੀ ਤਾਦਾਦ ਹੈ। ਹਰ ਉਮਰ ਵਰਗ ਦੇ ਮੋਰ ਇਸ ਜੰਗਲ ਵਿੱਚ ਵੇਖਣ ਨੂੰ ਮਿਲਦੇ ਹਨ। ਇਹੀ ਹਾਲ ਜੰਗਲੀ ਸੂਰਾਂ ਦਾ ਹੈ। ਇੱਥੇ ਜੰਗਲੀ ਸੂਰਾਂ ਦੇ ਝੁੰਡ ਵੇਖਣ ਨੂੰ ਮਿਲਦੇ ਹਨ।

ਜੰਗਲ ਵਿੱਚ ਦਾਖਲੇ ਦਾ ਸਮਾਂ ਸੂਰਜ ਉੱਗਣ ਤੇ ਸੂਰਜ ਛਿਪਣ ਅਨੁਸਾਰ ਬਦਲਦਾ ਰਹਿੰਦਾ ਹੈ। ਦਿਨ ਵਿੱਚ ਦੋ ਵਾਰ ਸਫ਼ਾਰੀ ਕੀਤੀ ਜਾ ਸਕਦੀ ਹੈ। ਪਹਿਲੀ ਸਵੇਰੇ ਦਿਨ ਚੜ੍ਹਨ ਤੋਂ ਲੈ ਕੇ ਅਗਲੇ ਤਿੰਨ ਘੰਟਿਆਂ ਤਕ ਅਤੇ ਦੂਜੀ ਸ਼ਾਮ ਨੂੰ ਦਿਨ ਢਲਣ ਤੋਂ ਤਿੰਨ ਘੰਟੇ ਪਹਿਲਾਂ। ਸੈਲਾਨੀਆਂ ਦੇ ਜੰਗਲ ਦੇ ਧੁਰ ਅੰਦਰ ਜਾਣ ‘ਤੇ ਪਾਬੰਦੀ ਹੈ ਤਾਂ ਜੋ ਜੰਗਲੀ ਜਾਨਵਰਾਂ ਦੇ ਕੁਦਰਤੀ ਆਵਾਸ ਵਿੱਚ ਕੋਈ ਰੁਕਾਵਟ ਨਾ ਹੋਵੇ।

ਅਸੀਂ ਸਵੇਰ ਸਮੇਂ ਸਫ਼ਾਰੀ ਲਈ ਸਾਢੇ ਛੇ ਵਜੇ ਲੋਕਾਂ ਕੋਲੋਂ ਰਾਹ ਪੁੱਛਦੇ ਹੋਏ ਇਸ ਪਾਰਕ ਦੇ ਦਫ਼ਤਰ ਜਾ ਪਹੁੰਚੇ। ਰਸਤੇ ਵਿੱਚ ਬਹੁਤ ਸਾਰੇ ਬੱਚਿਆਂ ਤੇ ਨੌਜਵਾਨਾਂ ਨੂੰ ਮੂੰਹ ਹਨੇਰੇ ਹੀ ਸੜਕ ‘ਤੇ ਕਈ ਥਾਂਈ ਦੌੜ ਲਗਾਉਂਦੇ ਤੇ ਕਸਰਤ ਕਰਦਿਆਂ ਵੇਖ ਕੇ ਥੋੜ੍ਹੀ ਹੈਰਾਨੀ ਹੋਈ।

ਅਸੀਂ ਦਫ਼ਤਰ ਜਾ ਕੇ ਲੋੜੀਂਦੀ ਕਾਰਵਾਈ ਕਰ ਕੇ ਇੰਤਜ਼ਾਰ ਕਰਨ ਲੱਗੇ। ਸੱਤ ਵਜੇ ਸਾਡਾ ਗਾਈਡ ਸਾਨੂੰ ਬੁਲਾ ਕੇ ਲੈ ਗਿਆ। ਜੰਗਲ ਦੇ ਗੇਟ ‘ਤੇ ਕਾਗਜ਼ ਪੱਤਰ ਚੈੱਕ ਕਰਵਾ ਕੇ ਤਿੰਨ ਚਾਰ ਜਿਪਸੀਆਂ ਇਕੱਠੀਆਂ ਅੱਗੇ ਲੰਘ ਗਈਆਂ ਤੇ ਵੱਖ ਵੱਖ ਰੂਟਾਂ ‘ਤੇ ਚਲੀਆਂ ਗਈਆਂ। ਜਿਪਸੀ ਖੁੱਲ੍ਹੀ ਹੋਣ ਕਾਰਨ ਸਵੇਰ ਸਮੇਂ ਹਵਾ ਲੱਗਣ ਨਾਲ ਠੰਢ ਬਹੁਤ ਲੱਗ ਰਹੀ ਸੀ। ਜਿਪਸੀ ਉੱਭੜ-ਖਾਭੜ ਰਸਤਿਆਂ ਵਿਚਦੀ ਹੁੰਦੇ ਹੋਏ ਉਤਰਾਈਆਂ ਤੇ ਚੜ੍ਹਾਈਆਂ ਲੰਘਣ ਲੱਗੀ। ਕੁਝ ਸਮੇਂ ਬਾਅਦ ਗਾਈਡ ਨੇ ਸਾਨੂੰ ਰਾਹ ਵਿੱਚ ਬਾਘ ਦੇ ਪੈਰਾਂ ਦੇ ਨਿਸ਼ਾਨ ਵਿਖਾਏ। ਜਿਉਂ-ਜਿਉਂ ਅਸੀਂ ਰਸਤੇ ਵਿੱਚ ਅੱਗੇ ਵਧਦੇ ਗਏ, ਪੈਰਾਂ ਦੇ ਨਿਸ਼ਾਨ ਵੀ ਉਸੇ ਪਾਸੇ ਵਧਦੇ ਗਏ। ਥੋੜ੍ਹਾ ਅੱਗੇ ਰਸਤੇ ਤੋਂ ਜ਼ਰਾ ਇੱਕ ਪਾਸੇ 20 ਕੁ ਫੁੱਟ ਹਟਵੇਂ ਦਰੱਖਤ ‘ਤੇ ਲਮਕਦੇ ਹੋਏ ਇੱਕ ਹਿਰਨ ਦੀ ਸ਼ਕਲ ਨਜ਼ਰ ਆਈ। ਗਾਈਡ ਨੇ ਦੱਸਿਆ ਕਿ



ਰਾਤ ਸਮੇਂ ਕਿਸੇ ਚੀਤੇ ਨੇ ਇਸ ਦਾ ਸ਼ਿਕਾਰ ਕਰ ਲਿਆ ਹੋਵੇਗਾ ਅਤੇ ਅੱਧਾ-ਪਚੱਧਾ ਖਾ ਕੇ ਚਲਿਆ ਗਿਆ ਹੋਵੇਗਾ। ਸਭ ਦੀਆਂ ਅੱਖਾਂ ਉਸ ਚੀਤੇ ਨੂੰ ਨੇੜੇ-ਤੇੜੇ ਕਿਸੇ ਦਰੱਖਤ ‘ਤੇ ਲੱਭਣ ਲੱਗੀਆਂ। ਥੋੜ੍ਹਾ ਚਿਰ ਰੁਕ ਕੇ ਅਸੀਂ ਅੱਗੇ ਚੱਲ ਪਏ। ਜੰਗਲ ਅੰਦਰ ਅੱਗੇ ਵਧਦਿਆਂ ਜਾਨਵਰਾਂ ਅਤੇ ਪੰਛੀਆਂ ਦੀ ਗਿਣਤੀ ਵੀ ਵਧਦੀ ਗਈ। ਇੱਕ ਜਗ੍ਹਾ ਪੱਕੀ ਮਚਾਨ ਅਤੇ ਉਸ ਦੇ ਸਾਹਮਣੇ ਜਾਨਵਰਾਂ ਨੂੰ ਸ਼ਿਕਾਰ ਲਈ ਖਿੱਚਣ ਵਾਸਤੇ ਪੱਕੀਆਂ ਇੱਟਾਂ ਨਾਲ ਬਣਾਈ ਛੱਪੜੀ ਵੀ ਨਜ਼ਰ ਆਈ। ਗਾਈਡ ਨੇ ਦੱਸਿਆ ਕਿ ਅੰਗਰੇਜ਼ ਇਸ ਨੂੰ ਸ਼ਿਕਾਰ ਲਈ ਵਰਤਦੇ ਸਨ ਅਤੇ ਜੰਗਲ ਵਿੱਚ ਅਜਿਹੀਆਂ ਹੋਰ ਵੀ ਮਚਾਨਾਂ ਹਨ। ਅੱਗੇ ਇੱਕ ਵੱਡੇ ਤਲਾਬ ਕੋਲ ਬਹੁਤ ਸਾਰੇ ਮਗਰਮੱਛ ਧੁੱਪ ਸੇਕ ਰਹੇ ਸਨ। ਇੱਕ ਗਾਂ ਵੀ ਵੇਖੀ ਜਿਸ ਨੂੰ ਇੱਕ ਬਾਘਣ ਨੇ ਰਾਤ ਨੂੰ ਮਾਰ ਮੁਕਾਇਆ ਸੀ। ਉਸ ਦਾ ਬਚਿਆ ਮਾਸ ਹੁਣ ਸਿਆਰ ਅਤੇ ਲੱਕੜਬੱਘੇ ਖਾ ਰਹੇ ਸਨ। ਪਾਰਕ ਦੇ ਅਧਿਕਾਰੀਆਂ ਨੇ ਉਸ ਸ਼ਿਕਾਰ ਕੋਲ ਕੈਮਰਾ ਲਗਾ ਦਿੱਤਾ ਸੀ ਤਾਂ ਜੋ ਪਤਾ ਲੱਗ ਸਕੇ ਕਿ ਇੱਥੇ ਕਿਹੜਾ ਕਿਹੜਾ ਜਾਨਵਰ ਮੌਜੂਦ ਹੈ।

ਜੰਗਲ ਅੰਦਰ ਚੌਦਾਂ ਬਾਘ ਹਨ ਅਤੇ ਹਰ ਬਾਘ ਦੀ ਗਤੀਵਿਧੀ ਟਰੈਕ ਕਰਨ ਲਈ ਉਸ ਦੇ ਰੇਡੀਓ ਕਾਲਰ ਲਗਾਇਆ ਗਿਆ ਹੈ। ਕੁਝ ਸਾਲ ਪਹਿਲਾਂ ਸ਼ਿਕਾਰੀਆਂ ਨੇ ਆਪਣੇ ਨਿੱਜੀ ਫ਼ਾਇਦੇ ਲਈ ਨਾਜਾਇਜ਼ ਤਰੀਕੇ ਨਾਲ ਇੱਥੋਂ ਦੇ ਸਾਰੇ ਬਾਘ ਮਾਰ ਦਿੱਤੇ ਸਨ। ਫਿਰ ਸਰਕਾਰ ਅਤੇ ਬਾਘ ਬਚਾਓ ਸੰਗਠਨਾਂ ਨੇ ਰਣਥੰਬੋਰ (ਸਵਾਏ ਮਾਧੋਪੁਰ) ਤੋਂ ਬਾਘ ਲਿਆ ਕੇ ਇੱਥੇ ਦੁਬਾਰਾ ਵਸਾਏ ਸਨ। ਹਵਾਈ ਸੈਨਾ ਦੀ ਮਦਦ ਨਾਲ ਤਿੰਨ ਬਾਘਣਾਂ ਤੇ ਦੋ ਬਾਘ ਇੱਥੇ ਲਿਆਂਦੇ ਗਏ ਸਨ ਜਿਨ੍ਹਾਂ ਵਿੱਚੋਂ ਇੱਕ ਬਾਘ ਨੂੰ ਕਿਸੇ ਨੇ ਜ਼ਹਿਰ ਦੇ ਕੇ ਮਾਰ ਦਿੱਤਾ ਸੀ।

ਸਰਕਾਰ ਨੇ ਜੰਗਲ ਅੰਦਰ ਵਸੇ ਪਿੰਡਾਂ ਨੂੰ ਵੀ ਮੁਆਵਜ਼ਾ ਦੇ ਕੇ ਖਾਲੀ ਕਰਵਾ ਲਿਆ ਹੈ, ਪਰ ਹਾਲੇ ਵੀ ਜੰਗਲ ਵਿੱਚ ਦੋ ਪਿੰਡ ਵਸਦੇ ਹਨ। ਅਸੀਂ ਉਨ੍ਹਾਂ ਦੋ ਪਿੰਡਾਂ ਦੇ ਬੱਚੇ ਪੈਦਲ ਅਤੇ ਸਾਈਕਲਾਂ ‘ਤੇ ਆਪਣੇ ਸਕੂਲ ਜਾਂਦੇ ਵੇਖੇ। ਗਾਈਡ ਦੇ ਦੱਸਣ ਮੁਤਾਬਿਕ ਅੱਜ ਤਕ ਕਿਸੇ ਬਾਘ ਨੇ ਕਦੇ ਵੀ ਕਿਸੇ ਇਨਸਾਨ ‘ਤੇ ਹਮਲਾ ਨਹੀਂ ਕੀਤਾ। ਉਂਜ, ਅਤੀਤ ਵਿੱਚ ਹਮਲਾ ਨਹੀਂ ਕੀਤਾ ਤਾਂ ਇਸ ਦਾ ਇਹ ਮਤਲਬ ਨਹੀਂ ਕਿ ਭਵਿੱਖ ਵਿੱਚ ਵੀ ਕਦੇ ਨਹੀਂ ਹੋਵੇਗਾ।

ਇਸ ਤੋਂ ਬਾਅਦ ਸਮੇਂ ਦੀ ਕਮੀ ਕਾਰਨ ਅਸੀਂ ਸ਼ਾਮ ਦੀ ਸਫ਼ਾਰੀ ਛੱਡ ਕੇ ਸਰਿਸਕਾ ਤੋਂ ਅਲਵਰ ਸੜਕ ਨੇੜੇ ਪੈਂਦੀ ਸਿਲੀਸੇਰ ਝੀਲ ਵੇਖਣ ਚਲੇ ਗਏ। ਪਹਾੜਾਂ ਵਿੱਚ ਫੈਲੀ ਇਹ ਵਿਸ਼ਾਲ ਝੀਲ ਬਹੁਤ ਸੁੰਦਰ ਨਜ਼ਾਰਾ ਪੇਸ਼ ਕਰਦੀ ਹੈ। ਸੱਤ ਵਰਗ ਕਿਲੋਮੀਟਰ ਵਿੱਚ ਫੈਲੀ ਇਹ ਝੀਲ ਰਾਜਾ ਵਿਨੈ ਸਿੰਘ ਨੇ 1845 ਵਿੱਚ ਬਣਵਾਈ ਸੀ, ਪਰ ਝੀਲ ਨੂੰ ਜਾਣ ਵਾਲਾ ਰਸਤਾ ਬਹੁਤ ਮਾੜਾ ਅਤੇ ਸਾਫ਼-ਸਫ਼ਾਈ ਵਿਹੂਣਾ ਹੈ। ਝੀਲ ਦੇ ਕੰਢੇ ਬਣੇ ਮਹਿਲ ਦੇ ਵਿਹੜੇ ਵਿੱਚ ਬੈਠ ਕੇ ਇਸ ਨੂੰ ਤੱਕਣ ਤੇ ਚਾਹ, ਕੌਫ਼ੀ ਪੀਣ ਦਾ ਆਪਣਾ ਹੀ ਨਜ਼ਾਰਾ ਹੈ।

ਝੀਲ ਵਿੱਚ ਬੋਟਿੰਗ ਦਾ ਵੀ ਪ੍ਰਬੰਧ ਹੈ, ਪਰ ਇਸ ਦੇ ਕੰਢੇ ਵਸੇ ਪਿੰਡਾਂ ਦਾ ਗੰਦਾ ਪਾਣੀ ਇਸ ਨੂੰ ਦੂਸ਼ਿਤ ਕਰ ਰਿਹਾ ਹੈ। ਇਸ ਦੇ ਕਿਨਾਰੇ ਬਣੇ ਮਹਿਲ ਨੂੰ ਸੈਰ ਸਪਾਟਾ ਵਿਭਾਗ ਵੱਲੋਂ ਹੋਟਲ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਇਸ ਮਹਿਲ ਨੇੜੇ ਖਿਲਰਿਆ ਕੂੜਾ, ਪਲਾਸਟਿਕ ਆਦਿ ਇਸ ਦੀ ਖ਼ੂਬਸੂਰਤੀ ਨਾਲ ਖਿਲਵਾੜ ਹੈ।

# ----- ਜ਼ਿੰਦਾ ਹੈ ਲਾਦੇਨ -----

## ਆਧਾਰ ਕਾਰਡ ਬਣਾਉਣ ਲਈ ਰਾਜਸਥਾਨ ’ਚ ਦਿੱਤੀ ਬੇਨਤੀ

ਸੂਚਨਾ ਮਿਲੀ ਹੈ ਰਾਜਸਥਾਨ ਵਿਚ ਭੀਲਵਾੜਾ ਦੇ ਮਾਂਡਲ ਕਸਬੇ ਦਾ ਰਹਿਣ ਵਾਲਾ ਇਕ ਵਿਅਕਤੀ ਜਿਸਦਾ ਨਾਂ ਸੱਦਾਮ ਮੰਸੂਰੀ ਦੱਸਿਆ ਜਾ ਰਿਹਾ ਹੈ, ਇਕ ਕੰਪਿਊਟਰ ਅਪਰੇਟਰ ਹੈ। ਮੰਸੂਰੀ ਆਧਾਰ ਐਨਰੋਲਮੈਂਟ ਸੈਂਟਰ ਚਲਾਉਂਦਾ ਹੈ। ਇਸ ਵਿਅਕਤੀ ਨੇ ਅਲ ਕਾਇਦਾ ਦੇ ਸਾਬਕਾ ਮੁਖੀ ਓਸਾਮਾ ਬਿਨ ਲਾਦੇਨ ਦੇ ਨਾਂ ਤੇ ਆਧਾਰ ਕਾਰਡ ਬਣਾਉਣ ਲਈ ਫਾਰਮ ਭਰ ਦਿੱਤਾ। ਉਸਨੇ ਇਸ ਫਾਰਮ ਵਿਚ ਲਾਦੇਨ ਦੀ ਇਕ ਤਸਵੀਰ ਲਗਾਈ ਅਤੇ ਉਸਦਾ ਐਡਰੈਸ ਵੀ ਐਬਟਾਬਾਦ ਭੀਲਵਾੜਾ ਲਿਖਿਆ। ਹਾਲਾਂਕਿ ਜੋ ਤਸਵੀਰ ਉਸਨੇ ਅਪਲੋਡ ਕੀਤੀ, ਉਹ ਬਲਰ ਹੈ। ਇਯ ਫਾਰਮ ਵਿਚ ਪਛਾਣ ਦੇ ਲਈ ਪੇਸ਼ ਕੀਤੇ ਜਾਣ ਵਾਲਾ ਥੰਮ ਇੰਪ੍ਰੈਸ਼ਨ ਅਤੇ ਦੂਜੇ ਪਛਾਣ ਸਰਟੀਫਿਕੇਟ ਨਹੀਂ ਦਿੱਤੇ ਗਏ ਹਨ।




ਜਦੋਂ ਇਹ ਫਾਰਮ ਵੈਰੀਫਿਕੇਸ਼ਨ ਦੇ ਲਈ ਸਬੰਧਤ ਅਧਿਕਾਰੀਆਂ ਦੇ ਕੋਲ ਪਹੁੰਚਿਆ ਤਾਂ ਉਸ ਵਿਚ ਕਈ ਕਮੀਆਂ ਪਾਈਆਂ ਗਈਆਂ। ਜਿਸ ਤੇ ਉਹਨਾਂ ਨੇ ਗੜਬੜੀ ਕੀਤੇ ਜਾਣ ਦੀ ਸ਼ੰਕਾ ਵੱਸ ਫਾਰਮ ਦੀ ਜਾਂਚ ਕੀਤੀ ਅਤੇ ਹੁਣ ਸਾਰਾ ਕਿੱਸਾ ਸਾਹਮਣੇ ਆਇਆ। ਅਧਿਕਾਰੀਆਂ ਨੇ ਤੁਰੰਤ ਜਾਂਚ ਅਧਿਕਾਰੀਆਂ ਨੂੰ ਇਸਦੀ ਸੂਚਨਾ ਦਿੱਤੀ। ਜਾਣਕਾਰੀ ਮਿਲਣ ’ਤੇ ਫੌਰਨ ਕਾਰਵਾਈ ਕਰਦੇ ਹੋਏ ਪੁਲਿਸ ਨੇ ਮੰਸੂਰੀ ਨੂੰ ਕਬਜੇ ਵਿਚ ਲਿਆ। ਉਸ ਤੋਂ ਪੁੱਛਗਿੱਛ ਕੀਤੀ ਗਈ।

ਫਿਲਹਾਲ ਮੰਡਲ ਪੁਲਿਸ ਨੇ ਆਈ. ਐਸ. ਟੀ. ਐਕਟ ਦੇ ਤਹਿਤ ਮੰਸੂਰੀ ਦੇ ਖਿਲਾਫ ਕੇਸ ਦਰਜ ਕੀਤਾ ਹੈ। ਪੁਲਿਸ ਆਈ. ਟੀ. ਵਿਭਾਗ ਦੇ ਦਸਤਾਵੇਜ਼ ਸਾਂਝੇ ਕਰਨ ਦਾ ਇੰਤਜ਼ਾਰ ਕਰ ਰਹੀ ਹੈ ਤਾਂ ਜੋ ਮਾਮਲੇ ਦੀ ਜਾਂਚ ਆਰੰਭ ਕੀਤੀ ਜਾ ਸਕੇ। ਇਸੇ ਵਿਚਕਾਰ ਮੰਸੂਰੀ ਨੇ ਕਿਹਾ ਕਿ ਉਹ ਨਿਰਦੋਸ਼ ਹੈ। ਉਥੇ ਹੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਦੋਂ ਯੂਅਰ ਆਈ. ਡੀ. ਮੰਸੂਰੀ ਦੀ ਸੀ ਅਤੇ ਬੇਨਤੀ ਕੇਵਲ ਉਸਦੀ ਨਿਗਰਾਨੀ ਵਿਚ ਅਪਲੋਡ ਕੀਤੀ ਜਾ ਸਕਦੀ ਸੀ ਤਾਂ ਉਹ ਨਿਰਦੋਸ਼ ਕਿਵੇਂ ਹੋਇਆ।

# ਜਾਨ ਤੇ ਖੇਡ ਕੇ ਮਗਰਮੱਛ ਨੂੰ ਬਚਾਅ ਲਿਆਏ ਬੱਚੇ



ਖ਼ਤਰਨਾਕ ਮਗਰਮੱਛ ਕਰਨਾਟਕ ਦੇ ਕੋਰਥੀ ਪਿੰਡ ਦੇ ਹਨ, ਜਿੱਥੇ ਮਗਰਮੱਛ ਖੁਦ ਮੁਸੀਬਤ ਵਿਚ ਵੀ ਫਸ ਜਾਂਦੇ ਹਨ। ਪਰ ਕੁਝ ਲੋਕਾਂ ਨੇ ਮਗਰਮੱਛ ਦੀ ਮਦਦ ਕੀਤੀ ਅਤੇ ਉਸਨੂੰ ਬਚਾਇਆ। ਹੈਰਾਨੀ ਵਾਲੀ ਗੱਲ ਇਹ ਹੈ ਕਿ ਉਹ ਲੋਕ ਬਿਨਾਂ ਡਰੇ ਮਗਰਮੱਛ ਨੂੰ ਮੁਸੀਬਤ ਤੋਂ ਕੱਢ ਕੇ ਲੈ ਆਏ। ਘਟਨਾ ਦੀ ਵੀਡੀਓ ਵੀ ਸਾਹਮਣੇ ਆਈ ਹੈ। ਵੀਡੀਓ ਦੇਖ ਕੇ ਤੁਸੀਂ ਅੰਦਾਜ਼ਾ ਲਗਾ ਸਕਦੇ ਹੋ ਕਿ ਮਗਰਮੱਛ ਦੀ ਜਾਨ ਬਚਾਉਣ ਲਈ ਕਿਸ ਤਰ੍ਹਾਂ ਬੱਚੇ ਦਲਦਲ ਵਿਚ ਵੜ ਗਏ। ਕੁਝ ਲੋਕ ਹੱਥਾਂ ਅਤੇ ਕੌਹਣੀ ਦੇ ਸਹਾਰੇ ਚੱਲ ਕੇ ਚਿੱਕੜ ਵਿਚ ਮਗਰਮੱਛ ਦੇ ਕੋਲ ਗਏ। ਉਹ ਚਿੱਕੜ ਵਿਚ ਫਸੇ ਮਗਰਮੱਛ ਨੂੰ ਦੇਖ ਕੇ ਨੇੜੇ ਪਹੁੰਚ ਗਏ। ਉਹਨਾਂ ਵਿਚੋਂ ਇਕ ਵਿਅਕਤੀ ਨੇ ਦੇਖਿਆ ਕਿ ਮਗਰਮੱਛ ਜਿੰਦਾ ਹੈ ਜਾਂ ਨਹੀਂ,ਉਸਦੇ ਮੂੰਹ ਵਿਚ ਹੱਥ ਪਾਇਆ।

ਇਸ ਤੋਂ ਬਾਅਦ ਉਹ ਲੋਕ ਮਗਰਮੱਛ ਨੂੰ ਦਲਦਲ ਤੋਂ ਬਚਾਉਣ ਲਈ ਲੱਕੜੀ ਨਾਲ ਉਸਨੂੰ ਬਾਹਰ ਕੱਢਣ ਦੀ ਕੋਸ਼ਿਸ਼ ਕਰਦੇ ਹਨ। ਇਸ ਤੋਂ ਬਾਅਦ ਇਕ ਵਿਅਕਤੀ ਉਸਨੂੰ ਪੂੰਛ ਤੋਂ ਖਿੱਚ ਕੇ ਬਾਹਰ ਲਿਆਉਂਦਾ ਹੈ।

# ਚੇਤੰਨ ਸ਼ਖ਼ਸ

ਉਹ ਜਦੋਂ ਵੀ ਮੇਰੀ ਦੁਕਾਨ ‘ਤੇ ਮੈਨੂੰ ਮਿਲਣ ਆਉਂਦਾ ਤਾਂ ਹਰ ਵਾਰ ਆਪਣੀ ਚੇਤੰਨ ਸ਼ਖ਼ਸੀਅਤ ਦਾ ਪ੍ਰਭਾਵ ਛੱਡ ਜਾਂਦਾ। ਮੈਨੂੰ ਉਸ ਦੀਆਂ ਨਿੱਤ ਨਵੀਆਂ, ਪਰ ਸਿਆਣੀਆਂ ਗੱਲਾਂ ਸੁਣਨ ਦਾ ਬੜੀ ਬੇਸਬਰੀ ਨਾਲ ਇੰਤਜ਼ਾਰ ਰਹਿੰਦਾ। ਉਸ ਦੀਆਂ ਉਸਾਰੂ ਅਤੇ ਤਰਕਸ਼ੀਲ ਗੱਲਾਂਬਾਤਾਂ ਸਦਕਾ ਹੀ ਮੈਂ ਉਸ ਨੂੰ ਸਮਾਜ ਦੇ ਕੁਝ ਗਿਣੇ-ਚੁਣੇ ਸਿਆਣੇ ਲੋਕਾਂ ਵਿੱਚ ਸ਼ੁਮਾਰ ਕਰਦਾ ਸੀ। ਦਰਅਸਲ, ਮੈਂ ਜਦੋਂ ਕਦੇ ਵੀ ਕਿਸੇ ਪ੍ਰੇਸ਼ਾਨੀ ਜਾਂ ਉਲਝਣ ਵਿੱਚ ਫਸਦਾ ਤਾਂ ਉਹ ਝੱਟ ਮੈਨੂੰ ਉਸ ਉਲਝਣ ਦੇ ਹੱਲ ਦੀ ਬੜੀ ਹੀ ਸਰਲ, ਪਰ ਕਾਰਗਰ ਵਿਉਂਤ ਦੱਸ ਦਿੰਦਾ। ਹਰ ਧਰਮ ਬਾਰੇ ਉਸ ਨੂੰ ਡੂੰਘਾ ਗਿਆਨ ਸੀ। ਇਸੇ ਕਰਕੇ ਮੈਂ ਬੜੀ ਵਾਰ ਸੋਚਿਆ ਸੀ ਕਿ ਉਸ ਜਿਹੇ ਵਿਚਾਰ ਸਭ ਦੇ ਹੋ ਜਾਣ ਤਾਂ ਦਿਨਾਂ ਵਿੱਚ ਹੀ ਸਭ ਝਗੜੇ ਖ਼ਤਮ ਹੋ ਜਾਣਗੇ ਅਤੇ ਸਮਾਜ ਵਿੱਚ ਫੈਲਿਆ ਅੰਧ-ਵਿਸ਼ਵਾਸ ਅਤੇ ਵੈਰ ਵਿਰੋਧ ਸਭ ਕੁਝ ਖ਼ਤਮ ਹੋ ਜਾਵੇਗਾ।

ਉਹ ਕਈ ਸਾਲਾਂ ਤੋਂ ਦੂਜੇ ਚੌਥੇ ਦਿਨ ਮੈਨੂੰ ਮਿਲਣ ਆਉਂਦਾ ਰਹਿੰਦਾ। ਇਸ ਵਾਰ ਉਹ ਆਇਆ ਤਾਂ ਮੈਨੂੰ ਆਖਣ ਲੱਗਾ, “ਯਾਰ, ਅੱਜ ਮੈਂ ਤੇਰੇ ਨਾਲ ਗੱਲਾਂ ਕਰਨ ਦੀ ਬਜਾਏ ਕੋਈ ਕੰਮ ਲਈ ਆਇਆ ਹਾਂ।“ ਮੈਂ ਕਿਹਾ, “ਦੱਸੋ ਵੀਰ ਜੀ, ਧੰਨ ਭਾਗ ਮੇਰੇ ਜੋ ਮੈਂ ਤੁਹਾਡੇ ਕਿਸੇ ਕੰਮ ਆ ਸਕਾਂ।“ ਉਸ ਆਖਿਆ, “ਇੱਕ ਸਟੀਲ ਦਾ ਬਹੁਤ ਹੀ ਨਵੇਂ ਡਿਜ਼ਾਈਨ ਤੇ ਸਜਾਵਟ ਵਾਲਾ ਮੇਜ਼ ਬਣਾ ਕੇ ਦਿਉ, ਡਰਾਇੰਗ ਰੂਮ ਵਿੱਚ ਰੱਖਣਾ ਹੈ। ਨਹੀਂ ਤਾਂ ਅਖ਼ਬਾਰਾਂ ਤੇ ਕਿਤਾਬਾਂ ਰੱਖਣ ਦੀ ਬੜੀ ਪ੍ਰੇਸ਼ਾਨੀ ਰਹਿੰਦੀ ਹੈ।“ ਮੈਂ ਕਿਹਾ, “ਕੋਈ ਗੱਲ ਨਹੀਂ ਭਾਅ ਜੀ, ਕੱਲ੍ਹ ਸ਼ਾਮ ਤਕ ਤਿਆਰ ਕਰ ਦੇਵਾਂਗੇ। ਤੁਸੀਂ ਪਰਸੋਂ ਨੂੰ ਲੈ ਜਾਣਾ।“ ਉਹ ਕਹਿਣ ਲੱਗਾ, “ਪਰਸੋਂ ਨੂੰ ਕੀ ਦਿਨ ਹੈ?“ ਮੈਂ ਕਿਹਾ, “ਜੀ ਸ਼ਨਿਚਰਵਾਰ।“ ਉਹ ਕਹਿਣ ਲੱਗਾ, “ਸੁਣਿਆ ਹੈ ਲੋਹਾ, ਸਟੀਲ ਸ਼ਨਿਚਰਵਾਰ ਨੂੰ ਘਰ ਲਿਜਾਣਾ ਸ਼ੁਭ ਨਹੀਂ ਹੁੰਦਾ। ਇਸ ਲਈ ਮੈਂ ਐਤਵਾਰ ਨੂੰ ਲੈ ਜਾਵਾਂਗਾ। ਤੁਸੀਂ ਆਰਾਮ ਨਾਲ ਤਿਆਰ ਕਰ ਦੇਣਾ।“ ਮੈਂ ਉਸ ਦੇ ਮੂੰਹੋਂ ਇਹ ਸ਼ਬਦ ਸੁਣ ਕੇ ਹੱਕਾ-ਬੱਕਾ ਰਹਿ ਗਿਆ।

**- ਭੁਪਿੰਦਰ ਸਿੰਘ ਬੋਪਾਰਾਏ**

# ਘਰੇਲੂ ਟਿਪਸ



➢ ਸਮੇਂ ਤੋਂ ਪਹਿਲਾਂ ਸਫੈਦ ਵਾਲਾਂ ਵਾਲਾਂ ਦੇ ਇਲਾਜ ਲਈ ਆਵਲਾ ਇਕ ਵਧੀਆ ਉਪਾਅ ਹੈ। ਨਾਰੀਅਲ ਦੇ ਤੇਲ ’ਚ ਸੁੱਕੇ ਨਾਰੀਅਲ ਦੇ ਕੁਝ ਟੁਕੜੇ ਪਾ ਕੇ ਉਬਾਲ ਲਓ। ਫਿਰ ਤੇਲ ਜਦੋਂ ਠੰਡਾ ਹੋ ਜਾਵੇ ਤਾਂ ਇਸ ਆਪਣੇ ਵਾਲਾਂ ’ਚ ਲਗਾਓ ਅਤੇ ਮਾਲਸ਼ ਕਰੋ। ਇਸ ਤੇਲ ਨੂੰ ਹਫਤੇ ’ਚ ਘੱਟੋ-ਘੱਟ ਹਫਤੇ ’ਚ ਦੋ ਵਾਰ ਲਗਾਉਣਾ ਚਾਹੀਦਾ ਹੈ।

➢ ਨਾਰੀਅਲ ਦੇ ਤੇਲ ਦਾ ਦੂਜਾ ਪ੍ਰਯੋਗ ਨਿੰਬੂ ਦੇ ਰਸ ਨਾਲ ਮਿਲਾ ਕੇ ਕੀਤਾ ਜਾਂਦਾ ਹੈ। ਇਨ੍ਹਾਂ ਦੋਹਾਂ ਨੂੰ ਮਿਲਾ ਕੇ ਵਾਲਾਂ ’ਚ ਮਾਲਸ਼ ਕਰਨੀ ਚਾਹੀਦੀ ਹੈ। ਨਾਰੀਅਲ ਤੇਲ ਸਫੈਦ ਵਾਲਾਂ ਦੇ ਵਿਕਾਸ ਨੂੰ ਰੋਕਣ ’ਚ ਮਦਦਗਾਰ ਹੁੰਦਾ ਹੈ।

➢ ਬਦਾਮ ਦਾ ਤੇਲ, ਨਿੰਬੂ ਦਾ ਰਸ ਅਤੇ ਆਵਲੇ ਦੇ ਰਸ ਨੂੰ ਬਰਾਬਰ ਮਾਤਰਾ ’ਚ ਮਿਲਾਓ। ਸਫੈਦ ਵਾਲਾਂ ਦੀ ਸਮੱਸਿਆ ਦੇ ਇਲਾਜ ਕਰਨ ਲਈ ਇਸ ਮਿਸ਼ਰਣ ਨੂੰ ਆਪਣੇ ਵਾਲਾਂ ’ਚ ਲਗਾਓ।

➢ ਪਿਆਜ਼ ਦਾ ਰਸ ਸਮੇਂ ਤੋਂ ਪਹਿਲਾਂ ਵਾਲਾਂ ਨੂੰ ਸਫੈਦ ਹੋਣ, ਵਾਲਾਂ ਦਾ ਝੜਨਾ ਅਤੇ ਗੰਜਾਪਣ ਇਹ ਰੋਕਣ ’ਚ ਮਦਦ ਕਰਦਾ ਹੈ। ਇਕ ਕੱਚ ਦੇ ਭਾਂਡੇ ’ਚ ਨਿੰਬੂ ਅਤੇ ਪਿਆਜ਼ ਦਾ ਰਸ ਮਿਲਾਓ। ਹੁਣ ਇਸ ਦੀ ਆਪਣੇ ਸਿਰ ’ਚ ਹਲਕੇ ਹੱਥਾਂ ਨਾਲ ਮਾਲਸ਼ ਕਰੋ।

➢ ਅੱਧਾ ਚੱਮਚ ਬੇਕਿੰਗ ਸੋਡੇ ਨੂੰ ਟੂਥਪੇਸਟ ’ਚ ਮਿਲਾਓ ਅਤੇ ਹਫਤੇ ’ਚ ਇਕ ਵਾਰ ਇਸ ਨਾਲ ਦੰਦ ਸਾਫ ਕਰੋ। ਬਦਲ ਦੇ ਤੌਰ ’ਤੇ ਤੁਸੀਂ ਪਾਣੀ ਦੀਆਂ ਕੁਝ ਬੂੰਦਾਂ ’ਚ ਅੱਧਾ ਚੱਮਚ ਬੇਕਿੰਗ ਸੋਡਾ ਪਾ ਕੇ ਆਪਣੀਆਂ ਉਂਗਲੀਆਂ ਨਾਲ ਦੰਦਾਂ ’ਤੇ ਮੰਜਨ ਕਰ ਸਕਦੇ ਹੋ।

➢ ਸਰਦੀਆਂ ਆਉਂਦੇ ਹੀ ਲੋਕ ਘਰਾਂ ’ਚ ਰਹਿਣ ਲੱਗਦੇ ਹਨ ਅਤੇ ਖੁਦ ਨੂੰ ਬਚਾਉਣ ਲਈ ਬਹੁਤ ਸਾਰੀਆਂ ਆਦਤਾਂ ਨੂੰ ਭੁੱਲ ਜਾਂਦੇ ਹਨ ਜੋ ਕਿ ਖਤਰਨਾਕ ਹੋ ਸਕਦੀਆਂ ਹਨ।

## ਥਾਈ ਵੈੱਜ਼ੀਟੇਬਲ ਸੂਪ

**ਸਮੱਗਰੀ**

ਥਾਈ ਵੈੱਜ਼ੀਟੇਬਲ ਸੂਪ ਲਈ (5 ਕੱਪ)
1 ਕੱਪ- ਪਿਆਜ਼
2 ਕੱਪ- ਕੱਟੀਆਂ ਹੋਈਆਂ ਗਾਜਰਾਂ
6-ਕਾਲੀਆਂ ਮਿਰਚਾਂ
2- ਹਰੀ ਚਾਹ ਪੱਤੀ
ਸੁਆਦ ਅਨੁਸਾਰ-ਲੂਣ

**ਹੋਰ ਸਮੱਗਰੀ**

2 ਚਮਚ- ਘੱਟ ਫੈਟ ਵਾਲਾ ਮੱਖਣ
1 ਚਮਚ- ਬਰੀਕ ਕੱਟਿਆਂ ਲਸਣ
1 ਚਮਚ-ਬਰੀਕ ਕੱਟੀਆਂ ਹਰੀਆਂ ਮਿਰਚਾਂ
1/4 ਕੱਪ- ਬਰੀਕ ਕੱਟੇ ਹਰੇ ਪਿਆਜ਼
1/2 ਕੱਪ- ਅੱਧੇ ਉਬਲੇ ਹੋਏ ਖੁੰਬ
2 ਚਮਚ- ਬਰੀਕ ਕੱਟਿਆ ਹਰਾ ਧਨੀਆ
1/2 ਕੱਪ-ਬਰੀਕ ਕੱਟੀ ਪਾਲਕ
1/2 ਕੱਪ ਸਲਾਇਸਡ ਅਤੇ ਅੱਧੇ ਉਬਲੇ ਹੋਏ ਬੇਬੀ ਕਾਰਨ
1 ਕੱਪ- ਬੀਨ ਪੁੰਗਰੀ ਹੋਈ
1 ਕੱਪ- ਟੋਫੂ
1 ਚਮਚ- ਵਿਨੇਗਰ
1 ਚਮਚ-ਸੋਇਆ ਸੋਸ
ਸੁਆਦ ਅਨੁਸਾਰ-ਲੂਣ



**ਵਿਧੀ-** ਸਾਰੀਆਂ ਸਮੱਗਰੀਆਂ ਨੂੰ ਪਾਣੀ ਦੇ ਨਾਲ ਗਹਿਰੇ ਨਾਨ-ਸਟਿੱਕ ਪੈਨ ’ਚ ਚੰਗੀ ਤਰ੍ਹਾਂ ਨਾਲ ਮਿਲਾ ਲਓ ਅਤੇ ਚੰਗੀ ਤਰ੍ਹਾਂ ਨਾਲ ਉਬਾਲਾ ਦਿਓ। ਛਾਣਨੀ ’ਚ ਛਾਣ ਕੇ ਇਕ ਪਾਸੇ ਰੱਖ ਦਿਓ।

ਹੁਣ ਇਕ ਪੈਨ ’ਚ ਮੱਖਣ ਗਰਮ ਕਰੋ, ਲਸਣ, ਹਰੀ ਮਿਰਚ ਅਤੇ ਹਰੀ ਪਿਆਜ਼ ਪਾ ਕੇ ਘੱਟ ਸੇਕ ’ਤੇ ਭੁੰਨੋਂ ਅਤੇ ਬੱਚੀ ਹੋਈ ਸਮੱਗਰੀ ਪਾ ਕੇ ਚੰਗੀ ਤਰ੍ਹਾਂ ਮਿਲਾਓ ਅਤੇ ਘੱਟ ਸੇਕ ’ਤੇ 2-3 ਮਿੰਟ ਤਕ ਪਕਾਓ। ਹੁਣ ਥਾਈ ਵੈੱਜ਼ੀਟੇਬਲ ਸਟਾਕ ਪਾ ਕੇ ਚੰਗੀ ਤਰ੍ਹਾਂ ਨਾਲ ਮਿਲਾ ਲਓ ਅਤੇ ਗਰਮ-ਗਰਮ ਪਰੋਸੋ।

## ਮਟਰ ਕੀਮਾ

**ਸਮੱਗਰੀ**

1 ਕਿਲੋ-ਮਟਨ
1/2 ਕੱਪ-ਮਟਰ
6 ਚਮਚ- ਜੈਤੁਨ ਦਾ ਤੇਲ
2-3- ਹਰੀਆਂ ਮਿਰਚਾਂ
1 ਚਮਚ-ਜ਼ੀਰਾ
2 ਪਿਆਜ਼
1/2 ਚਮਚ- ਅਦਰਕ ਲਸਣ ਦਾ ਪੇਸਟ
2- ਟਮਾਟਰ
ਸੁਆਦ ਅਨੁਸਾਰ-ਲੂਣ
1 ਚਮਚ- ਧਨੀਆ ਪਾਊਡਰ
1 ਚਮਚ- ਹਲਦੀ ਪਾਊਡਰ
1/2 ਚਮਚ- ਗਰਮ ਮਸਾਲਾ
2 ਚਮਚ- ਤਾਜ਼ਾ ਧਨੀਆ ਕੱਟਿਆ

**ਵਿਧੀ-**

1 ਪੈਨ ’ਚ ਆਲਿਵ ਓਇਲ ਗਰਮ ਕਰੋ।
2 ਉਸ ’ਚ ਹਰੀ ਮਿਰਚ ਅਤੇ ਜ਼ੀਰਾ ਪਾਓ।
3 ਇਸ ਤੋਂ ਬਾਅਦ ਪਿਆਜ਼ ਪਾਓ ਅਤੇ ਅਦਰਕ ਲਸਣ ਦਾ ਪੇਸਟ ਪਾ ਕੇ ਚੰਗੀ ਭੁੰਨ ਲਓ। ਹੁਣ ਇਸ ਮਿਸ਼ਰਣ ’ਚ ਟਮਾਟਰ ਅਤੇ ਲੂਣ ਮਿਲਾ ਲਓ।
4 ਪੈਨ ਦਾ ਢੱਕਣ ਬੰਦ ਕਰ ਦਿਓ ਅਤੇ 5 ਮਿੰਟ ਕਰ ਪਕਾਓ।
5 ਉਸ ਤੋਂ ਬਾਅਦ ਲਾਲ ਮਿਰਚ ਪਾਊਡਰ, ਹਰਾ ਧਨੀਆ ਅਤੇ ਹਲਦੀ ਮਿਲਾਓ।



6 ਇਸ ਤੋਂ ਬਾਅਦ ਮਸਾਲੇ ’ਚ ਮਟਨ ਪਾ ਕੇ ਚੰਗੀ ਤਰ੍ਹਾਂ ਨਾਲ ਮਿਲਾ ਲਓ।
7 ਅੱਧਾ ਕੱਪ ਪਾਣੀ ਪਾ ਕੇ ਇਸ ਨੂੰ ਚੰਗੀ ਤਰ੍ਹਾਂ ਨਾਲ ਪਕਾ ਲਓ।
8 ਜਦੋਂ ਮਟਨ ਬਣ ਜਾਵੇ ਤਾਂ ਉਸ ਦਾ ਪਾਣੀ ਵੀ ਸੁੱਕ ਜਾਵੇ ਤਾਂ ਉਸ ’ਚ ਮਟਰ ਅਤੇ ਗਰਮ ਮਸਾਲਾ ਪਾ ਕੇ 2 ਮਿੰਟ ਤਕ ਪਕਾਉਣ ਤੋਂ ਬਾਅਦ ਬੰਦ ਕਰ ਦਿਓ।
9 ਹਰਾ ਧਨੀਆਂ ਪਾ ਕੇ ਇਸ ਨੂੰ ਗਰਮ-ਗਰਮ ਪਰੋਸੋ।

# ਕਹਾਣੀ: ਯਮਦੂਤ ਕੌਣ ?

**- ਗੁਰਵਿੰਦਰ ਸਿੰਘ**

ਟਰਾਲੇ ਤੇ ਮੋਟਰਸਾਈਕਲ ਦੀ ਟੱਕਰ ਹੋਣੀ ਸੀ। ਮੋਟਰਸਾਈਕਲ ਸਵਾਰ ਨੇ ਮਰ ਜਾਣਾ ਸੀ। ਯਮਰਾਜ ਨੇ ਦੋ ਯਮਦੂਤਾਂ ਦੀ ਡਿਊਟੀ ਲਾਈ ਸੀ। ਤੁਰਨ ਤੋਂ ਪਹਿਲਾਂ ਯਮਰਾਜ ਆਪਣੇ ਦੂਤਾਂ ਨੂੰ ਹਦਾਇਤਾਂ ਦੇ ਰਿਹਾ ਸੀ, “ਸਮਾਂ ਬਿਲਕੁਲ ਨਸ਼ਟ ਨਹੀਂ ਕਰਨਾ। ਉਸੇ ਵੇਲੇ ਆਤਮਾ ਲੈ ਕੇ ਮੁੜ ਆਉਣੈ, ਨਹੀਂ ਤਾਂ ਲੋਕ ਕਈ ਵਾਰ ਬੰਦੇ ਨੂੰ ਹਸਪਤਾਲ ਜਾਂ ਡੇਰਿਆਂ ਆਦਿ ’ਤੇ ਲੈ ਜਾਂਦੇ ਨੇ ਤੇ ਆਤਮਾ ਲਿਆਉਣ ਵਿੱਚ ਦੇਰ ਹੋ ਜਾਂਦੀ ਏ। ਨਾਲੇ ਜਦ ਬੰਦਾ ਆਪਣੇ ਸਾਥੀਆਂ-ਬੇਲੀਆਂ ਦੇ ਸਾਹਮਣੇ ਮਰਦੈ ਤਾਂ ਬਾਕੀਆਂ ਨੂੰ ਬਹੁਤ ਤਕਲੀਫ਼ ਹੁੰਦੀ ਹੈ। ਕਈਆਂ ਵਿਚਾਰਿਆਂ ਨੂੰ ਤਾਂ ਕਈ-ਕਈ ਦਿਨ ਨੀਂਦ ਹੀ ਨਹੀਂ ਆਉਂਦੀ। ਮਰਦਾ ਬੰਦਾ ਉਨ੍ਹਾਂ ਦੇ ਸੁਪਨਿਆਂ ਵਿੱਚ ਆਉਂਦਾ ਹੈ।” ਯਮਦੂਤ ਨਿਸ਼ਚਿਤ ਸਮੇਂ ਤੋਂ ਕੁਝ ਦੇਰ ਪਹਿਲਾਂ ਹੀ ਘਟਨਾ ਵਾਲੀ ਥਾਂ ’ਤੇ ਪਹੁੰਚ ਗਏ ਅਤੇ ਉਡੀਕ ਕਰਨ ਲੱਗੇ। ਦੁਰਘਟਨਾ ਹੋ ਗਈ। ਮੋਟਰਸਾਈਕਲ ਸਵਾਰ ਟਰਾਲੇ ਦੀ ਫੇਟ ਖਾ ਕੇ ਸੜਕ ਦੇ ਵਿਚਕਾਰ 20 ਕੁ ਫੁੱਟ ਦੂਰ ਜਾ ਡਿੱਗਿਆ। ਵਾਰ-ਵਾਰ ਸੜਕ ’ਤੇ ਵੱਜਣ ਕਾਰਨ ਸਰੀਰ ਥਾਂ-ਥਾਂ ’ਤੇ ਜ਼ਖ਼ਮੀ ਹੋ ਗਿਆ, ਲੱਤਾਂ-ਬਾਹਾਂ ਟੁੱਟ ਗਈਆਂ ਅਤੇ ਸਿਰ ਸੜਕ ’ਤੇ ਵੱਜਣ ਕਾਰਨ ਖ਼ੂਨ ਦੀਆਂ ਘਰਾਲਾਂ ਵਗ ਰਹੀਆਂ ਸਨ। ਦੋਵਾਂ ਪਾਸਿਆਂ ਤੋਂ ਆਉਂਦਾ ਟ੍ਰੈਫ਼ਿਕ ਰੁਕ ਗਿਆ। ਇਕਦਮ ਹੀ ਬਹੁਤ ਭੀੜ ਹੋ ਗਈ। ਬਹੁਤ ਸਾਰੇ ਲੋਕ ਟਰਾਲੇ ਵੱਲ ਭੱਜੇ। “ਹੈਂ! ਓਏ ਮੈਨੂੰ ਲੱਗਦਾ ਸਾਨੂੰ ਗਲਤ ਦੱਸਿਆ ਗਿਆ ਸੀ। ਸ਼ਾਇਦ ਟਰਾਲੇ ਵਾਲਾ ਜ਼ਖ਼ਮੀ ਹੋਇਆ ਹੈ ਤਾਂ ਹੀ ਸਾਰੇ ਲੋਕ ਉਧਰ ਨੂੰ ਭੱਜ ਰਹੇ ਨੇ। ਹੁਣ ਉਹ ਵਿਚਾਰੇ ਨੂੰ ਬਚਾਉਣ ਦੀ ਕੋਸ਼ਿਸ਼ ਕਰਨਗੇ।” ਨੌਜਵਾਨ ਯਮਦੂਤ ਹੈਰਾਨ ਹੋ ਗਿਆ। ਉਸ ਨੂੰ ਪਹਿਲੀ ਵਾਰ ਆਤਮਾ ਲਿਆਉਣ ਲਈ ਭੇਜਿਆ ਗਿਆ ਸੀ। ਪਹਿਲਾਂ ਉਹ ਨਰਕ ਵਿੱਚ ਹੀ ਅੰਡਰ ਟ੍ਰੇਨਿੰਗ ਸੀ। “ਨਹੀਂ ਕਾਕਾ ਤੂੰ ਅਜੇ ਨਵਾਂ ਏਂ। ਹੌਲੀ-ਹੌਲੀ ਤੈਨੂੰ ਸਭ ਸਮਝ ਵਿੱਚ ਆ ਜਾਵੇਗਾ।” ਬਜ਼ੁਰਗ ਯਮਦੂਤ, ਜਿਹੜਾ ਕਈ ਸਾਲਾਂ ਤੋਂ ਇਹ ਕੰਮ ਕਰ ਰਿਹਾ ਸੀ, ਦੀ ਆਵਾਜ਼ ਵਿੱਚ ਠਰੰਮਾ ਸੀ। ਲੋਕਾਂ ਨੇ ਟਰਾਲੇ ਦੀ ਬਾਰੀ ਖੋਲ੍ਹ ਲਈ ਸੀ। ਡਰਾਈਵਰ ਨੂੰ ਘਸੀਟ ਕੇ ਬਾਹਰ ਕੱਢਿਆ ਗਿਆ। ਲੋਕਾਂ ਨੇ ਉਸ ਨੂੰ ਕੁੱਟਣਾ ਸ਼ੁਰੂ ਕੀਤਾ। ਕੋਈ ਥੱਪੜ, ਕੋਈ ਮੁੱਕੇ ਅਤੇ ਕੋਈ ਲੱਤਾਂ ਨਾਲ ਮਾਰ ਰਿਹਾ ਸੀ। ਉਹ ਦਰਦ ਨਾਲ ਤੜਫ਼ ਰਿਹਾ ਸੀ। ਚੀਕਾਂ ਦੀ ਆਵਾਜ਼ ਆ ਰਹੀ ਸੀ। ਇਸ ਸ਼ੋਰ ਸ਼ਰਾਬੇ ਵਿੱਚ ਦੂਰ ਡਿੱਗਿਆ ਮੋਟਰਸਾਈਕਲ ਸਵਾਰ ਵੀ ਦਰਦ ਨਾਲ ਤੜਫ਼ ਰਿਹਾ ਸੀ ਜਿਸ ਦੇ ਦੁਆਲੇ ਕੁਝ ਤਮਾਸ਼ਬੀਨ ਇਕੱਠੇ ਹੋ ਗਏ ਸਨ ਪਰ ਕੋਈ ਹੱਥ ਲਾਉਣ ਲਈ ਤਿਆਰ ਨਹੀਂ ਸੀ। “ਇਹ ਕੀ ਹੋ ਰਿਹਾ ਹੈ? ਜਵਾਨ ਯਮਦੂਤ ਜਾਣਨ ਲਈ ਕਾਹਲਾ ਸੀ। “ਛੱਡ ਯਾਰ ਆਪਾਂ ਜਲਦੀ ਵਾਪਸ ਚਲੀਏ।” ਬਜ਼ੁਰਗ ਯਮਦੂਤ ਡਿਊਟੀ ਦਾ ਪੱਕਾ ਸੀ। ਉਹ ਯਮਰਾਜ ਦੇ ਗੁੱਸੇ ਨੂੰ ਜਾਣਦਾ ਸੀ। “ਕੋਈ ਨਹੀਂ ਚਾਚਾ! ਅਜੇ ਉਸ ਦੀ ਜ਼ਿੰਦਗੀ ਦੇ ਕੁਝ ਪਲ ਬਾਕੀ ਨੇ।” ਜਵਾਨ ਯਮਦੂਤ ਨੇ ਘੜੀ ਵੇਖਦਿਆਂ ਕਿਹਾ ਸੀ। “ਲੱਗਦਾ ਹੈ ਇਹ ਸਾਰੇ ਲੋਕ ਮਰਨ ਵਾਲੇ ਨੂੰ ਬਹੁਤ ਪਿਆਰ ਕਰਦੇ ਨੇ। ਤਾਂ ਹੀ ਤਾਂ ਮਾਰ ਮਾਰ ਕੇ ਟਰਾਲੇ ਵਾਲੇ ਦਾ ਬੁਰਾ ਹਾਲ ਕਰ ਰਹੇ ਨੇ।” ਉਸ ਨੇ ਬਜ਼ੁਰਗ ਯਮਦੂਤ ਨੂੰ ਕਿਹਾ। “ਨਹੀਂ ਕਾਕਾ! ਤੂੰ ਇਸ ਦੁਨੀਆਂ ਨੂੰ ਨਹੀਂ ਜਾਣਦਾ। ਇਹ ਸਾਰੇ ਲੋਕ ਮਤਲਬਪ੍ਰਸਤ ਨੇ। ਕਿਸੇ ਨੂੰ ਵੀ ਉਸ ਨਾਲ ਪਿਆਰ ਨਹੀਂ,” ਬਜ਼ੁਰਗ ਯਮਦੂਤ, ਨੌਜਵਾਨ ਯਮਦੂਤ ਦੀ ਜਗਿਆਸਾ ਸ਼ਾਂਤ ਕਰਨ ਦੀ ਪੂਰੀ ਕੋਸ਼ਿਸ਼ ਕਰ ਰਿਹਾ ਸੀ, “ਆ ਮੈਂ ਤੈਨੂੰ ਅਸਲੀਅਤ ਦਿਖਾਉਂਦਾ ਹਾਂ।” ਉਹ ਦੋਵੇਂ ਭੀੜ ਵੱਲ ਵਧੇ। ਭੀੜ ਵਿੱਚੋਂ ਇੱਕ ਨੌਜਵਾਨ ਲੜਕੇ ਦੀਆਂ ਅੱਖਾਂ ਬਜ਼ੁਰਗ ਯਮਦੂਤ ਨਾਲ ਮਿਲੀਆਂ ਸਨ। ਯਮ ਸ਼ਕਤੀ ਕਾਰਨ ਲੜਕਾ ਬਿਨਾਂ ਕੁਝ ਕਹੇ ਦੋਵਾਂ ਯਮਦੂਤਾਂ ਵੱਲ ਆਪ ਮੁਹਾਰੇ ਹੀ ਤੁਰਿਆ ਆਇਆ ਸੀ। “ਛੋਟੇ ਵੀਰ, ਤੂੰ ਉਸ ਆਦਮੀ ਨੂੰ ਕਿਉਂ ਮਾਰ ਰਿਹਾ ਹੈਂ? ਲੱਗਦਾ ਹੈ ਮੋਟਰਸਾਈਕਲ ਵਾਲਾ ਤੇਰਾ ਕੋਈ ਰਿਸ਼ਤੇਦਾਰ ਸੀ।” ਨੌਜਵਾਨ ਯਮਦੂਤ ਨੇ ਪੁੱਛਿਆ ਸੀ। “ਨਹੀਂ ਜੀ! ਮੈ ਤਾਂ ਮੋਟਰਸਾਈਕਲ ਸਵਾਰ ਨੂੰ ਜਾਣਦਾ ਵੀ ਨਹੀਂ। ਮੈਂ ਤਾਂ ਇੰਟਰਵਿਊ ਦੇ ਕੇ ਆ ਰਿਹਾਂ। ਮੈਨੂੰ ਇਸ ਵਾਰ ਵੀ ਨੌਕਰੀ ਨਹੀਂ ਮਿਲੀ। ਮੇਰੀ ਥਾਂ ਇੱਕ ਅਯੋਗ ਸਿਫ਼ਾਰਸ਼ੀ ਨੂੰ ਨੌਕਰੀ ਦੇ ਦਿੱਤੀ ਗਈ। ਮੈਨੂੰ ਇਸੇ ਗੱਲ ਦਾ ਗੁੱਸਾ ਸੀ।” ਨੌਜਵਾਨ ਦੀਆਂ ਅੱਖਾਂ ਵਿੱਚ ਨਿਰਾਸ਼ਾ ਸਾਫ਼ ਨਜ਼ਰ ਆ ਰਹੀ ਸੀ। ਨੌਜਵਾਨ ਯਮਦੂਤ ਹੈਰਾਨ ਰਹਿ ਗਿਆ ਸੀ। ਉਸ ਨੂੰ ਅਜੇ ਪੂਰਾ ਯਕੀਨ ਨਹੀਂ ਸੀ ਹੋਇਆ। ਉਸ ਨੇ ਸਾਧਾਰਨ ਜਿਹੇ ਕੱਪੜਿਆਂ ਵਿੱਚ ਟਰਾਲੇ ਦੇ ਡਰਾਈਵਰ ਨੂੰ ਕੁੱਟਦੇ ਇੱਕ ਅਧਖੜ ਆਦਮੀ ਨੂੰ ਦੇਖਿਆ। “ਇਹ ਜ਼ਰੂਰ ਹੀ ਮੋਟਰਸਾਈਕਲ ਵਾਲੇ ਦਾ ਕੋਈ ਰਿਸ਼ਤੇਦਾਰ ਹੋਵੇਗਾ।” ਉਸ ਨੇ ਸੋਚਿਆ। ਬਜ਼ੁਰਗ ਯਮਦੂਤ ਉਸ ਦੇ ਮਨ ਦੀ ਗੱਲ ਪੜ੍ਹ ਗਿਆ ਸੀ। ਉਸ ਨੇ ਅਧਖੜ ਵਿਅਕਤੀ ਨੂੰ ਬੁਲਾਇਆ। “ਹਾਂ ਬਈ ਦੱਸ! ਤੂੰ ਡਰਾਈਵਰ ਨੂੰ ਕਿਉਂ ਮਾਰ ਰਿਹਾ ਹੈਂ? ਕੀ ਇਹ ਤੇਰਾ ਰਿਸ਼ਤੇਦਾਰ ਹੈ?” ਉਸ ਨੇ ਡਿੱਗੇ ਮੋਟਰਸਾਈਕਲ ਵਾਲੇ ਵੱਲ ਇਸ਼ਾਰਾ ਕਰਕੇ ਪੁੱਛਿਆ। “ਕਾਹਦਾ ਰਿਸ਼ਤੇਦਾਰ?” ਅਧਖੜ ਦੇ ਲਹਿਜ਼ੇ ਵਿੱਚ ਤਲਖ਼ੀ ਸੀ। “ਇਹ ਅਮੀਰ ਲੋਕ ਕਿਸੇ ਦੇ ਰਿਸ਼ਤੇਦਾਰ ਨਹੀਂ ਹੁੰਦੇ। ਹੁਣ ਵੇਖੋ ਚਾਰ ਦਿਨ ਹੋ ਗਏ ਮੈਨੂੰ ਦਿਹਾੜੀ ਕਰਦੇ ਨੂੰ। ਅੱਜ ਜਦ ਪੈਸੇ ਮੰਗੇ ਤਾਂ ਮਾਲਕ ਕਹਿੰਦਾ ਮੇਰੇ ਕੋਲ ਪੈਸੇ ਖ਼ਤਮ ਹੋ ਗਏ। ਜ਼ਰਾ ਸੋਚੋ ਜੇ ਮੈਨੂੰ ਪੈਸੇ ਸਮੇਂ



’ਤੇ ਨਹੀਂ ਮਿਲਣੇ ਤਾਂ ਫਿਰ ਕੰਮ ਕਰਨ ਦਾ ਕੀ ਫ਼ਾਇਦਾ?” ਅਧਖੜ ਦੀਆਂ ਅੱਖਾਂ ਵਿੱਚ ਘਰ ਲਈ ਲਿਜਾਣ ਵਾਲੀਆਂ ਚੀਜ਼ਾਂ ਦੀ ਸੂਚੀ ਘੁੰਮ ਰਹੀ ਸੀ ਅਤੇ ਉਹ ਬਹਾਨਾ ਸੋਚ ਰਿਹਾ ਸੀ ਕਿ ਅੱਜ ਬੱਚਿਆਂ ਨੂੰ ‘ਚੀਜੀ’ ਨਾ ਲਿਆਉਣ ਕਰਕੇ ਕੀ ਬਹਾਨਾ ਬਣਾਵੇਗਾ। ਹੁਣ ਇੱਕ ਚੰਗੇ ਸੂਟ-ਬੂਟ ਵਾਲੇ ਵਿਅਕਤੀ ਨੂੰ ਬੁਲਾਇਆ ਗਿਆ। ਉਹ ਆਪਣੀ ਕਾਰ ਵਿੱਚੋਂ ਉੱਤਰ ਕੇ ਆਇਆ ਸੀ ਅਤੇ ਬੜੇ ਜੋਸ਼ ਨਾਲ ਮਾਰ-ਕੁਟਾਈ ਵਿੱਚ ਹਿੱਸਾ ਲੈ ਰਿਹਾ ਸੀ। “ਮੈਂ ਏਨੀ ਮਹੱਤਵਪੂਰਨ ਮੀਟਿੰਗ ’ਤੇ ਜਾ ਰਿਹਾ ਹਾਂ, ਇਸ ਗਧੇ ਦੀ ਬੇਵਕੂਫ਼ੀ ਕਾਰਨ ਹੁਣ ਏਥੇ ਟ੍ਰੈਫ਼ਿਕ ਜਾਮ ਹੋ ਗਿਆ ਹੈ। ਲੱਗਦਾ ਹੈ ਕਲਾਈਂਟ ਹੱਥੋਂ ਨਿਕਲ ਜਾਵੇਗਾ।” ਉਹ ਜੇਬ ਵਿੱਚੋਂ ਮੋਬਾਈਲ ਕੱਢ ਕੇ ਆਪਣੇ ਕਲਾਈਂਟ ਨੂੰ ਦੇਰ ਨਾਲ ਆਉਣ ਦਾ ਕਾਰਨ ਦੱਸਣਾ ਚਾਹੁੰਦਾ ਸੀ। ਫਿਰ ਇੱਕ ਨੀਲੀ ਗੱਡੀ ਆ ਕੇ ਰੁਕੀ। ਉਸ ਵਿੱਚੋਂ ਕੁਝ ਖਾਕੀ ਕੱਪੜਿਆਂ ਵਾਲੇ ਉਤਰੇ। ਉਨ੍ਹਾਂ ਦੇ ਹੱਥਾਂ ਵਿੱਚ ਡੰਡੇ ਅਤੇ ਹਥਿਆਰ ਸਨ। ਆਉਂਦਿਆਂ ਹੀ ਉਨ੍ਹਾਂ ਨੇ ਟਰਾਲੇ ਦੇ ਡਰਾਈਵਰ ਨੂੰ ਭੀੜ ਤੋਂ ਛੁਡਵਾਇਆ। ਇੱਕ ਖਾਕੀ ਕੱਪੜਿਆਂ ਵਾਲਾ ਵਿਅਕਤੀ ਡਿੱਗੇ ਹੋਏ ਮੋਟਰਸਾਈਕਲ ਸਵਾਰ ਵੱਲ ਵਧਿਆ ਜਿਹੜਾ ਹੁਣ ਸ਼ਾਂਤ ਹੋ ਚੁੱਕਿਆ ਸੀ। ਆਸੇ-ਪਾਸੇ ਦੇ ਲੋਕਾਂ ਤੋਂ ਪੁੱਛਣ ਲੱਗਾ ਕਿ ਇਹ ਸਭ ਕਿਵੇਂ ਹੋਇਆ ਹੈ। ਨੌਜਵਾਨ ਯਮਦੂਤ ਦੀਆਂ ਅੱਖਾਂ ਵਿੱਚ ਪ੍ਰਸ਼ੰਸਾ ਦੇ ਭਾਵ ਆਏ, ‘ਵਾਹ! ਕਿੰਨੇ ਦਿਆਲੂ ਲੋਕ ਹਨ, ਜੇ ਇਹ ਨਾ ਰੋਕਦੇ ਤਾਂ ਭੀੜ ਨੇ ਟਰਾਲੇ ਵਾਲੇ ਨੂੰ ਮਾਰ ਦੇਣਾ ਸੀ।’ ਇਹ ਕੀ? ਇੰਨੇ ਸਮੇਂ ਵਿੱਚ ਮੋਟਰਸਾਈਕਲ ਵੱਲ ਵਧਣ ਵਾਲੇ ਨੇ ਤਸਦੀਕ ਕੀਤੀ ਕਿ ਮੋਟਰਸਾਈਕਲ ਸਵਾਰ ਮਰ ਚੁੱਕਿਆ ਹੈ। ਹੁਣ ਖਾਕੀ ਕੱਪੜਿਆਂ ਵਾਲਿਆਂ ਨੇ ਟਰਾਲੇ ਦੇ ਡਰਾਈਵਰ ਨੂੰ ਕੁੱਟਣਾ ਸ਼ੁਰੂ ਕਰ ਦਿੱਤਾ। ਉਹ ਅੱਧ-ਮਰਿਆ ਹੋ ਗਿਆ ਤਾਂ ਉਸ ਨੂੰ ਚੁੱਕ ਕੇ ਗੱਡੀ ਵਿੱਚ ਸੁੱਟ ਲਿਆ ਗਿਆ। “ਕੀ ਇਹ ਮੋਟਰਸਾਈਕਲ ਵਾਲੇ ਨੂੰ ਮਾਰਨ ਦੀ ਸਜ਼ਾ ਇਸ ਨੂੰ ਦੇ ਰਹੇ ਹਨ?” ਨੌਜਵਾਨ ਨੇ ਅੱਧ-ਮਰੇ ਹੋਏ ਟਰਾਲੇ ਦੇ ਡਰਾਈਵਰ ਵੱਲ ਇਸ਼ਾਰਾ ਕਰਕੇ ਪੁੱਛਿਆ। ਬਜ਼ੁਰਗ ਯਮਦੂਤ, ਜਿਹੜਾ ਮ੍ਰਿਤਕ ਦੀ ਆਤਮਾ ਨੂੰ ਕੱਢ ਚੁੱਕਿਆ ਸੀ, ਨੇ ਇੱਕ ਖਾਕੀ ਵਰਦੀ ਵਾਲੇ ਨੂੰ ਬੁਲਾਇਆ ਅਤੇ ਟਰਾਲੇ ਦੇ ਡਰਾਈਵਰ ਦੀ ਕੁੱਟਮਾਰ ਦਾ ਕਾਰਨ ਪੁੱਛਿਆ। “ਕੀ ਕਰੀਏ ਜੀ ਇਨ੍ਹਾਂ ਲੋਕਾਂ ਨੇ ਸਾਡਾ ਜੀਣਾ ਮੁਹਾਲ ਕੀਤਾ ਹੋਇਆ ਹੈ। ਅਜੇ ਪਿੰਡੋਂ ‘ਰੇਡ’ ਤੋਂ ਆ ਕੇ ਬੈਠੇ ਹੀ ਸਾਂ ਕਿ ਇਨ੍ਹਾਂ ਦਾ ਫੋਨ ਆ ਗਿਆ ਕਿ ਟਰਾਲੇ ਥੱਲੇ ਦੇ ਕੇ ਬੰਦਾ ਮਾਰ ’ਤਾ। ਅਸੀਂ ਵੀ ਆਖਰ ਇਨਸਾਨ ਹਾਂ, ਸਾਨੂੰ ਵੀ ਤਾਂ ਆਰਾਮ ਚਾਹੀਦੈ। ਅਫ਼ਸਰ ਆਪ ਤਾਂ ਦਫ਼ਤਰਾਂ ਵਿੱਚ ਬੈਠੇ ਹੁਕਮ ਚਲਾ ਦੇਂਦੇ ਨੇ ਤੇ ਅਸੀ ਦਿਨ-ਰਾਤ ਧੱਕੇ ਖਾਂਦੇ ਹਾਂ।’ ਪੁਲਿਸ ਵਾਲੇ ਨੇ ਦਿਲ ਦੀ ਭੜਾਸ ਕੱਢੀ। ਨੌਜਵਾਨ ਯਮਦੂਤ ਦੀ ਪੂਰੀ ਤਸੱਲੀ ਹੋ ਚੁੱਕੀ ਸੀ। “ਅਸੀਂ ਚੰਗੇ ਹਾਂ ਚਾਚਾ,” ਉਸ ਨੇ ਬਜ਼ੁਰਗ ਯਮਦੂਤ ਨੂੰ ਕਿਹਾ, “ਇਨ੍ਹਾਂ ਲੋਕਾਂ ਦੀ ਤਰ੍ਹਾਂ ਸਵਾਰਥੀ ਨਹੀਂ। ਘੱਟੋ-ਘੱਟ ਅਸੀਂ ਆਪਣਾ ਫ਼ਰਜ਼ ਤਾਂ ਮਨ ਲਾ ਕੇ ਪੂਰਾ ਕਰਦੇ ਹਾਂ।’ “ਪੁੱਤਰ, ਇਹ ਧਰਤੀ ਵਾਸੀ ਸਾਡੇ ਤੋਂ ਵੀ ਵੱਡੇ ਯਮਦੂਤ ਹਨ। ਅਸੀਂ ਤਾਂ ਮੁਰਦਿਆਂ ਦੀ ਆਤਮਾ ਕੱਢਦੇ ਹਾਂ ਪਰ ਇਨ੍ਹਾਂ ਨੇ ਜਿਉਂਦੇ ਜੀਅ ਆਪਣੀ ਆਤਮਾ ਵੇਚ ਦਿੱਤੀ ਹੈ। ਇਸੇ ਲਈ ਇਨ੍ਹਾਂ ਦੇ ਆਲੇ ਦੁਆਲੇ ਭਾਵੇਂ ਕੁਝ ਵੀ ਹੋਈ ਜਾਵੇ, ਇਹ ਸਿਰਫ਼ ਆਪਣਾ ਸਵਾਰਥ ਵੇਖਦੇ ਨੇ!” ਤੇ ਫਿਰ ਉਨ੍ਹਾਂ ਨੇ ਆਤਮਾ ਨੂੰ ਸੰਭਾਲਿਆ ਅਤੇ ਆਪਣੇ ‘ਹੈਡਕੁਆਰਟਰ’ ਵੱਲ ਚਾਲੇ ਪਾ ਦਿੱਤੇ।

# ਅੰਦਰਲੀਆਂ ਗੱਲਾਂ

## ਖੁੱਲ੍ਹੀ ਦਾੜ੍ਹੀ ਦੀ ਪਾਵਰ



ਪਿਛਲੇ ਕੁਝ ਸਮੇਂ ਤੋਂ ਪੰਜਾਬ ਦੇ ਸਿਆਸੀ ਗਲਿਆਰਿਆਂ ਵਿੱਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਵਿਚਾਲੇ ਤਿੱਖੇ ਮਤਭੇਦਾਂ ਦੀਆਂ ਚਰਚਾਵਾਂ ਜ਼ੋਰਾਂ 'ਤੇ ਰਹੀਆਂ ਹਨ। ਸਥਿਤੀ ਇੰਨੀ ਤਣਾਅਪੂਰਨ ਦੱਸੀ ਜਾ ਰਹੀ ਸੀ ਕਿ ਅਜਿਹੀਆਂ ਅਟਕਲਾਂ ਲਗਾਈਆਂ ਜਾਣ ਲੱਗੀਆਂ ਸਨ ਕਿ ਸ਼ਾਇਦ ਗੁਰਮੀਤ ਸਿੰਘ ਖੁੱਡੀਆਂ ਨੂੰ ਆਪਣੇ ਮੰਤਰੀ ਅਹੁਦੇ ਤੋਂ ਅਸਤੀਫਾ ਦੇਣਾ ਪਵੇਗਾ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਇਸੇ ਸਿਆਸੀ ਕਸ਼ਮਕਸ਼ ਦਰਮਿਆਨ ਇੱਕ ਅਹਿਮ ਘਟਨਾਕ੍ਰਮ ਉਦੋਂ ਵਾਪਰਿਆ ਜਦੋਂ ਗੁਰਮੀਤ ਸਿੰਘ ਖੁੱਡੀਆਂ, ਪੰਜਾਬ ਸਰਕਾਰ ਦੇ ਕੁਝ ਹੋਰ ਮੰਤਰੀਆਂ ਅਤੇ ਵਿਧਾਇਕਾਂ ਸਮੇਤ, ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਮੰਤਰੀ ਖੁੱਡੀਆਂ ਤੋਂ ਕਈ ਅਹਿਮ ਸਵਾਲ ਪੁੱਛੇ ਗਏ। ਇਸ ਪੇਸ਼ੀ ਨੇ ਸਿਆਸੀ ਸਮੀਖਿਅਕਾਂ ਅਤੇ ਆਮ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ।

ਸਿੱਖ ਪਛਾਣ ਅਤੇ ਸਿਆਸੀ ਸਮੀਕਰਨ ਗੁਰਮੀਤ ਸਿੰਘ ਖੁੱਡੀਆਂ ਪੰਜਾਬ ਦੀ ਸਿਆਸਤ ਵਿੱਚ ਇੱਕ ਸਤਿਕਾਰਤ ਅਤੇ ਟਕਸਾਲੀ ਗੁਰਸਿੱਖ ਚਿਹਰੇ ਵਜੋਂ ਜਾਣੇ ਜਾਂਦੇ ਹਨ। ਉਹਨਾਂ ਦੀ ਪੂਰਨ ਗੁਰਸਿੱਖੀ ਵਾਲੀ ਦਿੱਖ ਅਤੇ ਖੁੱਲ੍ਹੀ ਦਾੜ੍ਹੀ ਦਾ ਪੰਜਾਬ ਦੇ ਲੋਕਾਂ, ਖਾਸ ਕਰਕੇ ਸਿੱਖ ਵੋਟ ਬੈਂਕ ਵਿੱਚ ਇੱਕ ਵੱਖਰਾ ਸਤਿਕਾਰ ਹੈ। ਸਿਆਸੀ ਮਾਹਰਾਂ ਅਨੁਸਾਰ, ਜਦੋਂ ਖੁੱਡੀਆਂ ਦੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ੀ ਹੋਈ ਅਤੇ ਉਹਨਾਂ ਦਾ ਪੰਥਕ ਅਕਸ ਉੱਭਰ ਕੇ ਸਾਹਮਣੇ ਆਇਆ, ਤਾਂ ਪਾਰਟੀ ਹਾਈਕਮਾਂਡ ਨੂੰ ਇਸ ਗੱਲ ਦਾ ਅਹਿਸਾਸ ਹੋਇਆ ਕਿ ਇੱਕ ਅਜਿਹੇ ਗੁਰਸਿੱਖ ਆਗੂ ਨੂੰ ਮੰਤਰੀ ਮੰਡਲ ਵਿੱਚੋਂ ਬਾਹਰ ਕੱਢਣ ਦਾ ਸਿੱਖ ਭਾਈਚਾਰੇ ਵਿੱਚ ਗ਼ਲਤ ਸੰਦੇਸ਼ ਜਾ ਸਕਦਾ ਹੈ। ਇਸ ਨਾਲ ਪਾਰਟੀ ਨੂੰ ਸਿਆਸੀ ਨੁਕਸਾਨ ਝੱਲਣਾ ਪੈ ਸਕਦਾ ਸੀ।

ਇਸ ਪੂਰੇ ਘਟਨਾਕ੍ਰਮ ਨੂੰ ਸਿਆਸੀ ਹਲਕਿਆਂ ਵਿੱਚ "ਖੁੱਲ੍ਹੀ ਦਾੜ੍ਹੀ" ਜਾਂ ਸਿੱਖ ਪਛਾਣ ਦੀ ਤਾਕਤ ਵਜੋਂ ਦੇਖਿਆ ਜਾ ਰਿਹਾ ਹੈ। ਇਸ ਘਟਨਾ ਨੇ ਸਪੱਸ਼ਟ ਕੀਤਾ ਹੈ ਕਿ ਪੰਜਾਬ ਦੀ ਰਾਜਨੀਤੀ ਵਿੱਚ ਧਾਰਮਿਕ ਭਾਵਨਾਵਾਂ ਅਤੇ ਆਗੂ ਦੀ ਪੰਥਕ ਦਿੱਖ ਸਿਆਸੀ ਫੈਸਲਿਆਂ ਨੂੰ ਪ੍ਰਭਾਵਿਤ ਕਰਨ ਦੀ ਵੱਡੀ ਸਮਰੱਥਾ ਰੱਖਦੀ ਹੈ, ਜਿਸ ਨੂੰ ਅੱਖੋਂ-ਪਰੋਖੇ ਕਰਨਾ ਕਿਸੇ ਵੀ ਸਿਆਸੀ ਧਿਰ ਲਈ ਆਸਾਨ ਨਹੀਂ ਹੈ।

## ਪੰਜਾਬ ਦੀ 'ਟੀ.ਐਨ. ਸ਼ੇਸ਼ਨ'




ਪੰਜਾਬ ਦੀ ਮੁੱਖ ਚੋਣ ਅਧਿਕਾਰੀ (ਸੀਈਓ) ਅਨਿੰਦਿਤਾ ਮਿੱਤਰਾ ਸੂਬੇ ਦੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਤੇਜ਼ੀ ਨਾਲ ਆਪਣੀ ਪਛਾਣ ਪੰਜਾਬ ਦੇ 'ਟੀ.ਐਨ. ਸ਼ੇਸ਼ਨ' ਵਜੋਂ ਬਣਾ ਰਹੇ ਹਨ। ਇਹ ਵੱਕਾਰ ਉਨ੍ਹਾਂ ਨੂੰ ਬਿਨਾਂ ਕਿਸੇ ਕਾਰਨ ਨਹੀਂ ਮਿਲਿਆ, ਬਲਕਿ ਉਨ੍ਹਾਂ ਦੀ ਚੋਣ ਪ੍ਰਕਿਰਿਆ ਪ੍ਰਤੀ ਬੇਹੱਦ ਸਖ਼ਤ ਅਤੇ ਸਮਰਪਿਤ ਪਹੁੰਚ ਨੇ ਨੌਕਰਸ਼ਾਹੀ ਨੂੰ ਪੱਬਾਂ ਭਾਰ ਕਰ ਦਿੱਤਾ ਹੈ। ਅੱਜਕੱਲ੍ਹ ਸੂਬੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਦਾ ਕੰਮ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ। ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ ਸਮੁੱਚੇ ਪ੍ਰਸ਼ਾਸਨ ਨੂੰ ਇੱਕ ਸਪੱਸ਼ਟ ਸੰਦੇਸ਼ ਦਿੱਤਾ ਗਿਆ ਹੈ ਕਿ ਚੋਣਾਂ ਨਾਲ ਸਬੰਧਤ ਕੰਮ ਹਰ ਹੋਰ ਜ਼ਿੰਮੇਵਾਰੀ ਜਾਂ ਨਿੱਜੀ ਰੁਝੇਵੇਂ ਤੋਂ ਉੱਪਰ ਹੈ। ਇਸ ਸਖ਼ਤ ਰਵੱਈਏ ਦਾ ਸਾਹਮਣਾ ਸਭ ਤੋਂ ਪਹਿਲਾਂ ਇੱਕ ਡਿਪਟੀ ਕਮਿਸ਼ਨਰ (ਡੀਸੀ) ਨੂੰ ਕਰਨਾ ਪਿਆ, ਜੋ ਵਿਦੇਸ਼ ਵਿੱਚ ਆਪਣੀਆਂ ਛੁੱਟੀਆਂ ਮਨਾ ਰਹੇ ਸਨ। ਉਨ੍ਹਾਂ ਦੀ ਛੁੱਟੀ ਅਚਾਨਕ ਰੱਦ ਕਰ ਦਿੱਤੀ ਗਈ ਅਤੇ ਉਨ੍ਹਾਂ ਨੂੰ ਇੱਕ ਅਹਿਮ SIR ਸਮੀਖਿਆ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਤੁਰੰਤ ਅਗਲੀ ਉਡਾਣ ਫੜ ਕੇ ਵਾਪਸ ਪਰਤਣ ਦੇ ਆਦੇਸ਼ ਦਿੱਤੇ ਗਏ। ਇਸੇ ਤਰ੍ਹਾਂ ਦੀ ਕਾਰਵਾਈ ਦਾ ਸਾਹਮਣਾ ਇੱਕ ਹੋਰ ਡਿਪਟੀ ਕਮਿਸ਼ਨਰ ਨੂੰ ਕਰਨਾ ਪਿਆ, ਜੋ ਪਹਿਲਾਂ ਤੋਂ ਮਨਜ਼ੂਰਸ਼ੁਦਾ ਛੁੱਟੀ 'ਤੇ ਸਨ। ਉਨ੍ਹਾਂ ਦੀ ਛੁੱਟੀ ਵੀ ਤੁਰੰਤ ਪ੍ਰਭਾਵ ਨਾਲ ਰੱਦ ਕਰਕੇ ਉਨ੍ਹਾਂ ਨੂੰ ਡਿਊਟੀ 'ਤੇ ਰਿਪੋਰਟ ਕਰਨ ਲਈ ਕਿਹਾ ਗਿਆ। ਸਰਕਾਰੀ ਮਹਿਕਮਿਆਂ ਵਿੱਚ ਛੁੱਟੀਆਂ ਰੱਦ ਹੋਣ ਦੀਆਂ ਇਹ ਘਟਨਾਵਾਂ ਕਿਸੇ ਸਰਕਾਰੀ ਸਰਕੂਲਰ ਨਾਲੋਂ ਵੀ ਵੱਧ ਤੇਜ਼ੀ ਨਾਲ ਫੈਲੀਆਂ ਹਨ। ਅਧਿਕਾਰੀਆਂ ਅਤੇ ਬਾਬੂਆਂ ਵਿੱਚ ਹੁਣ ਇਹ ਮਜ਼ਾਕ ਆਮ ਹੋ ਗਿਆ ਹੈ ਕਿ ਛੁੱਟੀਆਂ ਦੀ ਯੋਜਨਾ ਬੇਸ਼ੱਕ ਬਣਾ ਲਈ ਜਾਵੇ, ਪਰ ਉਸਦਾ ਆਨੰਦ ਤਾਂ ਹੀ ਮਾਣਿਆ ਜਾ ਸਕਦਾ ਹੈ ਜੇਕਰ ਸੀਈਓ ਦਫ਼ਤਰ ਦੀਆਂ ਕੋਈ ਹੋਰ ਯੋਜਨਾਵਾਂ ਨਾ ਹੋਣ। ਅਨਿੰਦਿਤਾ ਮਿੱਤਰਾ ਦੀ ਇਸ ਨਿਗਰਾਨੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਚੋਣਾਂ ਦੇ ਦਿਨਾਂ ਵਿੱਚ ਅਧਿਕਾਰੀਆਂ ਦੀਆਂ ਛੁੱਟੀਆਂ ਮੁੱਖ ਸਕੱਤਰ ਦੀ ਬਜਾਏ ਹੁਣ ਸਿੱਧੇ ਤੌਰ 'ਤੇ ਚੋਣ ਕਮਿਸ਼ਨ ਦੀ ਪ੍ਰਵਾਨਗੀ ਦੇ ਅਧੀਨ ਆ ਗਈਆਂ ਹਨ, ਜਿਸ ਨਾਲ ਪੰਜਾਬ ਵਿੱਚ ਪ੍ਰਸ਼ਾਸਨਿਕ ਜਵਾਬਦੇਹੀ ਦਾ ਇੱਕ ਨਵਾਂ ਮਿਆਰ ਕਾਇਮ ਹੋਇਆ ਹੈ।

## 'ਸਤਲੁਜ' ਦਾ ਡਰ



ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਨੇ ਜਦੋਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ, ਤਾਂ ਪਾਰਟੀ ਨੂੰ ਲੱਗਿਆ ਕਿ ਉਨ੍ਹਾਂ ਨੇ ਆਉਣ ਵਾਲੀਆਂ ਚੋਣਾਂ ਲਈ ਇੱਕ ਸੰਪੂਰਨ ਅਤੇ ਮਜ਼ਬੂਤ ਸਿਆਸੀ ਸਕ੍ਰਿਪਟ ਤਿਆਰ ਕਰ ਲਈ ਹੈ। ਔਰਤਾਂ ਨੂੰ ਵਿੱਤੀ ਸਹਾਇਤਾ ਦੇਣ ਵਾਲੀ ਇਸ ਅਹਿਮ ਯੋਜਨਾ ਤਹਿਤ ਸਰਕਾਰ ਵੱਲੋਂ ਪਹਿਲਾਂ ਹੀ 1,400 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ। ਪਰ ਹੁਣ, ਸਿਆਸੀ ਮੈਦਾਨ ਵਿੱਚ 'ਸਤਲੁਜ' ਨਾਮਕ ਇੱਕ ਨਵੀਂ ਫ਼ਿਲਮ ਦੇ ਰਿਲੀਜ਼ ਹੋਣ ਨਾਲ ਪਾਰਟੀ ਦੇ ਆਗੂਆਂ ਅਤੇ ਰਣਨੀਤੀਕਾਰਾਂ ਦੀ ਚਿੰਤਾ ਵਧ ਗਈ ਹੈ।

ਸੱਤਾਧਾਰੀ ਧਿਰ ਦੇ ਅੰਦਰ ਇਸ ਗੱਲ ਨੂੰ ਲੈ ਕੇ ਚੁੱਪ-ਚਾਪ ਚਰਚਾਵਾਂ ਅਤੇ ਮੀਟਿੰਗਾਂ ਦਾ ਦੌਰ ਸ਼ੁਰੂ ਹੋ ਗਿਆ ਹੈ ਕਿ ਇਹ ਬਾਇਓਪਿਕ ਪੰਜਾਬ ਦੇ ਨੌਜਵਾਨ ਸਿੱਖਾਂ ਨਾਲ ਇੱਕ ਡੂੰਘਾ ਭਾਵਨਾਤਮਕ ਸਬੰਧ ਕਾਇਮ ਕਰ ਸਕਦੀ ਹੈ। ਆਗੂਆਂ ਨੂੰ ਡਰ ਹੈ ਕਿ ਇਹ ਫ਼ਿਲਮ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਵਾਰਿਸ ਪੰਜਾਬ ਦੇ' ਬਾਰੇ ਲੋਕਾਂ ਦੀ ਦਿਲਚਸਪੀ ਨੂੰ ਮੁੜ ਸੁਰਜੀਤ ਕਰ ਸਕਦੀ ਹੈ, ਜੋ ਕਿ ਪਾਰਟੀ ਲਈ ਇੱਕ ਵੱਡੀ ਸਿਆਸੀ ਚੁਣੌਤੀ ਬਣ ਕੇ ਉੱਭਰ ਸਕਦੀ ਹੈ।

ਇਸ ਬਦਲਦੇ ਸਿਆਸੀ ਮਾਹੌਲ ਦਾ ਅੰਦਾਜ਼ਾ ਵਿਧਾਨ ਸਭਾ ਦੇ ਗਲਿਆਰਿਆਂ ਵਿੱਚ 'ਆਪ' ਵਿਧਾਇਕਾਂ ਵਿਚਾਲੇ ਹੋ ਰਹੀ ਗੱਲਬਾਤ ਤੋਂ ਬਾਖੂਬੀ ਲਗਾਇਆ ਜਾ ਸਕਦਾ ਹੈ। ਹਾਲ ਹੀ ਵਿੱਚ ਦੋ ਵਿਧਾਇਕਾਂ ਨੂੰ ਇਸ ਮੌਜੂਦਾ ਸਥਿਤੀ 'ਤੇ ਇੱਕ ਮਜ਼ਾਕੀਆ ਪਰ ਡੂੰਘੀ ਤੁਲਨਾ ਕਰਦੇ ਸੁਣਿਆ ਗਿਆ। ਉਹਨਾਂ ਦੀ ਗੱਲਬਾਤ ਦੇ ਮੁੱਖ ਅੰਸ਼ ਕੁਝ ਇਸ ਤਰ੍ਹਾਂ ਸਨ:

ਇੱਕ ਵਿਧਾਇਕ ਨੇ ਕਿਹਾ, "ਪਿਛਲੇ ਸਾਲ ਰਾਵੀ ਦਰਿਆ ਵਿੱਚ ਹੜ੍ਹ ਆਇਆ ਸੀ, ਜਿਸ ਨੇ ਸਾਡੇ ਖੇਤਾਂ ਅਤੇ ਫ਼ਸਲਾਂ ਨੂੰ ਵਹਾ ਦਿੱਤਾ ਸੀ।"

ਦੂਜੇ ਨੇ ਜਵਾਬ ਦਿੰਦਿਆਂ ਕਿਹਾ, "ਇਸ ਸਾਲ ਇਹ 'ਸਤਲੁਜ' ਹੈ।"

ਇਸ ਮਜ਼ਾਕੀਆ ਟਿੱਪਣੀ ਦਾ ਇਸ਼ਾਰਾ ਬਿਲਕੁਲ ਸਾਫ਼ ਸੀ। ਵਿਧਾਇਕਾਂ ਦਾ ਮੰਨਣਾ ਹੈ ਕਿ ਜਿਸ ਤਰ੍ਹਾਂ ਰਾਵੀ ਦੇ ਪਾਣੀ ਨੇ ਭੌਤਿਕ ਨੁਕਸਾਨ ਕੀਤਾ ਸੀ, ਉਸੇ ਤਰ੍ਹਾਂ 'ਸਤਲੁਜ' ਫ਼ਿਲਮ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਲਈ ਵੰਡੇ ਗਏ 1,400 ਕਰੋੜ ਰੁਪਏ ਤੋਂ ਮਿਲਣ ਵਾਲੇ ਸੰਭਾਵਿਤ ਰਾਜਨੀਤਿਕ ਲਾਭਾਂ ਨੂੰ ਹੂੰਝ ਕੇ ਲੈ ਜਾਣ (ਧੋਣ) ਦੀ ਧਮਕੀ ਦੇ ਰਹੀ ਹੈ।

ਪੰਜਾਬ ਦੀ ਰਾਜਨੀਤੀ ਦਾ ਇਤਿਹਾਸ ਗਵਾਹ ਹੈ ਕਿ ਇੱਥੇ ਭਾਵਨਾਵਾਂ ਅਤੇ ਪੰਥਕ ਮੁੱਦੇ ਅਕਸਰ ਵਿਕਾਸ ਦੇ ਮੁੱਦਿਆਂ 'ਤੇ ਭਾਰੀ ਪੈਂਦੇ ਹਨ। ਫਿਲਹਾਲ, ਮੌਜੂਦਾ ਹਾਲਾਤਾਂ ਨੂੰ ਵੇਖਦਿਆਂ ਅਜਿਹਾ ਜਾਪਦਾ ਹੈ ਕਿ ਇੱਕ ਫ਼ਿਲਮੀ ਸਕ੍ਰਿਪਟ ਨੇ ਸਰਕਾਰ ਦੀ 'ਭਲਾਈ ਰਾਜਨੀਤੀ' 'ਤੇ ਪੂਰੀ ਤਰ੍ਹਾਂ ਨਾਲ ਗਲਬਾ ਪਾ ਲਿਆ ਹੈ ਅਤੇ 'ਆਪ' ਦੀ ਪੂਰੀ ਸਿਆਸੀ ਮੁਹਿੰਮ 'ਤੇ ਆਪਣਾ ਪਰਛਾਵਾਂ ਛੱਡ ਦਿੱਤਾ ਹੈ।




ਬਰਤਾਨੀਆ ਦੇ ਇਤਿਹਾਸ ਵਿੱਚ ਗੋਰਿਆਂ ਦੀ ਸੰਘਣੀ ਆਬਾਦੀ ਵਾਲੇ ਇਲਾਕੇ ਦੀ ਕੌਂਸਲ, ਸੋਲੀਹੁੱਲ ਦਾ ਪਹਿਲੀ ਵਾਰ ਸਰਦੂਲ ਸਿੰਘ ਮਾਰਵਾ ਮੇਅਰ ਬਣਿਆ ਹੈ। ਜ਼ਿੰਦਗੀ ਜੱਦੋ-ਜਹਿਦ ਅਤੇ ਮਿਹਨਤ ਦਾ ਦੂਜਾ ਨਾਮ ਹੈ। ਅਨੇਕਾਂ ਰੁਕਾਵਟਾਂ ਅਤੇ ਸਮੱਸਿਆਵਾਂ ਹੋਣ ਦੇ ਬਾਵਜੂਦ, ਜੱਦੋ-ਜਹਿਦ ਅਤੇ ਮਿਹਨਤ ਕਰਨ ਵਾਲਾ ਵਿਅਕਤੀ ਸਫ਼ਲਤਾ ਦੀਆਂ ਬੁਲੰਦੀਆਂ 'ਤੇ ਪਹੁੰਚ ਜਾਂਦਾ ਹੈ। ਬਰਤਾਨੀਆ ਦੇ ਬਰਮਿੰਘਮ ਇਲਾਕੇ ਵਿੱਚ ਰਹਿਣ ਵਾਲਾ ਸਰਦੂਲ ਸਿੰਘ ਮਾਰਵਾ ਜੱਦੋ-ਜਹਿਦ ਦੀ ਭੱਠੀ ਵਿੱਚੋਂ ਨਿਕਲਿਆ ਖਰਾ ਸੋਨਾ ਹੈ, ਜਿਹੜਾ ਆਪਣੀ ਮਿਹਨਤ ਅਤੇ ਲਗਨ ਸਦਕਾ ਗੋਰਿਆਂ ਦੀ ਵਸੋਂ ਵਾਲੇ ਵੈਸਟ ਮਿਡਲੈਂਡ ਇਲਾਕੇ ਵਿੱਚ ਸੋਲੀਹੁੱਲ ਕੌਂਸਲ ਦਾ ਸਰਬਸੰਮਤੀ ਨਾਲ ਮੇਅਰ ਚੁਣਿਆ ਗਿਆ ਹੈ।

### ਪੰਜਾਬੀਆਂ ਦੀ ਵਿਸ਼ਵ-ਵਿਆਪੀ ਪਛਾਣ

ਪੰਜਾਬੀਆਂ ਦਾ ਇਹ ਖਾਸ ਗੁਣ ਹੈ ਕਿ ਉਹ ਜਿੱਥੇ ਵੀ ਪਰਵਾਸ ਕਰਕੇ ਜਾਂਦੇ ਹਨ, ਉੱਥੇ ਹੀ ਆਪਣੀ ਸਫ਼ਲਤਾ ਦੇ ਝੰਡੇ ਗੱਡ ਦਿੰਦੇ ਹਨ। ਸੰਸਾਰ ਦਾ ਕੋਈ ਅਜਿਹਾ ਦੇਸ਼ ਨਹੀਂ ਜਿੱਥੇ ਪੰਜਾਬੀ ਨਾ ਪਹੁੰਚੇ ਹੋਣ; ਪਹੁੰਚੇ ਹੀ ਨਹੀਂ, ਸਗੋਂ ਪੰਜਾਬੀਆਂ ਦਾ ਨਾਮ ਰੌਸ਼ਨ ਕਰ ਦਿੱਤਾ ਹੈ। ਖਾਸ ਤੌਰ 'ਤੇ ਸਿੱਖਾਂ ਦੀ ਪਛਾਣ ਮਿਹਨਤੀ, ਉੱਦਮੀ, ਧਰਮ-ਨਿਰਪੱਖ, ਇਨਸਾਫ਼-ਪਸੰਦ, 'ਕਿਰਤ ਕਰੋ ਤੇ ਵੰਡ ਛਕੋ' ਦੇ ਮੁਦਈ ਅਤੇ 'ਸਰਬੱਤ ਦੇ ਭਲੇ' ਦੇ ਪਹਿਰੇਦਾਰ ਵਜੋਂ ਸਥਾਪਿਤ ਕਰ ਦਿੱਤੀ ਹੈ। ਪੰਜਾਬੀਆਂ ਦਾ ਰਾਮਗੜ੍ਹੀਆ ਭਾਈਚਾਰਾ ਬਹੁਤ ਮਿਹਨਤੀ ਅਤੇ ਹੁਨਰਮੰਦ ਹੈ। ਉਨ੍ਹਾਂ ਨੇ ਆਪਣੀ ਕਾਬਲੀਅਤ ਨਾਲ ਸੰਸਾਰ ਵਿੱਚ ਕਾਰੋਬਾਰ ਸਥਾਪਿਤ ਕਰਕੇ ਹਰ ਦੇਸ਼ ਦੀ ਆਰਥਿਕਤਾ ਨੂੰ ਭਰਵਾਂ ਹੁੰਗਾਰਾ ਦਿੱਤਾ ਹੈ। ਪਰਵਾਸ ਵਿੱਚ ਜਾ ਕੇ ਉਨ੍ਹਾਂ ਨੇ ਨਾ ਸਿਰਫ਼ ਆਰਥਿਕਤਾ ਨੂੰ ਚਾਰ ਚੰਨ ਲਗਾਏ, ਸਗੋਂ ਮਾਨਵਤਾ ਦੀ ਸੇਵਾ ਵਿੱਚ ਵੀ ਵਰਣਨਯੋਗ ਯੋਗਦਾਨ ਪਾਇਆ ਅਤੇ ਸਿੱਖੀ ਸੋਚ ਦੇ ਝੰਡੇ ਨੂੰ ਬੁਲੰਦ ਕੀਤਾ।

ਅਮਰੀਕਾ, ਕੈਨੇਡਾ, ਬਰਤਾਨੀਆ, ਆਸਟਰੇਲੀਆ, ਨਿਊਜ਼ੀਲੈਂਡ, ਜਰਮਨੀ, ਹਾਲੈਂਡ, ਅਫ਼ਰੀਕਾ, ਸਮੁੱਚੇ ਯੂਰਪ ਅਤੇ ਸਿੰਗਾਪੁਰ ਦੀ ਸਿਆਸਤ ਵਿੱਚ ਪੰਜਾਬੀ ਇੰਨੇ ਸਰਗਰਮ ਹਨ ਕਿ ਉਹ ਉੱਚ ਅਹੁਦੇ ਪ੍ਰਾਪਤ ਕਰਕੇ ਦੇਸ਼ ਦੀ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਬਰਤਾਨੀਆ ਵਿੱਚ ਤਾਂ ਇੱਕ ਭਾਰਤੀ/ਪੰਜਾਬੀ ਮੂਲ ਦਾ ਰਿਸ਼ੀ ਸੁਨਕ ਪ੍ਰਧਾਨ ਮੰਤਰੀ ਵੀ ਰਿਹਾ ਹੈ। ਇਸ ਸਮੇਂ ਅੱਧਾ ਦਰਜਨ ਪੰਜਾਬੀ ਹਾਊਸ ਆਫ਼ ਕਾਮਨਜ਼ ਦੇ ਮੈਂਬਰ ਹਨ ਅਤੇ ਲਗਭਗ ਬਰਤਾਨੀਆ ਦੀ ਹਰ ਪਾਰਟੀ ਵਿੱਚ ਪੰਜਾਬੀਆਂ ਦੀ ਸ਼ਮੂਲੀਅਤ ਹੈ।

ਸੋਲੀਹੁੱਲ ਦੇ ਮੇਅਰ ਵਜੋਂ ਚੋਣ ਇਸ ਸਮੇਂ ਬਰਤਾਨੀਆ ਦੀਆਂ ਸਥਾਨਕ ਸੰਸਥਾਵਾਂ ਵਿੱਚ ਕਈ ਪੰਜਾਬੀ ਮੇਅਰ ਹਨ। ਇਨ੍ਹਾਂ ਵਿੱਚ ਸਰਦੂਲ ਸਿੰਘ ਮਾਰਵਾ ਵੀ ਸ਼ਾਮਲ ਹੋ ਗਏ ਹਨ, ਜਿਹੜੇ 27 ਮਈ 2026 ਨੂੰ ਸੋਲੀਹੁੱਲ ਦੇ ਸਰਬਸੰਮਤੀ ਨਾਲ ਮੇਅਰ ਚੁਣੇ ਗਏ ਹਨ। ਉਹ ਸੋਲੀਹੁੱਲ ਦੇ ਪਹਿਲੇ ਸਿੱਖ ਮੇਅਰ ਬਣੇ ਹਨ। ਸਰਦੂਲ ਸਿੰਘ ਮਾਰਵਾ ਨੂੰ ਬਰਤਾਨੀਆ ਦੇ 99.99 ਫ਼ੀਸਦੀ ਅੰਗਰੇਜ਼ਾਂ (ਗੋਰਿਆਂ) ਦੀ ਆਬਾਦੀ ਵਾਲੇ ਵੈਸਟ ਮਿਡਲੈਂਡ ਇਲਾਕੇ ਦੀਆਂ 7 ਕੌਂਸਲਾਂ ਵਿੱਚੋਂ ਇੱਕ ਮਹੱਤਵਪੂਰਨ ਸ਼ਹਿਰ, ਸੋਲੀਹੁੱਲ ਦੀ ਕੌਂਸਲ ਦੇ 51 ਮੈਂਬਰਾਂ ਨੇ ਨਿਰਵਿਰੋਧ ਮੇਅਰ ਚੁਣ ਲਿਆ। ਉਨ੍ਹਾਂ ਦੀ ਸਰਬਸੰਮਤੀ ਨਾਲ ਹੋਈ ਚੋਣ ਸਾਬਤ ਕਰਦੀ ਹੈ ਕਿ ਉਹ ਬਰਤਾਨੀਆ ਦੇ ਹਰ ਭਾਈਚਾਰੇ ਵਿੱਚ ਕਿੰਨੇ ਹਰਮਨ-ਪਿਆਰੇ ਹਨ। ਇਸ ਤੋਂ ਪਹਿਲਾਂ ਉਹ 1984 ਵਿੱਚ ਬਰਮਿੰਘਮ ਸ਼ਹਿਰ ਦੇ ਕੌਂਸਲਰ ਚੁਣੇ ਗਏ ਸਨ। ਉਸ ਸਮੇਂ ਉਨ੍ਹਾਂ ਨੇ ਸਿੱਖ ਧਰਮ ਦੀ ਮਾਨਵਤਾ ਦੀ ਬਰਾਬਰਤਾ ਦੀ ਵਿਚਾਰਧਾਰਾ 'ਤੇ ਅਧਾਰਿਤ ਬਰਤਾਨੀਆ ਦੀ ਸੰਸਦ ਵਿੱਚ ਨਸਲੀ ਭੇਦਭਾਵ ਦੇ ਵਿਸ਼ੇ 'ਤੇ ਭਾਸ਼ਣ ਦਿੱਤਾ ਸੀ, ਜਿਸ ਕਰਕੇ ਉਹ ਬਹੁਤ ਪ੍ਰਸਿੱਧ ਹੋਏ ਸਨ।




### ਮੁੱਢਲਾ ਜੀਵਨ ਅਤੇ ਸਿੱਖਿਆ

ਸਰਦੂਲ ਸਿੰਘ ਮਾਰਵਾ ਦਾ ਜਨਮ 1947 ਵਿੱਚ ਪਿਤਾ ਅਜੀਤ ਸਿੰਘ ਅਤੇ ਮਾਤਾ ਪ੍ਰਕਾਸ਼ ਕੌਰ ਦੇ ਘਰ, ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਬੰਗਾ ਨੇੜੇ ਪਿੰਡ ਝੰਡੇਰ ਵਿੱਚ ਹੋਇਆ ਸੀ। ਬਚਪਨ ਤੋਂ ਹੀ ਉਨ੍ਹਾਂ ਵਿੱਚ ਹਰ ਚੀਜ਼ ਬਾਰੇ ਜਾਣਨ ਦੀ ਚੇਸ਼ਟਾ ਸੀ ਅਤੇ ਉਹ ਬਹੁਤ ਹੁਸ਼ਿਆਰ ਬੱਚੇ ਸਨ। ਉਨ੍ਹਾਂ ਨੇ ਸੱਤਵੀਂ ਤੱਕ ਦੀ ਪੜ੍ਹਾਈ ਚਰਨ ਕੰਵਲ ਖਾਲਸਾ ਹਾਈ ਸਕੂਲ, ਬੰਗਾ ਤੋਂ ਪ੍ਰਾਪਤ ਕੀਤੀ। ਆਪਣੇ ਸੁਨਹਿਰੇ ਭਵਿੱਖ ਲਈ ਉਹ 1960 ਵਿੱਚ ਆਪਣੇ ਮਾਤਾ-ਪਿਤਾ ਨਾਲ ਬਰਤਾਨੀਆ ਆ ਗਏ ਸਨ। ਇੱਥੇ ਸੈਕੰਡਰੀ ਤੱਕ ਦੀ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਉਨ੍ਹਾਂ ਨੇ ਚਾਨਸ ਟੈਕਨੀਕਲ ਕਾਲਜ ਵਿੱਚੋਂ ਇਲੈਕਟ੍ਰੀਕਲ ਇੰਜੀਨੀਅਰਿੰਗ ਦੀ ਡਿਗਰੀ ਪ੍ਰਾਪਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਹੈਂਡਸਵਰਥ ਕਾਲਜ ਤੋਂ 'ਡਿਪਲੋਮਾ ਇਨ ਐਜੂਕੇਸ਼ਨ ਐਂਡ ਕੰਪਿਊਟਰ ਹਾਰਡਵੇਅਰ ਟੈਕਨੀਸ਼ੀਅਨ' ਪਾਸ ਕੀਤਾ।

ਸਿਆਸੀ ਅਤੇ ਸਮਾਜਿਕ ਸਫ਼ਰ ਪੜ੍ਹਾਈ ਮੁਕੰਮਲ ਕਰਨ ਤੋਂ ਬਾਅਦ ਸਰਦੂਲ ਸਿੰਘ ਮਾਰਵਾ ਨੇ ਰਾਜਨੀਤੀ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ ਅਤੇ ਕੰਜ਼ਰਵੇਟਿਵ ਪਾਰਟੀ ਦੇ ਮੈਂਬਰ ਬਣ ਗਏ। ਉਨ੍ਹਾਂ ਨੇ ਸਖ਼ਤ ਮਿਹਨਤ ਅਤੇ ਸਮਾਜ ਸੇਵਾ ਕੀਤੀ, ਜਿਸ ਦੇ ਸਿੱਟੇ ਵਜੋਂ 1982 ਵਿੱਚ ਉਹ ਬਰਮਿੰਘਮ ਸ਼ਹਿਰ ਦੇ ਕੌਂਸਲਰ ਬਣੇ ਅਤੇ 1988 ਤੱਕ ਇਸ ਅਹੁਦੇ 'ਤੇ ਰਹੇ। ਇਸ ਸਮੇਂ ਦੌਰਾਨ ਉਨ੍ਹਾਂ ਨੇ ਆਪਣੀ ਲਗਨ, ਦ੍ਰਿੜ੍ਹਤਾ ਅਤੇ ਦੂਰ-ਅੰਦੇਸ਼ੀ ਨਾਲ ਕਈ ਸੀਨੀਅਰ ਜ਼ਿੰਮੇਵਾਰੀਆਂ ਨਿਭਾਈਆਂ, ਜਿਨ੍ਹਾਂ ਵਿੱਚ ਨਸਲੀ ਸਬੰਧਾਂ ਅਤੇ ਸਮਾਨ ਅਵਸਰ ਕਮੇਟੀ ਦੇ ਚੇਅਰਮੈਨ, ਅਤੇ ਮਨੋਰੰਜਨ ਸੇਵਾਵਾਂ ਕਮੇਟੀ ਦੇ ਚੇਅਰਮੈਨ ਦੀਆਂ ਸੇਵਾਵਾਂ ਸ਼ਾਮਲ ਹਨ।

ਉਹ ਆਪਣੇ ਪੇਸ਼ੇਵਰ ਕਰੀਅਰ ਵਿੱਚ ਇਲੈਕਟ੍ਰੀਕਲ ਇੰਡਸਟਰੀ ਵਿੱਚ ਕੰਮ ਕਰਦੇ ਰਹੇ ਅਤੇ ਬਾਅਦ ਵਿੱਚ ਐਚ.ਐਮ.ਪੀ ਬਰਮਿੰਘਮ ਵਿੱਚ ਵੀ ਕੰਮ ਕੀਤਾ। ਸਰਦੂਲ ਸਿੰਘ ਮਾਰਵਾ ਨੇ 1982 ਤੋਂ 1989 ਤੱਕ 'ਬਰਮਿੰਘਮ 31 ਪੁਲਿਸ ਸਲਾਹਕਾਰ ਕਮੇਟੀ' ਦੀ ਪ੍ਰਧਾਨਗੀ ਕੀਤੀ ਅਤੇ ਹੈਂਡਸਵਰਥ ਦੰਗਿਆਂ ਤੋਂ ਬਾਅਦ ਭਾਈਚਾਰਕ ਸ਼ਮੂਲੀਅਤ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਸਪੋਰਟਸ ਕੌਂਸਲ ਬਰਮਿੰਘਮ ਦੇ ਵਾਈਸ ਚੇਅਰਪਰਸਨ ਵਜੋਂ ਵੀ ਸੇਵਾ ਨਿਭਾਈ।

ਇਸੇ ਤਰ੍ਹਾਂ ਉਹ ਹੋਰ ਬਹੁਤ ਸਾਰੀਆਂ ਕਮੇਟੀਆਂ ਦੇ ਚੇਅਰਮੈਨ ਅਤੇ ਮੈਂਬਰ ਰਹੇ, ਜਿਨ੍ਹਾਂ ਵਿੱਚ ਕਮਿਊਨਿਟੀ ਰਿਲੇਸ਼ਨਜ਼ ਕੌਂਸਲ ਬਰਮਿੰਘਮ, ਬਰਮਿੰਘਮ ਏਰੀਆ ਹੈਲਥ ਅਥਾਰਟੀ, ਬਰਮਿੰਘਮ ਸਿਵਿਕ ਹਾਊਸਿੰਗ ਐਸੋਸੀਏਸ਼ਨ, ਅਤੇ ਇਲੈਕਟ੍ਰੀਕਲ, ਇਲੈਕਟ੍ਰਾਨਿਕ ਟੈਲੀਕਮਿਊਨੀਕੇਸ਼ਨ ਅਤੇ ਪਲੰਬਿੰਗ ਯੂਨੀਅਨ ਦੀ ਰਾਸ਼ਟਰੀ ਕਮੇਟੀ ਸ਼ਾਮਲ ਹਨ। ਉਹ 'ਵੈਸਟ ਮਿਡਲੈਂਡਜ਼ ਕੇਬਲ ਕਮਿਊਨੀਕੇਸ਼ਨਜ਼' ਦੇ ਸੰਸਥਾਪਕ ਬੋਰਡ ਮੈਂਬਰ ਵੀ ਸਨ। 2023 ਵਿੱਚ ਉਹ ਸੋਲੀਹੁੱਲ ਮੈਟਰੋਪੋਲੀਟਨ ਬੋਰੋ ਕੌਂਸਲ ਲਈ ਚੁਣੇ ਗਏ ਸਨ।

### ਸਨਮਾਨ ਅਤੇ ਸੱਭਿਆਚਾਰਕ ਯੋਗਦਾਨ

ਉਨ੍ਹਾਂ ਦੀਆਂ ਲੋਕ ਸੇਵਾਵਾਂ ਕਰਕੇ 1990 ਵਿੱਚ ਮਹਾਰਾਣੀ ਐਲਿਜ਼ਾਬੈਥ II (Elizabeth II) ਨੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਸੀ। ਸਰਦੂਲ ਸਿੰਘ ਮਾਰਵਾ 1995 ਤੋਂ 2019 ਤੱਕ 'ਜਸਟਿਸ ਆਫ਼ ਦਾ ਪੀਸ' ਦੀਆਂ ਸੇਵਾਵਾਂ ਵੀ ਨਿਭਾਉਂਦੇ ਰਹੇ। ਉਹ ਆਪਣੀ ਸਾਰੀ ਜ਼ਿੰਦਗੀ ਸੱਭਿਆਚਾਰਕ ਅਤੇ ਸਿਰਜਣਾਤਮਕ ਗਤੀਵਿਧੀਆਂ ਵਿੱਚ ਵੀ ਸਰਗਰਮ ਰਹੇ ਹਨ। ਉਨ੍ਹਾਂ ਨੇ 1965 ਵਿੱਚ 'ਦਾ ਮੁਸਾਫ਼ਿਰ' (The Travellers) ਗਰੁੱਪ ਬਣਾਇਆ, ਜਿਹੜਾ ਬ੍ਰਿਟੇਨ ਦੇ ਭੰਗੜਾ ਸਮੂਹਾਂ ਵਿੱਚੋਂ ਮੋਹਰੀ ਰਿਹਾ। ਉਹ ਇੱਕ ਚੰਗੇ ਬੁਲਾਰੇ, ਕਵੀ ਅਤੇ ਲੇਖਕ ਵੀ ਹਨ ਅਤੇ ਟੈਲੀਵਿਜ਼ਨ ਡਿਬੇਟਸ ਵਿੱਚ ਹਿੱਸਾ ਲੈਂਦੇ ਰਹਿੰਦੇ ਹਨ। ਉਹ 1983 ਅਤੇ 1997 ਵਿੱਚ ਸੰਸਦੀ ਉਮੀਦਵਾਰ ਵਜੋਂ, ਅਤੇ 1999 ਵਿੱਚ ਯੂਰਪੀਅਨ ਸੰਸਦ ਲਈ ਉਮੀਦਵਾਰ ਵਜੋਂ ਵੀ ਚੋਣ ਲੜੇ ਸਨ। ਸਰਦੂਲ ਸਿੰਘ ਮਾਰਵਾ ਦਾ ਵਿਆਹ ਸਤਨਾਮ ਕੌਰ (ਐਲ.ਐਲ.ਬੀ) ਨਾਲ ਹੋਇਆ। ਉਨ੍ਹਾਂ ਦੇ ਤਿੰਨ ਲੜਕੇ ਹਨ, ਜਿਹੜੇ ਆਪੋ-ਆਪਣੇ ਕੰਮਾਂ ਵਿੱਚ ਸੈੱਟਲ ਹਨ। ਉਮੀਦ ਕਰਦੇ ਹਾਂ ਕਿ ਉਹ ਸੋਲੀਹੁੱਲ ਇਲਾਕੇ ਦੇ ਵਿਕਾਸ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਂਦੇ ਰਹਿਣਗੇ।




ਸ੍ਰੀ ਹਰਿਮੰਦਰ ਸਾਹਿਬ, ਜਿਸਨੂੰ ਦਰਬਾਰ ਸਾਹਿਬ ਜਾਂ ਸਵਰਨ ਮੰਦਰ ਵੀ ਕਿਹਾ ਜਾਂਦਾ ਹੈ, ਅੰਮ੍ਰਿਤਸਰ ਵਿੱਚ ਸਥਿਤ ਸਿੱਖ ਧਰਮ ਦਾ ਸਭ ਤੋਂ ਪਵਿੱਤਰ ਸਥਾਨ ਹੈ। ਦੁਨੀਆ ਭਰ ਤੋਂ ਲੱਖਾਂ ਸ਼ਰਧਾਲੂ ਹਰ ਸਾਲ ਇੱਥੇ ਦਰਸ਼ਨਾਂ ਲਈ ਪਹੁੰਚਦੇ ਹਨ। ਪਰ ਹਰਿਮੰਦਰ ਸਾਹਿਬ ਸਿਰਫ਼ ਆਪਣੀ ਸ਼ਾਨਦਾਰ ਆਰਕੀਟੈਕਚਰ ਅਤੇ ਅਧਿਆਤਮਿਕ ਮਹੱਤਤਾ ਕਰਕੇ ਹੀ ਨਹੀਂ, ਸਗੋਂ ਇੱਥੇ ਚੱਲਦੇ 'ਗੁਰੂ ਕਾ ਲੰਗਰ' ਕਰਕੇ ਵੀ ਪੂਰੀ ਦੁਨੀਆ ਵਿੱਚ ਮਸ਼ਹੂਰ ਹੈ। ਇਹ ਲੰਗਰ ਦੁਨੀਆ ਦੀ ਸਭ ਤੋਂ ਵੱਡੀ ਮੁਫ਼ਤ ਸਾਂਝੀ ਰਸੋਈ ਮੰਨੀ ਜਾਂਦੀ ਹੈ, ਜਿੱਥੇ ਰੋਜ਼ਾਨਾ ਲਗਭਗ ਇੱਕ ਲੱਖ ਸ਼ਰਧਾਲੂਆਂ ਨੂੰ ਭੋਜਨ ਛਕਾਇਆ ਜਾਂਦਾ ਹੈ, ਅਤੇ ਖ਼ਾਸ ਮੌਕਿਆਂ 'ਤੇ ਇਹ ਗਿਣਤੀ ਦੋ ਲੱਖ ਤੱਕ ਵੀ ਪਹੁੰਚ ਜਾਂਦੀ ਹੈ।

ਲੰਗਰ ਦੀ ਪਰੰਪਰਾ ਅਤੇ ਇਤਿਹਾਸ ਲੰਗਰ ਦੀ ਪਰੰਪਰਾ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਦੇਵ ਜੀ ਨੇ 15ਵੀਂ ਸਦੀ ਦੇ ਅੰਤ ਵਿੱਚ ਸ਼ੁਰੂ ਕੀਤੀ ਸੀ। ਇਸ ਦਾ ਮਕਸਦ ਇਹ ਸੀ ਕਿ ਹਰ ਵਿਅਕਤੀ, ਭਾਵੇਂ ਉਸ ਦਾ ਧਰਮ, ਜਾਤ ਜਾਂ ਸਮਾਜਿਕ ਰੁਤਬਾ ਕੁਝ ਵੀ ਹੋਵੇ, ਇੱਕੋ ਪੰਗਤ ਵਿੱਚ ਬੈਠ ਕੇ ਇੱਕੋ ਭੋਜਨ ਛਕੇ। ਇਹ ਸੰਕਲਪ ਬਾਅਦ ਵਿੱਚ ਆਉਣ ਵਾਲੇ ਗੁਰੂਆਂ ਨੇ ਹੋਰ ਮਜ਼ਬੂਤ ਕੀਤਾ ਅਤੇ ਅੱਜ ਦੁਨੀਆ ਭਰ ਦੇ ਹਰ ਗੁਰਦੁਆਰੇ ਵਿੱਚ ਲੰਗਰ ਦੀ ਪ੍ਰਥਾ ਚੱਲਦੀ ਹੈ। ਕਿਹਾ ਜਾਂਦਾ ਹੈ ਕਿ ਮੁਗ਼ਲ ਬਾਦਸ਼ਾਹ ਅਕਬਰ ਵੀ ਇੱਕ ਵਾਰ ਸੰਗਤ ਦੇ ਨਾਲ ਬੈਠ ਕੇ ਲੰਗਰ ਛਕ ਚੁੱਕਿਆ ਹੈ, ਜੋ ਇਸ ਪ੍ਰਥਾ ਦੀ ਸਮਾਨਤਾ ਅਤੇ ਏਕਤਾ ਦੀ ਭਾਵਨਾ ਨੂੰ ਦਰਸਾਉਂਦਾ ਹੈ। ਸਮਾਜ ਵਿੱਚ ਊਚ-ਨੀਚ ਅਤੇ ਭੇਦਭਾਵ ਨੂੰ ਖ਼ਤਮ ਕਰਨ ਦਾ ਇਹ ਇੱਕ ਵਿਲੱਖਣ ਤਰੀਕਾ ਹੈ, ਜਿੱਥੇ ਰਾਜਾ ਅਤੇ ਰੰਕ ਦੋਵੇਂ ਇੱਕੋ ਥਾਂ ਬੈਠ ਕੇ ਭੋਜਨ ਗ੍ਰਹਿਣ ਕਰਦੇ ਹਨ।

### ਰੋਜ਼ਾਨਾ ਦਾ ਵਿਸ਼ਾਲ ਪ੍ਰਬੰਧ

ਹਰਿਮੰਦਰ ਸਾਹਿਬ ਦਾ ਲੰਗਰ ਸਾਲ ਦੇ 365 ਦਿਨ, 24 ਘੰਟੇ ਲਗਾਤਾਰ ਚੱਲਦਾ ਰਹਿੰਦਾ ਹੈ। ਇੱਥੇ ਦਿਨ ਹੋਵੇ ਜਾਂ ਰਾਤ, ਲੰਗਰ ਹਾਲ ਕਦੇ ਬੰਦ ਨਹੀਂ ਹੁੰਦਾ। ਆਮ ਦਿਨਾਂ ਵਿੱਚ ਲਗਭਗ ਇੱਕ ਲੱਖ ਸ਼ਰਧਾਲੂ ਇੱਥੇ ਭੋਜਨ ਛਕਦੇ ਹਨ, ਜਦੋਂ ਕਿ ਵਿਸਾਖੀ, ਗੁਰਪੁਰਬ ਜਾਂ ਹੋਰ ਖ਼ਾਸ ਮੌਕਿਆਂ 'ਤੇ ਇਹ ਗਿਣਤੀ ਡੇਢ ਤੋਂ ਦੋ ਲੱਖ ਤੱਕ ਵੱਧ ਜਾਂਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਦੇ ਅਧਿਕਾਰੀਆਂ ਅਨੁਸਾਰ, ਲੋੜ ਪੈਣ 'ਤੇ ਇਸ ਰਸੋਈ ਦੀ ਸਮਰੱਥਾ ਇੱਕ ਦਿਨ ਵਿੱਚ ਦਸ ਲੱਖ ਲੋਕਾਂ ਤੱਕ ਭੋਜਨ ਪਰੋਸਣ ਦੀ ਵੀ ਹੈ।

ਇਸ ਵਿਸ਼ਾਲ ਪ੍ਰਬੰਧ ਲਈ ਹਰ ਰੋਜ਼ ਭਾਰੀ ਮਾਤਰਾ ਵਿੱਚ ਰਾਸ਼ਨ ਵਰਤਿਆ ਜਾਂਦਾ ਹੈ। ਹਰ ਦਿਨ ਲਗਭਗ ਸੌ ਕੁਇੰਟਲ ਚੌਲ, ਵੱਡੀ ਮਾਤਰਾ ਵਿੱਚ ਦਾਲ ਅਤੇ ਸਬਜ਼ੀਆਂ, ਸੈਂਕੜੇ ਐੱਲ.ਪੀ.ਜੀ. ਸਿਲੰਡਰ ਅਤੇ ਲੱਕੜ, ਅਤੇ ਲਗਭਗ ਢਾਈ ਸੌ ਕਿਲੋ ਦੇਸੀ ਘਿਓ ਵਰਤਿਆ ਜਾਂਦਾ ਹੈ। ਲੰਗਰ ਦਾ ਰੋਜ਼ਾਨਾ ਖਰਚਾ ਲੱਖਾਂ ਰੁਪਏ ਤੱਕ ਪਹੁੰਚ ਜਾਂਦਾ ਹੈ, ਜੋ ਪੂਰੀ ਤਰ੍ਹਾਂ ਸੰਗਤ ਦੇ ਦਸਵੰਧ ਅਤੇ ਦਾਨ ਨਾਲ ਪੂਰਾ ਹੁੰਦਾ ਹੈ। ਲੰਗਰ ਵਿੱਚ ਕਿਸੇ ਵੀ ਕਿਸਮ ਦੀ ਠੇਕੇਦਾਰੀ ਜਾਂ ਕੈਟਰਿੰਗ ਸੇਵਾ ਦੀ ਵਰਤੋਂ ਨਹੀਂ ਕੀਤੀ ਜਾਂਦੀ; ਸਾਰਾ ਭੋਜਨ ਸੇਵਾਦਾਰਾਂ ਵੱਲੋਂ ਹੀ ਤਿਆਰ ਕੀਤਾ ਜਾਂਦਾ ਹੈ।

ਭੋਜਨ ਤਿਆਰ ਕਰਨ ਦੀ ਪ੍ਰਕਿਰਿਆ ਲੰਗਰ ਦਾ ਮੀਨੂ ਸਾਦਾ ਪਰ ਪੌਸ਼ਟਿਕ ਹੁੰਦਾ ਹੈ, ਜਿਸ ਵਿੱਚ ਰੋਟੀ, ਦਾਲ, ਚੌਲ, ਸਬਜ਼ੀ ਅਤੇ ਕਦੇ-ਕਦੇ ਖੀਰ ਸ਼ਾਮਲ ਹੁੰਦੇ ਹਨ। ਇਹ ਸ਼ੁੱਧ ਸ਼ਾਕਾਹਾਰੀ ਭੋਜਨ ਹੁੰਦਾ ਹੈ ਤਾਂ ਜੋ ਹਰ ਧਰਮ ਅਤੇ ਪਿਛੋਕੜ ਦਾ ਵਿਅਕਤੀ ਬਿਨਾਂ ਕਿਸੇ ਝਿਜਕ ਦੇ ਇਸ ਨੂੰ ਗ੍ਰਹਿਣ ਕਰ ਸਕੇ। ਇੰਨੀ ਵੱਡੀ ਗਿਣਤੀ ਵਿੱਚ ਰੋਟੀਆਂ ਤਿਆਰ ਕਰਨ ਲਈ ਆਧੁਨਿਕ ਮਸ਼ੀਨਾਂ ਦੀ ਵਰਤੋਂ ਕੀਤੀ ਜਾਂਦੀ ਹੈ, ਜੋ ਇੱਕ ਘੰਟੇ ਵਿੱਚ ਹਜ਼ਾਰਾਂ ਰੋਟੀਆਂ ਤਿਆਰ ਕਰਨ ਦੇ ਸਮਰੱਥ ਹਨ। ਇਸ ਦੇ ਨਾਲ-ਨਾਲ ਬਹੁਤ ਸਾਰੇ ਸੇਵਾਦਾਰ ਹੱਥੀਂ ਵੀ ਰੋਟੀਆਂ ਬਣਾਉਂਦੇ ਹਨ, ਆਟਾ ਗੁੰਨ੍ਹਣ ਅਤੇ ਛਾਨਣ ਲਈ ਵੀ ਵਿਸ਼ੇਸ਼ ਮਸ਼ੀਨਾਂ ਲਗਾਈਆਂ ਗਈਆਂ ਹਨ। ਭੋਜਨ ਵੱਡੇ-ਵੱਡੇ ਭਾਂਡਿਆਂ ਵਿੱਚ ਪਕਾਇਆ ਜਾਂਦਾ ਹੈ ਅਤੇ ਪੂਰੀ ਸਫਾਈ ਦਾ ਧਿਆਨ ਰੱਖਿਆ ਜਾਂਦਾ ਹੈ।

### ਸੇਵਾਦਾਰਾਂ ਦੀ ਭੂਮਿਕਾ

ਲੰਗਰ ਦੀ ਸਭ ਤੋਂ ਖ਼ੂਬਸੂਰਤ ਗੱਲ ਇਹ ਹੈ ਕਿ ਇਸਨੂੰ ਚਲਾਉਣ ਵਿੱਚ ਸੰਗਤ ਦੀ ਸਵੈ-ਇੱਛਤ ਸੇਵਾ ਦਾ ਵੱਡਾ ਯੋਗਦਾਨ ਹੁੰਦਾ ਹੈ। ਸੈਂਕੜੇ ਪੱਕੇ ਕਰਮਚਾਰੀਆਂ ਦੇ ਨਾਲ-ਨਾਲ ਕਿਸੇ ਵੀ ਸਮੇਂ ਹਜ਼ਾਰ ਦੇ ਕਰੀਬ ਸੇਵਾਦਾਰ ਲੰਗਰ ਵਿੱਚ ਸੇਵਾ ਕਰ ਰਹੇ ਹੁੰਦੇ ਹਨ। ਇਨ੍ਹਾਂ ਵਿੱਚ ਬਜ਼ੁਰਗ ਔਰਤਾਂ ਸਬਜ਼ੀਆਂ ਕੱਟਦੀਆਂ ਦਿਖਾਈ ਦਿੰਦੀਆਂ ਹਨ, ਤਾਂ ਨੌਜਵਾਨ ਵਿਦਿਆਰਥੀ ਭਾਂਡੇ ਮਾਂਜਦੇ ਹਨ; ਵੱਡੇ ਅਹੁਦਿਆਂ 'ਤੇ ਬੈਠੇ ਲੋਕ ਵੀ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਸੇਵਾ ਕਰਦੇ ਹਨ। ਇੱਥੇ ਕੋਈ ਵੀ ਬਿਨਾਂ ਪਹਿਲਾਂ ਦੀ ਇਜਾਜ਼ਤ ਲਏ ਸੇਵਾ ਵਿੱਚ ਸ਼ਾਮਲ ਹੋ ਸਕਦਾ ਹੈ, ਭਾਵੇਂ ਉਹ ਸਬਜ਼ੀ ਕੱਟਣੀ ਹੋਵੇ, ਪਾਣੀ ਪਿਲਾਉਣਾ ਹੋਵੇ ਜਾਂ ਭਾਂਡੇ ਧੋਣੇ ਹੋਣ। ਸਿੱਖ ਧਰਮ ਵਿੱਚ ਇਸ ਸੇਵਾ ਨੂੰ ਬਹੁਤ ਵੱਡਾ ਸੁਭਾਗ ਮੰਨਿਆ ਜਾਂਦਾ ਹੈ।

ਦਸਵੰਧ ਅਤੇ ਦਾਨ ਦੀ ਭੂਮਿਕਾ ਸਿੱਖ ਧਰਮ ਵਿੱਚ ਹਰ ਸਿੱਖ ਲਈ ਆਪਣੀ ਕਮਾਈ ਦਾ ਦਸਵਾਂ ਹਿੱਸਾ (ਦਸਵੰਧ) ਭਾਈਚਾਰੇ ਦੀ ਭਲਾਈ ਲਈ ਦਾਨ ਕਰਨਾ ਜ਼ਰੂਰੀ ਮੰਨਿਆ ਗਿਆ ਹੈ। ਇਹ ਦਾਨ ਹੀ ਲੰਗਰ ਦੀ ਰੀੜ੍ਹ ਦੀ ਹੱਡੀ ਹੈ। ਦੁਨੀਆ ਭਰ ਤੋਂ ਸੰਗਤ ਵੱਲੋਂ ਆਏ ਦਾਨ ਸਦਕਾ ਹੀ ਇਹ ਵਿਸ਼ਾਲ ਲੰਗਰ ਬਿਨਾਂ ਕਿਸੇ ਸਰਕਾਰੀ ਮਦਦ ਦੇ ਲਗਾਤਾਰ ਚੱਲਦਾ ਰਹਿੰਦਾ ਹੈ। ਇਹ ਸਿਧਾਂਤ 'ਕਿਰਤ ਕਰੋ, ਨਾਮ ਜਪੋ, ਵੰਡ ਛਕੋ' ਦੀ ਮਹਾਨ ਸਿੱਖਿਆ ਨੂੰ ਵਿਹਾਰਕ ਰੂਪ ਵਿੱਚ ਸਾਕਾਰ ਕਰਦਾ ਹੈ।

### ਸਮਾਜਿਕ ਸੁਨੇਹਾ

ਹਰਿਮੰਦਰ ਸਾਹਿਬ ਦਾ ਲੰਗਰ ਸਿਰਫ਼ ਭੁੱਖ ਮਿਟਾਉਣ ਦਾ ਸਾਧਨ ਨਹੀਂ, ਸਗੋਂ ਇਹ ਇੱਕ ਵੱਡਾ ਸਮਾਜਿਕ ਸੁਨੇਹਾ ਵੀ ਦਿੰਦਾ ਹੈ - ਸਮਾਨਤਾ, ਏਕਤਾ ਅਤੇ ਭਾਈਚਾਰੇ ਦਾ। ਇੱਥੇ ਅਮੀਰ-ਗਰੀਬ, ਹਿੰਦੂ-ਮੁਸਲਮਾਨ, ਦੇਸੀ-ਵਿਦੇਸ਼ੀ ਸਭ ਇੱਕੋ ਪੰਗਤ ਵਿੱਚ ਬੈਠ ਕੇ ਭੋਜਨ ਛਕਦੇ ਹਨ, ਜੋ ਇੱਕ ਅਜਿਹੇ ਸਮਾਜ ਦੀ ਕਲਪਨਾ ਪੇਸ਼ ਕਰਦਾ ਹੈ ਜਿੱਥੇ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਹੀਂ ਹੁੰਦਾ। ਵਿਦੇਸ਼ਾਂ ਤੋਂ ਆਏ ਸੈਲਾਨੀ ਵੀ ਇਸ ਅਨੁਭਵ ਨੂੰ ਦੇਖ ਕੇ ਹੈਰਾਨ ਰਹਿ ਜਾਂਦੇ ਹਨ ਕਿ ਏਨੀ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਇੰਨੀ ਵਿਵਸਥਿਤ ਢੰਗ ਨਾਲ ਭੋਜਨ ਕਿਵੇਂ ਪਰੋਸਿਆ ਜਾ ਸਕਦਾ ਹੈ।

### ਟੈਕਨੋਲੋਜੀ ਅਤੇ ਆਧੁਨਿਕੀਕਰਨ

ਸਮੇਂ ਦੇ ਨਾਲ-ਨਾਲ ਲੰਗਰ ਦੇ ਪ੍ਰਬੰਧ ਵਿੱਚ ਵੀ ਆਧੁਨਿਕ ਤਕਨੀਕਾਂ ਸ਼ਾਮਲ ਕੀਤੀਆਂ ਗਈਆਂ ਹਨ। ਭਾਂਡੇ ਧੋਣ ਲਈ ਮਸ਼ੀਨਾਂ, ਖਾਣੇ ਦੇ ਹਾਲ ਦੀ ਸਫਾਈ ਲਈ ਆਟੋਮੈਟਿਕ ਯੰਤਰ, ਅਤੇ ਰੋਟੀਆਂ ਬਣਾਉਣ ਵਾਲੀਆਂ ਮਸ਼ੀਨਾਂ ਇਸ ਵਿਸ਼ਾਲ ਕਾਰਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਮਦਦ ਕਰਦੀਆਂ ਹਨ। ਇਸ ਦੇ ਨਾਲ ਹੀ ਪ੍ਰਬੰਧਕ ਵਾਤਾਵਰਣ ਦੀ ਸਾਂਭ-ਸੰਭਾਲ ਪ੍ਰਤੀ ਵੀ ਸੁਚੇਤ ਰਹਿੰਦੇ ਹਨ, ਤਾਂ ਜੋ ਇੰਨੇ ਵੱਡੇ ਪੱਧਰ 'ਤੇ ਹੋਣ ਵਾਲੇ ਕੰਮ ਦਾ ਵਾਤਾਵਰਣ 'ਤੇ ਘੱਟ ਤੋਂ ਘੱਟ ਮਾੜਾ ਅਸਰ ਪਵੇ।

ਹਰਿਮੰਦਰ ਸਾਹਿਬ ਦਾ ਲੰਗਰ ਸੇਵਾ, ਸ਼ਰਧਾ ਅਤੇ ਸੰਗਠਨ ਦੀ ਇੱਕ ਬੇਮਿਸਾਲ ਮਿਸਾਲ ਹੈ। ਰੋਜ਼ਾਨਾ ਇੱਕ ਲੱਖ ਤੋਂ ਵੱਧ ਸ਼ਰਧਾਲੂਆਂ ਲਈ ਬਿਨਾਂ ਕਿਸੇ ਭੇਦਭਾਵ ਦੇ ਮੁਫ਼ਤ ਭੋਜਨ ਤਿਆਰ ਕਰਨਾ ਅਤੇ ਪਰੋਸਣਾ ਸਿਰਫ਼ ਇੱਕ ਪ੍ਰਬੰਧਕੀ ਸਫਲਤਾ ਨਹੀਂ, ਸਗੋਂ ਮਨੁੱਖਤਾ, ਸੇਵਾ ਅਤੇ ਸਮਾਨਤਾ ਦੇ ਸਿੱਖ ਸਿਧਾਂਤਾਂ ਦਾ ਜਿਉਂਦਾ-ਜਾਗਦਾ ਪ੍ਰਮਾਣ ਹੈ। ਸਦੀਆਂ ਤੋਂ ਚੱਲ ਰਹੀ ਇਹ ਪਰੰਪਰਾ ਅੱਜ ਵੀ ਓਨੀ ਹੀ ਜੀਵੰਤ ਹੈ ਜਿੰਨੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਸੀ, ਅਤੇ ਇਹ ਦੁਨੀਆ ਭਰ ਦੇ ਲੋਕਾਂ ਨੂੰ ਇਹ ਸਿਖਾਉਂਦੀ ਹੈ ਕਿ ਸੱਚੀ ਸੇਵਾ ਅਤੇ ਵੰਡ ਛਕਣ ਦੀ ਭਾਵਨਾ ਨਾਲ ਹੀ ਇੱਕ ਸੱਚਮੁੱਚ ਬਰਾਬਰੀ ਵਾਲਾ ਸਮਾਜ ਬਣਾਇਆ ਜਾ ਸਕਦਾ ਹੈ।

# ਚੋਣ ਕਮਿਸ਼ਨ ਦੀ 'ਵਿਸ਼ੇਸ਼ ਸੁਧਾਈ' (SIR) 'ਤੇ ਉੱਠੇ ਸਵਾਲ

## ਘੱਟ-ਗਿਣਤੀਆਂ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼




ਦਿੱਲੀ -ਸੰਯੁਕਤ ਰਾਸ਼ਟਰ (UN) ਦੇ ਤਿੰਨ ਵਿਸ਼ੇਸ਼ ਰਿਪੋਰਟੀਅਰਾਂ (ਖ਼ਾਸ ਮਾਹਰਾਂ) ਨੇ ਭਾਰਤ ਸਰਕਾਰ ਨੂੰ ਪੱਤਰ ਲਿਖ ਕੇ ਭਾਰਤੀ ਚੋਣ ਕਮਿਸ਼ਨ (ECI) ਵੱਲੋਂ ਵੋਟਰ ਸੂਚੀਆਂ ਦੀ ਕੀਤੀ ਜਾ ਰਹੀ 'ਵਿਸ਼ੇਸ਼ ਸੁਧਾਈ' (Special Intensive Revision - SIR) ਦੀ ਪ੍ਰਕਿਰਿਆ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਸੰਯੁਕਤ ਰਾਸ਼ਟਰ ਦੇ ਮਾਹਰਾਂ ਨੇ ਦੋਸ਼ ਲਾਇਆ ਹੈ ਕਿ ਇਸ ਮੁਹਿੰਮ ਕਾਰਨ ਮੁਸਲਿਮ, ਬੰਗਾਲੀ ਮੂਲ ਦੇ ਲੋਕਾਂ ਅਤੇ ਹੋਰ ਘੱਟ-ਗਿਣਤੀ ਭਾਈਚਾਰਿਆਂ ਦੇ ਨਾਂ ਵੋਟਰ ਸੂਚੀ ਵਿੱਚੋਂ ਪੱਖਪਾਤੀ ਢੰਗ ਨਾਲ ਹਟਾਏ ਗਏ ਹਨ, ਜਿਸ ਨਾਲ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ 'ਤੇ ਮਾੜਾ ਅਸਰ ਪੈ ਸਕਦਾ ਹੈ।

ਇਹ ਅਧਿਕਾਰਤ ਪੱਤਰ 1 ਮਈ 2026 ਨੂੰ ਸੰਯੁਕਤ ਰਾਸ਼ਟਰ ਦੇ ਘੱਟ-ਗਿਣਤੀ ਮਾਮਲਿਆਂ ਦੇ ਵਿਸ਼ੇਸ਼ ਮਾਹਰ, ਵਿਚਾਰਾਂ ਦੀ ਆਜ਼ਾਦੀ ਤੇ ਪ੍ਰਗਟਾਵੇ ਦੀ ਰੱਖਿਆ ਸਬੰਧੀ ਮਾਹਰ ਅਤੇ ਧਾਰਮਿਕ ਆਜ਼ਾਦੀ ਦੇ ਵਿਸ਼ੇਸ਼ ਮਾਹਰ ਵੱਲੋਂ ਸਾਂਝੇ ਤੌਰ 'ਤੇ ਭੇਜਿਆ ਗਿਆ ਸੀ। ਸੰਯੁਕਤ ਰਾਸ਼ਟਰ ਦੇ ਨਿਯਮਾਂ ਮੁਤਾਬਕ, ਇਸ ਚਿੱਠੀ ਨੂੰ ਜਨਤਕ ਕਰਨ ਤੋਂ ਪਹਿਲਾਂ ਭਾਰਤ ਸਰਕਾਰ ਨੂੰ ਆਪਣਾ ਪੱਖ ਰੱਖਣ ਲਈ 60 ਦਿਨਾਂ ਦਾ ਸਮਾਂ ਦਿੱਤਾ ਗਿਆ ਸੀ।

ਸੰਯੁਕਤ ਰਾਸ਼ਟਰ ਦੇ ਮਾਹਰਾਂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਅਗਵਾਈ ਹੇਠ ਚੱਲ ਰਹੀ ਇਸ ਪ੍ਰਕਿਰਿਆ ਦੌਰਾਨ ਲੱਖਾਂ ਵੋਟਰਾਂ ਦੇ ਨਾਂ ਸੂਚੀ ਵਿੱਚੋਂ ਹਟਾਏ ਜਾਣ ਦੀਆਂ ਖ਼ਬਰਾਂ ਚਿੰਤਾਜਨਕ ਹਨ, ਜਿਨ੍ਹਾਂ ਵਿੱਚ ਜ਼ਿਆਦਾਤਰ ਘੱਟ-ਗਿਣਤੀ ਵਰਗ ਨਾਲ ਸਬੰਧਤ ਹਨ। ਪੱਤਰ ਵਿੱਚ ਦੋਸ਼ ਲਾਇਆ ਗਿਆ ਹੈ ਕਿ ਵੋਟਰ ਸੂਚੀਆਂ ਦੀ ਇਸ ਸੁਧਾਈ ਲਈ ਗੈਰ-ਪਾਰਦਰਸ਼ੀ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਪ੍ਰਣਾਲੀ ਦਾ ਸਹਾਰਾ ਲਿਆ ਗਿਆ, ਵੋਟਰਾਂ ਨੂੰ ਆਪਣੇ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਪੂਰਾ ਸਮਾਂ ਨਹੀਂ ਦਿੱਤਾ ਗਿਆ, ਅਤੇ ਨਾਂ ਕੱਟੇ ਜਾਣ ਖ਼ਿਲਾਫ਼ ਅਪੀਲ ਕਰਨ ਦਾ ਕੋਈ ਪੁਖ਼ਤਾ ਪ੍ਰਬੰਧ ਵੀ ਨਹੀਂ ਸੀ। ਇੰਨਾ ਹੀ ਨਹੀਂ, ਨਾਵਾਂ ਦੇ ਸਪੈਲਿੰਗਾਂ (ਅੱਖਰਾਂ) ਵਿੱਚ ਮਾਮੂਲੀ ਗਲਤੀਆਂ ਨੂੰ ਅਧਾਰ ਬਣਾ ਕੇ ਵੋਟਰਾਂ ਦੇ ਨਾਂ ਸੂਚੀ ਵਿੱਚੋਂ ਉਡਾ ਦਿੱਤੇ ਗਏ।

ਇਸ ਸੰਚਾਰ ਵਿੱਚ ਖ਼ਾਸ ਤੌਰ 'ਤੇ ਪੱਛਮੀ ਬੰਗਾਲ ਦਾ ਹਵਾਲਾ ਦਿੱਤਾ ਗਿਆ ਹੈ, ਜਿੱਥੇ ਮੁਸਲਿਮ ਵੋਟਰਾਂ ਨੂੰ ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ। ਰਿਪੋਰਟ ਮੁਤਾਬਕ ਨੰਦੀਗ੍ਰਾਮ ਵਿਧਾਨ ਸਭਾ ਹਲਕੇ ਵਿੱਚੋਂ ਜਿੰਨੇ ਵੋਟਰਾਂ ਦੇ ਨਾਂ ਕੱਟੇ ਗਏ, ਉਨ੍ਹਾਂ ਵਿੱਚੋਂ ਕਰੀਬ 95 ਫੀਸਦੀ ਮੁਸਲਿਮ ਸਨ, ਜਦੋਂ ਕਿ ਉਸ ਹਲਕੇ ਵਿੱਚ ਮੁਸਲਿਮ ਆਬਾਦੀ ਸਿਰਫ਼ 25 ਫੀਸਦੀ ਦੇ ਕਰੀਬ ਹੈ।

ਇਸ ਦੇ ਨਾਲ ਹੀ ਬਿਹਾਰ ਵਿੱਚ ਚੱਲੀ ਇਸੇ ਮੁਹਿੰਮ ਬਾਰੇ ਵੀ ਚਿੰਤਾ ਜ਼ਾਹਰ ਕੀਤੀ ਗਈ ਹੈ, ਜਿੱਥੇ ਅਜਿਹੀ ਕਾਰਵਾਈ ਕਾਰਨ ਮੁਸਲਿਮ ਅਤੇ ਹੋਰ ਪਛੜੇ ਵਰਗਾਂ ਦੇ ਵੱਡੀ ਗਿਣਤੀ ਵਿੱਚ ਵੋਟ ਦੇ ਅਧਿਕਾਰ ਤੋਂ ਵਾਂਝੇ ਹੋਣ ਦਾ ਖ਼ਦਸ਼ਾ ਜਤਾਇਆ ਗਿਆ ਹੈ। ਯੂ.ਐੱਨ. ਦੇ ਮਾਹਰਾਂ ਨੇ ਚੇਤਾਵਨੀ ਦਿੱਤੀ ਹੈ ਕਿ ਵੋਟਰ ਡਾਟਾ ਵਿੱਚ ਗੜਬੜੀਆਂ ਫੜਨ ਲਈ ਵਰਤੇ ਗਏ ਏ.ਆਈ. (AI) ਸਿਸਟਮ ਵਿੱਚ ਪੱਖਪਾਤ ਅਤੇ ਵੱਡੀਆਂ ਗਲਤੀਆਂ ਦੀ ਗੁੰਜਾਇਸ਼ ਹੋ ਸਕਦੀ ਹੈ, ਜਿਸ ਨਾਲ ਯੋਗ ਭਾਰਤੀ ਨਾਗਰਿਕਾਂ ਨੂੰ ਲੋਕਤੰਤਰ ਦੇ ਸਭ ਤੋਂ ਵੱਡੇ ਅਧਿਕਾਰ ਤੋਂ ਦੂਰ ਕੀਤਾ ਜਾ ਰਿਹਾ ਹੈ।

ਇਸ ਮਾਮਲੇ ਵਿੱਚ ਸਭ ਤੋਂ ਵੱਧ ਧਿਆਨ ਖਿੱਚਣ ਵਾਲੀ ਗੱਲ ਇਹ ਹੈ ਕਿ ਸੰਯੁਕਤ ਰਾਸ਼ਟਰ ਵੱਲੋਂ ਦਿੱਤੀ ਗਈ 60 ਦਿਨਾਂ ਦੀ ਮੋਹਲਤ ਖ਼ਤਮ ਹੋਣ ਦੇ ਬਾਵਜੂਦ, ਭਾਰਤ ਸਰਕਾਰ ਜਾਂ ਚੋਣ ਕਮਿਸ਼ਨ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਅਤੇ ਤਸੱਲੀਬਖ਼ਸ਼ ਜਵਾਬ ਜਨਤਕ ਨਹੀਂ ਕੀਤਾ ਗਿਆ ਹੈ। ਸੰਯੁਕਤ ਰਾਸ਼ਟਰ ਦੇ ਮਾਹਰਾਂ ਵੱਲੋਂ ਉਠਾਏ ਗਏ ਇਨ੍ਹਾਂ ਗੰਭੀਰ ਸਵਾਲਾਂ ਨੇ ਕੌਮਾਂਤਰੀ ਪੱਧਰ 'ਤੇ ਭਾਰਤੀ ਲੋਕਤੰਤਰ ਦੀ ਪਾਰਦਰਸ਼ਤਾ ਅਤੇ ਚੋਣ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਨਵੀਂ ਬਹਿਸ ਛੇੜ ਦਿੱਤੀ ਹੈ।

ਦੇਸ਼ ਦੀਆਂ ਕਈ ਮਨੁੱਖੀ ਅਧਿਕਾਰ ਜਥੇਬੰਦੀਆਂ, ਸਮਾਜਿਕ ਕਾਰਕੁੰਨਾਂ ਅਤੇ ਵਿਰੋਧੀ ਧਿਰਾਂ ਨੇ ਵੀ ਇਸ ਮੁੱਦੇ 'ਤੇ ਚੋਣ ਕਮਿਸ਼ਨ ਨੂੰ ਘੇਰਿਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਦੀ ਵਰਤੋਂ ਬਿਨਾਂ ਕਿਸੇ ਪੁਖ਼ਤਾ ਮਨੁੱਖੀ ਨਿਗਰਾਨੀ (Human Oversight) ਤੋਂ ਕਰਨਾ ਬੇਹੱਦ ਖ਼ਤਰਨਾਕ ਸਾਬਤ ਹੋ ਰਿਹਾ ਹੈ। ਤਕਨੀਕੀ ਮਾਹਰਾਂ ਅਨੁਸਾਰ, ਅਜਿਹੇ ਸਾਫਟਵੇਅਰ ਕਈ ਵਾਰ ਪੱਖਪਾਤੀ ਡੇਟਾਸੈੱਟ ਜਾਂ ਐਲਗੋਰਿਦਮ 'ਤੇ ਕੰਮ ਕਰਦੇ ਹਨ, ਜੋ ਕਿਸੇ ਖ਼ਾਸ ਭਾਈਚਾਰੇ, ਨਾਮ ਜਾਂ ਪਿਛੋਕੜ ਵਾਲੇ ਲੋਕਾਂ ਨੂੰ ਆਟੋਮੈਟਿਕ ਤੌਰ 'ਤੇ ਸ਼ੱਕੀ ਮੰਨ ਕੇ ਸਿਸਟਮ ਵਿੱਚੋਂ ਬਾਹਰ ਕਰ ਦਿੰਦੇ ਹਨ।

ਵਿਰੋਧੀ ਪਾਰਟੀਆਂ ਨੇ ਚੋਣ ਕਮਿਸ਼ਨ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਜਦੋਂ ਤੱਕ ਇਸ ਪੂਰੀ ਪ੍ਰਕਿਰਿਆ ਦੀ ਕਿਸੇ ਸੁਤੰਤਰ ਏਜੰਸੀ ਤੋਂ ਨਿਰਪੱਖ ਜਾਂਚ ਨਹੀਂ ਹੋ ਜਾਂਦੀ, ਉਦੋਂ ਤੱਕ 'ਵਿਸ਼ੇਸ਼ ਸੁਧਾਈ' (SIR) ਮੁਹਿੰਮ ਨੂੰ ਤੁਰੰਤ ਪ੍ਰਭਾਵ ਨਾਲ ਰੋਕ ਦਿੱਤਾ ਜਾਵੇ। ਬੁੱਧੀਜੀਵੀਆਂ ਦਾ ਤਰਕ ਹੈ ਕਿ ਜੇਕਰ ਵੋਟਰ ਸੂਚੀਆਂ ਵਿੱਚੋਂ ਗਲਤ ਤਰੀਕੇ ਨਾਲ ਕੱਟੇ ਗਏ ਨਾਵਾਂ ਨੂੰ ਮੁੜ ਬਹਾਲ ਨਾ ਕੀਤਾ ਗਿਆ, ਤਾਂ ਆਉਣ ਵਾਲੀਆਂ ਚੋਣਾਂ ਦੇ ਨਤੀਜਿਆਂ ਦੀ ਭਰੋਸੇਯੋਗਤਾ 'ਤੇ ਗੰਭੀਰ ਸਵਾਲੀਆ ਨਿਸ਼ਾਨ ਲੱਗ ਸਕਦਾ ਹੈ। ਵੋਟ ਪਾਉਣਾ ਹਰ ਭਾਰਤੀ ਨਾਗਰਿਕ ਦਾ ਬੁਨਿਆਦੀ ਸੰਵਿਧਾਨਕ ਹੱਕ ਹੈ, ਅਤੇ ਇਸ ਅਧਿਕਾਰ ਨੂੰ ਮਹਿਜ਼ ਤਕਨੀਕੀ ਖਾਮੀਆਂ ਜਾਂ ਕਥਿਤ ਸਿਆਸੀ ਮੰਤਵਾਂ ਦੀ ਭੇਂਟ ਨਹੀਂ ਚੜ੍ਹਨ ਦਿੱਤਾ ਜਾਣਾ ਚਾਹੀਦਾ। ਜੇਕਰ ਇਸ ਮੁੱਦੇ ਨੂੰ ਜਲਦ ਨਾ ਸੁਲਝਾਇਆ ਗਿਆ, ਤਾਂ ਇਹ ਘੱਟ-ਗਿਣਤੀਆਂ ਦੇ ਵਿਸ਼ਵਾਸ ਨੂੰ ਸੱਟ ਮਾਰਨ ਵਾਲਾ ਕਦਮ ਸਾਬਤ ਹੋਵੇਗਾ।

# ਸਰਕਾਰ ਵੱਲੋਂ ਮੁੱਖ ਮੰਗਾਂ ਹੱਲ ਕੀਤੇ ਜਾਣ ਤੋਂ ਬਾਅਦ ਪੀ.ਐੱਸ.ਪੀ.ਸੀ.ਐੱਲ. ਯੂਨੀਅਨਾਂ ਅਤੇ ਆਮ ਆਦਮੀ ਕਲੀਨਿਕਾਂ ਦੇ ਅਮਲੇ ਨੇ ਹੜਤਾਲ ਵਾਪਸ ਲਈ, ਕੰਮ ਮੁੜ ਸ਼ੁਰੂ ਕੀਤਾ: ਹਰਪਾਲ ਸਿੰਘ ਚੀਮਾ

**➢ ਸਰਕਾਰ ਨੇ ਬਿਜਲੀ ਖੇਤਰ ਦੇ ਕਰਮਚਾਰੀਆਂ ਲਈ ਵਿੱਤੀ ਕਮੇਟੀ ਦਾ ਕੀਤਾ ਗਠਨ, 15 ਅਗਸਤ ਤੱਕ ਸੌਂਪੀ ਜਾਵੇਗੀ ਰਿਪੋਰਟ ➢ ਪੰਜਾਬ ਸਰਕਾਰ ਵੱਲੋਂ ਮੁੱਖ ਮੰਗ ਮੰਨੇ ਜਾਣ ਤੋਂ ਬਾਅਦ ਆਮ ਆਦਮੀ ਕਲੀਨਿਕ ਪੂਰੀ ਤਰ੍ਹਾਂ ਕਾਰਜਸ਼ੀਲ ➢ ਆਊਟਸੋਰਸ ਅਮਲੇ ਨੂੰ ਠੇਕੇ 'ਤੇ ਲਿਆਉਣ ਲਈ ਆਰਡੀਨੈਂਸ ਰਾਜਪਾਲ ਨੂੰ ਭੇਜਿਆ: ਹਰਪਾਲ ਸਿੰਘ ਚੀਮਾ**

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਰ ਵਿੱਚ ਜਨਤਕ ਸੇਵਾਵਾਂ ਲਈ ਇੱਕ ਵੱਡੀ ਸਫਲਤਾ ਦਰਜ ਕਰਦਿਆਂ, ਸੂਬੇ ਦੇ ਵਿੱਤ ਮੰਤਰੀ ਅਤੇ ਮੁਲਾਜ਼ਮਾਂ ਦੇ ਮੁੱਦਿਆਂ ਤੇ ਮੰਗਾਂ ਬਾਰੇ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਦੀਆਂ 16 ਯੂਨੀਅਨਾਂ ਅਤੇ ਆਮ ਆਦਮੀ ਕਲੀਨਿਕਾਂ (ਏ.ਏ.ਸੀ.) ਦੀ ਸਟਾਫ ਯੂਨੀਅਨ ਨੇ ਅਧਿਕਾਰਤ ਤੌਰ 'ਤੇ ਆਪਣੀ ਹੜਤਾਲ ਵਾਪਸ ਲੈ ਲਈ ਹੈ ਅਤੇ ਕੰਮ 'ਤੇ ਪਰਤ ਆਏ ਹਨ। ਉਨ੍ਹਾਂ ਦੱਸਿਆ ਕਿ ਇਹ ਫੈਸਲਾ ਪਿਛਲੇ ਦੋ ਦਿਨਾਂ ਦੌਰਾਨ ਸੂਬਾ ਸਰਕਾਰ ਦੀ ਅਗਵਾਈ ਹੇਠ ਹੋਈਆਂ ਲੰਬੇ ਵਿਚਾਰ-ਵਟਾਂਦਰਿਆਂ ਤੋਂ ਬਾਅਦ ਲਿਆ ਗਿਆ ਹੈ, ਜਿਸ ਵਿੱਚ ਸਿਹਤ ਅਮਲੇ ਦੀਆਂ ਮੁੱਖ ਮੰਗਾਂ ਮੰਨਣ ਅਤੇ ਬਿਜਲੀ ਖੇਤਰ ਦੇ ਕਰਮਚਾਰੀਆਂ ਲਈ ਇੱਕ ਵਿਸ਼ੇਸ਼ ਵਿੱਤੀ ਕਮੇਟੀ ਬਣਾਉਣ ਸਮੇਤ ਪ੍ਰਮੁੱਖ ਮੁੱਦਿਆਂ ਦਾ



ਸਫਲਤਾਪੂਰਵਕ ਹੱਲ ਕੀਤਾ ਗਿਆ ਹੈ।

ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਪਟਿਆਲਾ ਹੈੱਡ ਆਫਿਸ ਵਿਖੇ ਮੇਰੀ ਪ੍ਰਧਾਨਗੀ ਹੇਠ ਹੋਈ ਪੰਜ ਘੰਟੇ ਦੀ ਲੰਬੀ ਮੀਟਿੰਗ ਅਤੇ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਨਾਲ ਦੇਰ ਰਾਤ ਤੱਕ ਯੂਨੀਅਨ ਦੀ ਚੱਲੀ ਚਰਚਾ ਤੋਂ ਬਾਅਦ, ਬਿਜਲੀ ਖੇਤਰ ਦੀਆਂ ਸਾਰੀਆਂ 16 ਯੂਨੀਅਨਾਂ ਨਾਲ ਆਪਸੀ ਸਹਿਮਤੀ ਬਣ ਗਈ ਹੈ।

ਉਨ੍ਹਾਂ ਦੱਸਿਆ ਕਿ ਪ੍ਰਮੁੱਖ ਹਿੱਸਾ ਲੈਣ ਵਾਲਿਆਂ ਯੂਨੀਅਨਾਂ, ਜਿਨ੍ਹਾਂ ਵਿੱਚ ਟੈਕਨੀਕਲ ਸਰਵਿਸਿਜ਼ ਯੂਨੀਅਨ ਪੀ.ਐੱਸ.ਈ.ਬੀ., ਪੀ.ਐੱਸ.ਈ.ਬੀ. ਇੰਪਲਾਇਜ਼ ਫੈਡਰੇਸ਼ਨ ਏ.ਆਈ.ਟੀ.ਯੂ.ਸੀ., ਮਿਨਿਸਟੀਰੀਅਲ ਸਰਵਿਸਿਜ਼ ਯੂਨੀਅਨ ਪੀ.ਐੱਸ.ਈ.ਬੀ. (ਐੱਮ.ਐੱਸ.ਯੂ.), ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰਜ਼, ਪੀ.ਐੱਸ.ਈ.ਬੀ. ਇੰਪਲਾਇਜ਼ ਫੈਡਰੇਸ਼ਨ (ਭਾਰਦਵਾਜ), ਪੀ.ਐੱਸ.ਈ.ਬੀ. ਥਰਮਲ ਇੰਪਲਾਇਜ਼ ਕੋਆਰਡੀਨੇਸ਼ਨ ਕਮੇਟੀ, ਪੀ.ਐੱਸ.ਈ.ਬੀ. ਕਰਮਚਾਰੀ ਦਲ ਪੰਜਾਬ, ਇੰਪਲਾਇਜ਼ ਫੈਡਰੇਸ਼ਨ ਪੀ.ਐੱਸ.ਈ.ਬੀ., ਪੰਜਾਬ ਰਾਜ ਬਿਜਲੀ ਮਜ਼ਦੂਰ ਸੰਘ (ਬੀ.ਐੱਮ.ਐੱਸ.), ਵਰਕਰ ਫੈਡਰੇਸ਼ਨ ਆਈ.ਐੱਨ.ਟੀ.ਯੂ.ਸੀ. ਪੀ.ਐੱਸ.ਪੀ.ਸੀ.ਐੱਲ./ਪੀ.ਐੱਸ.ਟੀ.ਸੀ.ਐੱਲ., ਇੰਪਲਾਇਜ਼ ਫੈਡਰੇਸ਼ਨ ਪੀ.ਐੱਸ.ਪੀ.ਸੀ.ਐੱਲ./ਪੀ.ਐੱਸ.ਟੀ.ਸੀ.ਐੱਲ. (ਪਹਿਲਵਾਨ ਗਰੁੱਪ), ਇੰਪਲਾਇਜ਼ ਫੈਡਰੇਸ਼ਨ ਪੀ.ਐੱਸ.ਪੀ.ਸੀ.ਐੱਲ./ਪੀ.ਐੱਸ.ਟੀ.ਸੀ.ਐੱਲ. (ਚਾਹਲ ਗਰੁੱਪ), ਆਈ.ਟੀ.ਆਈ. ਐਸੋਸੀਏਸ਼ਨ, ਗ੍ਰਿਡ ਸਬ ਸਟੇਸ਼ਨ ਇੰਪਲਾਇਜ਼ ਯੂਨੀਅਨ ਪੰਜਾਬ (ਰਜਿ.), ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ (ਏ.ਆਈ.ਟੀ.ਯੂ.ਸੀ.), ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ (ਪਹਿਲਵਾਨ), ਮੁਲਾਜ਼ਮ ਯੂਨਾਈਟਿਡ ਆਰਗੇਨਾਈਜ਼ੇਸ਼ਨ ਆਦਿ ਸ਼ਾਮਲ ਹਨ, ਨੇ ਕੰਮਕਾਜ ਆਮ ਵਾਂਗ ਸ਼ੁਰੂ ਕਰਨ 'ਤੇ ਸਹਿਮਤੀ ਪ੍ਰਗਟਾਈ ਹੈ। ਉਨ੍ਹਾਂ ਅੱਗੇ ਕਿਹਾ, ਯੂਨੀਅਨ ਦੀਆਂ ਮੰਗਾਂ ਦੇ ਵਿੱਤੀ ਪੱਖਾਂ ਦੇ ਹੱਲ ਲਈ ਸਰਕਾਰ ਨੇ ਇੱਕ ਵਿਸ਼ੇਸ਼ ਵਿੱਤੀ ਕਮੇਟੀ ਦਾ ਗਠਨ ਕੀਤਾ ਹੈ ਜੋ 15 ਅਗਸਤ ਤੱਕ ਆਪਣੀ ਅੰਤਿਮ ਰਿਪੋਰਟ ਸੌਂਪੇਗੀ।

ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਆਮ ਆਦਮੀ ਕਲੀਨਿਕ (ਏ.ਏ.ਸੀ.) ਯੂਨੀਅਨ ਦੇ ਨੁਮਾਇੰਦਿਆਂ ਅਤੇ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ.) ਦੇ ਮੈਨੇਜਿੰਗ ਡਾਇਰੈਕਟਰ ਵਿਚਕਾਰ ਹੋਈ ਮੀਟਿੰਗ ਤੋਂ ਬਾਅਦ ਸਿਹਤ ਖੇਤਰ ਨਾਲ ਸਬੰਧਤ ਮੁੱਦਿਆਂ ਵੀ ਹੱਲ ਹੋ ਗਿਆ ਹੈ। ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਸੂਬਾ ਸਰਕਾਰ ਨੇ ਰੈਗੂਲਰ ਪੋਸਟਾਂ ਭਰਨ ਸਮੇਂ ਯੂਨੀਅਨ ਦੀ ਸਰਵਿਸ ਤਜਰਬੇ ਨੂੰ ਸ਼ਾਮਲ ਕਰਨ ਦੀ ਮੁੱਖ ਮੰਗ ਮੰਨ ਲਈ ਹੈ, ਜਦੋਂ ਕਿ ਬਾਕੀ ਪ੍ਰਸ਼ਾਸਕੀ ਮੰਗਾਂ 'ਤੇ ਸਰਗਰਮੀ ਨਾਲ ਵਿਚਾਰ ਕੀਤਾ ਜਾ ਰਿਹਾ ਹੈ।

ਵਿੱਤ ਮੰਤਰੀ ਨੇ ਸਫਾਈ ਅਤੇ ਸੀਵਰੇਜ ਬੋਰਡ ਦੇ ਕਰਮਚਾਰੀਆਂ ਨਾਲ ਸਬੰਧਤ ਮਾਮਲੇ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਉਨ੍ਹਾਂ ਨਾਲ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਹੋਈ ਚਰਚਾ ਤੋਂ ਬਾਅਦ ਪ੍ਰਮੁੱਖ ਯੂਨੀਅਨਾਂ ਨੇ ਆਪਣਾ ਹੜਤਾਲ ਦਾ ਸੱਦਾ ਵਾਪਸ ਲੈ ਲਿਆ ਹੈ।

ਪੰਜਾਬ ਸਰਕਾਰ ਦੇ ਪਹਿਲਕਦਮੀ ਵਾਲੇ ਰਵੱਈਏ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਆਊਟਸੋਰਸ ਅਮਲੇ ਨੂੰ ਠੇਕੇ 'ਤੇ ਲਿਆਉਣ ਲਈ ਇੱਕ ਆਰਡੀਨੈਂਸ ਰਾਜਪਾਲ ਨੂੰ ਭੇਜਿਆ ਗਿਆ ਹੈ, ਜਿਸ ਨਾਲ ਸੂਬੇ ਭਰ ਦੇ ਹਜ਼ਾਰਾਂ ਕਰਮਚਾਰੀਆਂ ਲਈ ਬਿਹਤਰ ਨੌਕਰੀ ਦੀ ਸੁਰੱਖਿਆ ਅਤੇ ਸੇਵਾ ਸ਼ਰਤਾਂ ਦਾ ਰਾਹ ਪੱਧਰਾ ਹੋਵੇਗਾ।

ਬਿਜਲੀ ਸਪਲਾਈ ਅਤੇ ਸਿਹਤ ਸੰਭਾਲ ਵਿੱਚ ਹੁਣ ਆਮ ਕੰਮਕਾਜ ਪੂਰੀ ਤਰ੍ਹਾਂ ਬਹਾਲ ਹੋਣ ਦੇ ਨਾਲ, ਵਿੱਤ ਮੰਤਰੀ ਨੇ ਪੰਜਾਬ ਦੇ ਲੋਕਾਂ ਲਈ ਨਿਰਵਿਘਨ ਸੇਵਾਵਾਂ ਯਕੀਨੀ ਬਣਾਉਂਦੇ ਹੋਏ ਕਰਮਚਾਰੀਆਂ ਦੀ ਭਲਾਈ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

## ਸਮਾਜ ਸੇਵੀ ਸੰਸਥਾਵਾਂ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਲੋਕ ਭਲਾਈ 'ਚ ਪਾ ਰਹੀਆਂ ਨੇ ਅਹਿਮ ਯੋਗਦਾਨ : ਬਾਲ ਮੁਕੰਦ ਸ਼ਰਮਾ



**ਜਲੰਧਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਅੱਜ ਪਿੰਡ ਟੁਰਨਾ ਵਿਖੇ 'ਮੇਰਾ ਪਿੰਡ 360 ਸੈਂਟਰ' ਦੀ ਸ਼ੁਰੂਆਤ ਮੌਕੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਸਮਾਜ ਭਲਾਈ ਲਈ ਸ਼ਲਾਘਾਯੋਗ ਭੂਮਿਕਾ ਨਿਭਾਈ ਜਾ ਰਹੀ ਹੈ।

ਸ੍ਰੀ ਸ਼ਰਮਾ ਨੇ ਦੱਸਿਆ ਕਿ ਸੰਸਥਾ ਵੱਲੋਂ ਪਿੰਡ ਦੇ ਜੰਮਪਲ ਪਰਿਵਾਰ ਦੇ ਸਹਿਯੋਗ ਨਾਲ ਕੀਤੇ ਗਏ ਇਸ ਉਪਰਾਲੇ ਤਹਿਤ ਪਿੰਡ ਵਿੱਚ ਲਾਇਬ੍ਰੇਰੀ ਖੋਲ੍ਹੀ ਜਾਵੇਗੀ, ਜਿਸ ਦੇ ਲਈ ਕਿਤਾਬਾਂ ਪਹਿਲਾਂ ਹੀ ਪਹੁੰਚ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਦੀ ਸਹੂਲਤ ਨਾਲ ਨੌਜਵਾਨਾਂ ਵਿੱਚ ਪੜ੍ਹਨ ਦੀ ਰੁਚੀ ਵਧੇਗੀ ਅਤੇ ਉਹ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਵੀ ਦੂਰ ਰਹਿਣ ਲਈ ਪ੍ਰੇਰਿਤ ਹੋਣਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ ਦੇ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵਿੱਚ ਲਾਉਣਾ ਸਮੇਂ ਦੀ ਮੁੱਖ ਲੋੜ ਹੈ, ਜਿਸ ਵਿੱਚ ਇਹ ਲਾਇਬ੍ਰੇਰੀ ਮਦਦਗਾਰ ਸਾਬਿਤ ਹੋਵੇਗੀ। ਇਸ ਮੌਕੇ ਐਸ.ਡੀ.ਐਮ. ਸ਼ਾਹਕੋਟ ਆਦਿਤਿਆ ਗੁਪਤਾ ਵੀ ਮੌਜੂਦ ਸਨ।

ਉਨ੍ਹਾਂ ਦੱਸਿਆ ਕਿ ਪਿੰਡ ਦੇ ਹਾਂਡਾ ਪਰਿਵਾਰ ਦੀ ਸਵਰਗੀ ਹਾਂਡਾ ਪਤਨੀ ਆਜ਼ਾਦ ਐਸ. ਹਾਂਡਾ (ਆਸਟ੍ਰੇਲੀਆ) ਦੇ ਪਰਿਵਾਰ ਵੱਲੋਂ 'ਮੇਰਾ ਪਿੰਡ 360 ਫਾਊਂਡੇਸ਼ਨ' ਨੂੰ ਆਪਣਾ ਜੱਦੀ ਘਰ ਸਮਾਜ ਸੇਵੀ ਕਾਰਜਾਂ ਲਈ ਦਿੱਤਾ ਗਿਆ ਹੈ। ਉਨ੍ਹਾਂ ਸੰਸਥਾ ਦੇ ਫਾਊਂਡਰ ਭੁਪਿੰਦਰ ਸਿੰਘ ਹੁੰਦਲ ਵੱਲੋਂ ਸਮਾਜ ਸੇਵਾ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਸ੍ਰੀ ਸ਼ਰਮਾ ਨੇ ਸਮਾਜ ਦੇ ਹੋਰਨਾਂ ਲੋਕਾਂ ਅਤੇ ਸੰਸਥਾਵਾਂ ਨੂੰ ਵੀ ਸਮਾਜ ਸੇਵਾ ਲਈ ਅੱਗੇ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਿੱਖਿਆ, ਸਿਹਤ, ਨੌਜਵਾਨਾਂ ਦੀ ਭਲਾਈ ਅਤੇ ਹੋਰ ਲੋਕ-ਭਲਾਈ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਸਕਦਾ ਹੈ।

ਇਸ ਮੌਕੇ ਇਲਾਕੇ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

# ਇੱਕ ਮਹੀਨਾ ਬੀਤਣ ਮਗਰੋਂ ਵੀ ਬੇਅਦਬੀ ਕਾਨੂੰਨ 'ਤੇ ਸਰਕਾਰ ਦੀ ਚੁੱਪੀ ਹਾਕਮਾਂ ਦੀ ਹਉਮੈ ਦਾ ਪ੍ਰਤੀਕ : ਜਥੇਦਾਰ ਕੁਲਦੀਪ ਸਿੰਘ ਗੜਗੱਜ

**ਅੰਮ੍ਰਿਤਸਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਬੇਅਦਬੀ ਨਾਲ ਸੰਬੰਧਤ ਕਾਨੂੰਨ ਦੀਆਂ ਇਤਰਾਜਯੋਗ ਮਦਾਂ ਵਿੱਚ ਲੋੜੀਂਦੇ ਬਦਲਾਅ ਕਰਨ ਲਈ ਪੰਜਾਬ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦਿੱਤਾ ਗਿਆ ਇੱਕ ਮਹੀਨੇ ਦਾ ਸਮਾਂ ਅੱਜ ਪੂਰਾ ਹੋ ਗਿਆ ਹੈ, ਪਰੰਤੂ ਸੂਬਾ ਸਰਕਾਰ ਵੱਲੋਂ ਇਸ ਮਾਮਲੇ ਸਬੰਧੀ ਮੁੜ ਕੋਈ ਰਾਬਤਾ ਨਾ ਕਰਨਾ ਹਾਕਮਾਂ ਦੀ ਹਉਮੈ ਅਤੇ ਸਿੱਖ ਭਾਵਨਾਵਾਂ ਪ੍ਰਤੀ ਗੰਭੀਰਤਾ ਦੀ ਘਾਟ ਨੂੰ ਦਰਸਾਉਂਦਾ ਹੈ।

ਇਹ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਰੀ ਪੀਰੀ ਖਾਲਸਾ ਮਾਰਚ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ, ਗੁਰੂ ਦੀ ਗੋਲਕ ਅਤੇ ਸਿੱਖੀ ਦੇ ਸਿਧਾਂਤ ਸਰਵਉੱਚ ਹਨ। ਇਨ੍ਹਾਂ ਪਵਿੱਤਰ ਸਿਧਾਂਤਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਕਾਨੂੰਨੀ ਵਿਵਸਥਾਵਾਂ ਨੂੰ ਸਿੱਖ ਪੰਥ ਕਦੇ ਸਵੀਕਾਰ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਰਕਾਰ ਨੂੰ ਇਤਰਾਜਯੋਗ ਮਦਾਂ ਵਿੱਚ ਸੋਧ ਕਰਨ ਲਈ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਪਰ ਇਸ ਮਾਮਲੇ ਵਿੱਚ ਸਰਕਾਰ ਦੀ ਚੁੱਪੀ ਚਿੰਤਾਜਨਕ ਹੈ।

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਪੱਸ਼ਟ ਕੀਤਾ ਕਿ ਗੁਰੂ ਦੀ ਗੋਲਕ, ਸਿੱਖ ਸੰਸਥਾਵਾਂ ਅਤੇ ਸਿੱਖੀ ਦੇ ਮੂਲ ਸਿਧਾਂਤਾਂ ਨੂੰ ਚੁਣੌਤੀ ਦੇਣ ਵਾਲੇ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਵਿਅਕਤੀਆਂ ਨੂੰ ਸਿੱਖ ਕੌਮ ਕਦੇ ਮੁਆਫ਼ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਸਿੱਖ ਪੰਥ ਹਮੇਸ਼ਾ ਗੁਰੂ ਘਰ ਦੀ ਮਰਯਾਦਾ, ਸਿਧਾਂਤਾਂ ਅਤੇ ਕੌਮੀ ਸੰਸਥਾਵਾਂ ਦੀ ਰੱਖਿਆ ਲਈ ਵਚਨਬੱਧ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਹਰ ਪੱਧਰ 'ਤੇ ਸੰਘਰਸ਼ ਲਈ ਤਿਆਰ ਹੈ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਬੇਅਦਬੀ ਕਾਨੂੰਨ ਦੀਆਂ ਇਤਰਾਜਯੋਗ ਮਦਾਂ ਵਿੱਚ ਤੁਰੰਤ ਲੋੜੀਂਦੀਆਂ ਸੋਧਾਂ ਕਰਨ ਲਈ ਆਖਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਰਾਬਤਾ ਸਥਾਪਿਤ ਕਰਕੇ ਇਸ ਸੰਵੇਦਨਸ਼ੀਲ ਮਾਮਲੇ ਦਾ ਹੱਲ ਕੱਢੇ ਦੀ ਤਾਕੀਦ ਕੀਤੀ।

ਇਸ ਤੋਂ ਪਹਿਲਾਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਰੀ ਪੀਰੀ ਖ਼ਾਲਸਾ ਮਾਰਚ ਦੇ ਪੰਜਵੇਂ ਦਿਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਡੇਰਾ ਕਾਰ ਸੇਵਾ ਧਰਮਕੋਟ (ਮੋਗਾ) ਤੋਂ ਅਗਲੇ ਪੜਾਅ ਗੁਰਦੁਆਰਾ ਤਖ਼ਤੂਪੁਰਾ ਸਾਹਿਬ (ਮੋਗਾ) ਲਈ ਰਵਾਨਾ ਹੋਣ ਸਮੇਂ ਵੀ ਸੰਗਤ ਨੂੰ ਸੰਬੋਧਨ ਕੀਤਾ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਬਉੱਚ ਸੰਸਥਾ ਹੈ, ਜੋ ਕਿਸੇ ਸਰਕਾਰ ਜਾਂ ਸਮੇਂ ਦੇ ਪ੍ਰਭਾਵ ਹੇਠ ਨਹੀਂ। ਉਨ੍ਹਾਂ ਕਿਹਾ ਕਿ ਗੁਰੂ ਬਖ਼ਸ਼ਿਸ਼ ਸਦਕਾ ਸਿੱਖਾਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਹਮੇਸ਼ਾਂ ਆਪਣੇ ਧਾਰਮਿਕ ਸਮਾਜਿਕ ਤੇ ਪੰਥਕ ਫੈਸਲੇ ਕੀਤੇ ਹਨ। ਮੁਗ਼ਲ ਹਕੂਮਤ ਤੋਂ ਲੈ ਕੇ ਅੰਗਰੇਜ਼ ਰਾਜ ਅਤੇ ਅੱਜ ਤੱਕ ਹਕੂਮਤਾਂ ਨੇ ਸਿੱਖ ਸੰਸਥਾਵਾਂ ਅਤੇ ਪ੍ਰੰਪਰਾਵਾਂ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ, ਪਰ ਪੰਥ ਨੇ ਕਦੇ ਕਾਮਯਾਬ ਨਹੀਂ ਹੋਣ ਦਿੱਤੇ। ਸਿੱਖਾਂ ਨੇ ਗੁਰੂ ਦੀ ਕਿਰਪਾ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਸਿੱਖ ਸੰਸਥਾਵਾਂ ਤੇ ਪੰਥਕ ਮਰਯਾਦਾ ਨੂੰ ਹਮੇਸ਼ਾ ਕਾਇਮ ਰੱਖਣ ਲਈ ਅਹਿਮ ਭੂਮਿਕਾ ਨਿਭਾਈ।

ਉਨ੍ਹਾਂ ਕਿਹਾ ਕਿ ਅੱਜ ਵੀ ਪੰਥ ਵਿਰੋਧੀ ਕੁਝ ਤਾਕਤਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ਼੍ਰੋਮਣੀ ਕਮੇਟੀ ਦੀ ਮਾਣ-ਮਰਯਾਦਾ ਨੂੰ ਠੇਸ ਪਹੁੰਚਾਉਣ ਦੇ ਨਾਲ-ਨਾਲ ਸਿੱਖਾਂ ਨੂੰ



ਗੁਰੂ ਸ਼ਬਦ ਨਾਲੋਂ ਤੋੜਨ ਅਤੇ ਪੰਥਕ ਏਕਤਾ ਨੂੰ ਕਮਜ਼ੋਰ ਕਰਨ ਦੇ ਯਤਨ ਹੋ ਰਹੇ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਮੀਰੀ ਪੀਰੀ ਖ਼ਾਲਸਾ ਮਾਰਚ ਦਾ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰਬਸਾਂਝੇ ਸੰਦੇਸ਼, ਸਿੱਖੀ ਦੇ ਸਿਧਾਂਤਾਂ, ਪੰਥਕ ਏਕਤਾ ਅਤੇ ਨੌਜੁਆਨ ਪੀੜ੍ਹੀ ਨੂੰ ਗੁਰੂ ਨਾਲ ਜੋੜਨ ਦਾ ਹੈ। ਇਸੇ ਤਹਿਤ ਚਲਦਾ ਵਹੀਰ ਧਰਮ ਪ੍ਰਚਾਰ ਲਹਿਰ ਤਹਿਤ ਹਰ ਹਲਕੇ ਅੰਦਰ ਗੁਰਮਤਿ ਸਮਾਗਮ ਵੀ ਕਰਵਾਏ ਜਾਣਗੇ।

ਖ਼ਾਲਸਾ ਮਾਰਚ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਹੋਇਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ।

ਆਰੰਭਤਾ ਸਮੇਂ ਅਰਦਾਸ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਮੀਰੀ ਪੀਰੀ ਖਾਲਸਾ ਮਾਰਚ ਦਾ ਧਰਮਕੋਟ ਸ਼ਹਿਰ, ਜਲਾਲਾਬਾਦ, ਚੀਮਾ, ਕੋਟ ਈਸੇ ਖਾਂ, ਗਗੜ੍ਹਾ, ਜਨੇਰ, ਲੁਹਾਰਾ, ਲੁਹਾਰਾ ਚੌਂਕ, ਲੰਢੇ ਕੇ, ਬੱਸ ਸਟੈਂਡ ਰੋਡ ਮੋਗਾ, ਮੇਨ ਬਜ਼ਾਰ ਚੌਂਕ, ਬਘੀਪੁਰਾ ਚੌਂਕ, ਬੁੱਘੀਪੁਰਾ ਚੌਂਕ, ਡਾਲਾ, ਬੁੱਟਰ ਕਲਾ, ਬੱਧਨੀ ਕਲਾਂ, ਬੌਂਡੇ, ਲੁਹਾਰਾ, ਬਿਲਾਸਪੁਰ ਵਿਖੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਗਈ।

ਖ਼ਾਲਸਾ ਮਾਰਚ ਦਾ ਅੱਜ ਰਾਤ ਦਾ ਪੜਾਅ ਗੁਰਦੁਆਰਾ ਤਖ਼ਤੂਪੁਰਾ ਸਾਹਿਬ ਮੋਗਾ ਵਿਖੇ ਹੋਵੇਗਾ, ਜਿਥੋਂ ਭਲਕੇ ਅਗਲੇ ਪੜਾਅ ਲਈ ਰਵਾਨਾ ਹੋਵੇਗਾ। ਖ਼ਾਲਸਾ ਮਾਰਚ ਨਾਲ ਚੱਲ ਰਹੀ ਗੁਰੂ ਸਾਹਿਬਾਨ ਅਤੇ ਸ਼ਹੀਦ ਸਿੰਘਾਂ ਦੇ ਸ਼ਸ਼ਤਰਾਂ ਵਾਲੀ ਬੱਸ ਅਤੇ ਵੱਖ-ਵੱਖ ਗੱਡੀਆਂ 'ਤੇ ਲਗਾਏ ਗਏ ਸ਼ਹੀਦ ਸਿੰਘਾਂ ਦੇ ਸਚਿੱਤਰ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਹਲਕਾ ਇੰਚਾਰਜ ਸ. ਬਰਜਿੰਦਰ ਸਿੰਘ ਮੱਖਣ ਬਰਾੜ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਸ. ਗੁਰਮੀਤ ਸਿੰਘ ਬੂਹ, ਸ. ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਮੰਗਾ ਸਿੰਘ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਹਰਜਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਗੁਰਨਾਮ ਸਿੰਘ, ਇੰਚਾਰਜ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਨਰਿੰਦਰ ਸਿੰਘ, ਸ. ਜਸਬੀਰ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਇੰਚਾਰਜ ਭਾਈ ਭੋਲਾ ਸਿੰਘ, ਸਾਬਕਾ ਚੇਅਰਮੈਨ ਸ. ਸੁਖਵਿੰਦਰ ਸਿੰਘ, ਸ. ਗੁਰਮੀਤ ਸਿੰਘ ਗਗੜਾ, ਸ. ਜਸਬੀਰ ਸਿੰਘ ਸੀਰਾ ਖੋਸਾ, ਸ. ਬਾਲਦੀਪ ਸਿੰਘ ਹੈਰੀ, ਸ. ਸੁਰਜੀਤ ਸਿੰਘ ਰਾਮਗੜ੍ਹ, ਸ. ਰਾਜਵਿੰਦਰ ਸਿੰਘ ਗੋਰਾ, ਸ. ਗੁਰਪ੍ਰੀਤ ਸਿੰਘ ਭੁੱਲਰ, ਸ. ਹਰਮੇਲ ਸਿੰਘ ਰਾਜਪੂਤ, ਸ. ਅਮਨ ਸਿੰਘ ਗਾਬਾ, ਸ. ਸੁਰਜੀਤ ਸਿੰਘ ਲੋਹਾਰਾ, ਸ. ਜਸਵੰਤ ਸਿੰਘ ਜੱਸਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਪਿੰਡਾਂ 'ਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ

**ਜਲੰਧਰ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਨਕੋਦਰ, ਕਰਤਾਰਪੁਰ ਅਤੇ ਆਦਮਪੁਰ ਦੇ ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ। ਬੀਤੀ ਸ਼ਾਮ ਸਬ ਡਵੀਜ਼ਨ ਨਕੋਦਰ ਦੇ ਪਿੰਡ ਦਰਗਾਬਾਦ ਤੇ ਬਿੱਲਾ ਨਵਾਬ ਅਤੇ ਸਬ ਡਵੀਜ਼ਨ ਆਦਮਪੁਰ ਦੇ ਪਿੰਡ ਮਲਸੀਆਂ ਤੇ ਮੰਡੇਰ ਤੋਂ ਇਲਾਵਾ ਕਰਤਾਰਪੁਰ ਦੇ ਪਿੰਡ ਜਮਾਲਪੁਰ ਤੇ ਮੁਹੰਮਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਤੇ ਉੱਚ ਆਦਰਸ਼ਾਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਲਈ ਵਿਸ਼ੇਸ਼ ਤੌਰ 'ਤੇ ਤਿਆਰ ਐਲ.ਈ.ਡੀ. ਸਕਰੀਨਾਂ 'ਤੇ ਦਸਤਾਵੇਜ਼ੀ ਫਿਲਮ ਦਿਖਾਈ ਗਈ। ਇਸ ਮੌਕੇ ਵੱਡੀ ਗਿਣਤੀ ਲੋਕਾਂ ਖਾਸ ਕਰ ਨੌਜਵਾਨਾਂ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਸਰਬ ਸਾਂਝੀਵਾਲਤਾ, ਸਮਾਨਤਾ, ਮਨੁੱਖਤਾ ਦੀ ਭਲਾਈ, ਸੱਚ ਅਤੇ ਭਾਈਚਾਰੇ ਦੇ ਸੰਦੇਸ਼ ਤੋਂ ਪ੍ਰੇਰਨਾ ਲੈਂਦਿਆਂ ਗੁਰੂ ਜੀ ਵਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ ਗਿਆ। ਪਿੰਡ ਵਾਸੀਆਂ ਨੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ, ਸਮਾਜਿਕ ਬਰਾਬਰੀ, ਸੇਵਾ ਅਤੇ ਮਿਹਨਤ ਦੇ ਸੰਦੇਸ਼ ਤੋਂ ਜਾਣੂ ਕਰਵਾਉਣ ਲਈ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਪਹਿਲਕਦਮੀ ਸਦਕਾ ਲੋਕਾਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ ਉਤੇ ਚੱਲਣ ਦੀ ਪ੍ਰੇਰਨਾ ਮਿਲੇਗੀ।

# ਸ੍ਰੀ ਚਮਕੌਰ ਸਾਹਿਬ ਹਲਕੇ 'ਚ ਨਹਿਰੀ ਸਿੰਚਾਈ ਨੂੰ ਮਿਲੀ ਨਵੀਂ ਰਫ਼ਤਾਰ

## ਬਰਿੰਦਰ ਕੁਮਾਰ ਗੋਇਲ ਵੱਲੋਂ 26.12 ਕਰੋੜ ਰੁਪਏ ਦੇ ਜਲ ਸਰੋਤ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ

**ਚੰਡੀਗੜ੍ਹ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਪਿੰਡ ਰੁੜਕੀ ਹੀਰਾਂ ਵਿਖੇ ਪੰਜਾਬ ਸਰਕਾਰ ਵੱਲੋਂ ਨਹਿਰੀ ਸਿੰਚਾਈ ਨੂੰ ਮਜ਼ਬੂਤ ਕਰਨ ਲਈ ਕਰਵਾਏ ਗਏ ਅਹਿਮ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਵੱਧ ਤੋਂ ਵੱਧ ਨਹਿਰੀ ਪਾਣੀ ਮੁਹੱਈਆ ਕਰਵਾ ਕੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਇਤਿਹਾਸਕ ਕਦਮ ਚੁੱਕ ਰਹੀ ਹੈ।

ਇਸ ਮੌਕੇ ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਚਮਕੌਰ ਸਾਹਿਬ ਹਲਕੇ ਵਿੱਚ ਸਮਰਾਲਾ ਮੇਜਰ ਨੂੰ ਪੱਕਾ ਕਰਨ, ਅਮਰਾਲਾ ਮਾਈਨਰ ਦੀ ਮੁੜ ਬਹਾਲੀ ਅਤੇ ਅੰਡਰਗਰਾਊਂਡ ਪਾਈਪ ਲਾਈਨਾਂ ਵਿਛਾਉਣ ਵਰਗੇ ਪ੍ਰਾਜੈਕਟਾਂ 'ਤੇ ਕੁੱਲ 26.12 ਕਰੋੜ ਰੁਪਏ ਦੀ ਲਾਗਤ ਆਈ



ਹੈ। ਇਨ੍ਹਾਂ ਪ੍ਰਾਜੈਕਟਾਂ ਨਾਲ ਹਜ਼ਾਰਾਂ ਏਕੜ ਰਕਬੇ ਨੂੰ ਪਹਿਲੀ ਵਾਰ ਜਾਂ ਵਧੇਰੇ ਪੱਧਰ 'ਤੇ ਨਹਿਰੀ ਪਾਣੀ ਦੀ ਸਹੂਲਤ ਪ੍ਰਾਪਤ ਹੋਵੇਗੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਮਰਾਲਾ ਮੇਜਰ ਨੂੰ 7.21 ਕਿਲੋਮੀਟਰ ਲੰਬਾਈ ਤੱਕ ਪੱਕਾ ਕਰਨ ਲਈ 11.74 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਪ੍ਰਾਜੈਕਟ ਨਾਲ 13 ਪਿੰਡਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 2516 ਏਕੜ ਤੋਂ ਵੱਧ ਕੇ 3333 ਏਕੜ ਹੋ ਗਿਆ ਹੈ, ਜਿਸ ਨਾਲ 817 ਏਕੜ ਵਾਧੂ ਜ਼ਮੀਨ ਨੂੰ ਨਹਿਰੀ ਪਾਣੀ ਮਿਲੇਗਾ।

ਉਨ੍ਹਾਂ ਦੱਸਿਆ ਕਿ ਅਮਰਾਲਾ ਮਾਈਨਰ ਨੂੰ 3.35 ਕਿਲੋਮੀਟਰ ਲੰਬਾਈ ਤੱਕ ਪੱਕਾ ਕਰਨ ਲਈ 2.01 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਮੁਕੰਮਲ ਕੀਤਾ ਗਿਆ ਹੈ। ਇਸ ਨਾਲ 4 ਪਿੰਡਾਂ ਨੂੰ ਲਾਭ ਹੋਵੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 1519 ਏਕੜ ਤੋਂ ਵੱਧ ਕੇ 2223 ਏਕੜ ਹੋ ਗਿਆ ਹੈ, ਜਿਸ ਨਾਲ 704 ਏਕੜ ਵਾਧੂ ਜ਼ਮੀਨ ਨਹਿਰੀ ਸਿੰਚਾਈ ਦੇ ਘੇਰੇ ਵਿੱਚ ਆਈ ਹੈ।

ਇਸ ਤੋਂ ਇਲਾਵਾ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਸੁਚੱਜੇ ਢੰਗ ਨਾਲ ਪਹੁੰਚਾਉਣ ਲਈ 10.76 ਕਿਲੋਮੀਟਰ ਲੰਬੀਆਂ ਦੋ ਅੰਡਰਗਰਾਊਂਡ ਪਾਈਪ ਲਾਈਨਾਂ ਵਿਛਾਈਆਂ ਗਈਆਂ ਹਨ, ਜਿਨ੍ਹਾਂ 'ਤੇ 8.95 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਨਾਲ 9 ਪਿੰਡਾਂ ਨੂੰ ਲਾਭ ਮਿਲੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 1698 ਏਕੜ ਤੋਂ ਵੱਧ ਕੇ 2295 ਏਕੜ ਹੋ ਗਿਆ ਹੈ, ਜਿਸ ਨਾਲ 597 ਏਕੜ ਵਾਧੂ ਰਕਬੇ ਨੂੰ ਨਹਿਰੀ ਪਾਣੀ ਮਿਲਣਾ ਯਕੀਨੀ ਬਣਿਆ ਹੈ।

ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 3.42 ਕਰੋੜ ਰੁਪਏ ਦੀ ਲਾਗਤ ਨਾਲ ਸਰਹਿੰਦ ਨਹਿਰ ਦੇ ਨਾਲ ਲੱਗਦੇ ਪਿੰਡ ਝੱਲੀਆਂ, ਖੇੜੀ ਸਲਾਬਤਪੁਰ, ਧੌਲਰਾਂ ਅਤੇ ਭੋਜੇਮਾਜਰਾ ਵਿਖੇ ਲਿਫ਼ਟ ਸਿੰਚਾਈ ਸਕੀਮਾਂ ਸਥਾਪਤ ਕੀਤੀਆਂ ਗਈਆਂ ਹਨ, ਜਿਨ੍ਹਾਂ ਨਾਲ 965 ਏਕੜ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ।

ਉਨ੍ਹਾਂ ਦੱਸਿਆ ਕਿ ਚਮਕੌਰ ਸਾਹਿਬ ਹਲਕੇ ਵਿੱਚ ਕੁੱਲ 40 ਆਰਜ਼ੀ ਮੋਘੇ ਬਣਾਏ ਗਏ ਹਨ, ਜਿਨ੍ਹਾਂ ਰਾਹੀਂ 17 ਪਿੰਡਾਂ ਦੇ ਕਿਸਾਨਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਇਨ੍ਹਾਂ ਵਿੱਚ ਪਥਰੇੜੀ ਜੱਟਾਂ, ਬਾਲਸੰਢਾ, ਸਿੰਬਲ ਝੱਲੀਆਂ, ਅਮਰਾਲੀ, ਰਾਮਗੜ੍ਹ, ਓਇੰਦ, ਲੁਠੇੜੀ, ਰੁੜਕੀ, ਬੱਲਾਂ, ਚੂਹੜਮਾਜਰਾ, ਬਰਸਾਲਪੁਰ, ਕੋਟਲੀ, ਮਾਜਰੀ, ਸੈਦਪੁਰ, ਚੱਕਲਾਂ, ਕਾਲੇਮਾਜਰਾ ਸਮੇਤ ਹੋਰ ਪਿੰਡ ਸ਼ਾਮਲ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਲ 2022 ਵਿੱਚ ਇਨ੍ਹਾਂ ਪਿੰਡਾਂ ਵਿੱਚ ਕੇਵਲ 3217 ਏਕੜ ਰਕਬਾ ਨਹਿਰੀ ਪਾਣੀ ਹੇਠ ਸੀ, ਜਦਕਿ ਹੁਣ ਨਹਿਰਾਂ ਦੀ ਮੁੜ ਬਹਾਲੀ, ਆਰਜ਼ੀ ਮੋਘਿਆਂ ਅਤੇ ਅੰਡਰਗਰਾਊਂਡ ਪਾਈਪ ਲਾਈਨਾਂ ਦੇ ਨਿਰਮਾਣ ਤੋਂ ਬਾਅਦ ਇਹ ਰਕਬਾ 4518 ਏਕੜ ਤੱਕ ਪਹੁੰਚ ਗਿਆ ਹੈ। ਇਸ ਤਰ੍ਹਾਂ 1301 ਏਕੜ ਵਾਧੂ ਜ਼ਮੀਨ ਨਹਿਰੀ ਸਿੰਚਾਈ ਦੇ ਘੇਰੇ ਵਿੱਚ ਆ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸ੍ਰੀ ਚਮਕੌਰ ਸਾਹਿਬ ਹਲਕੇ ਵਿੱਚ ਕਰੀਬ 44 ਕਰੋੜ ਰੁਪਏ ਦੀ ਲਾਗਤ ਨਾਲ ਲਿਫ਼ਟ ਸਿੰਚਾਈ ਪ੍ਰਾਜੈਕਟ ਮੁਕੰਮਲ ਕਰਕੇ 21 ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਗਿਆ ਸੀ। ਹੁਣ ਨਵੇਂ ਪ੍ਰਾਜੈਕਟਾਂ ਨਾਲ ਹਲਕੇ ਦੇ ਵੱਡੇ ਹਿੱਸੇ ਵਿੱਚ ਖੇਤੀ ਲਈ ਨਹਿਰੀ ਪਾਣੀ ਦੀ ਉਪਲਬਧਤਾ ਹੋਰ ਮਜ਼ਬੂਤ ਹੋਈ ਹੈ।

## ਦਿਆਲ ਸਿੰਘ ਈਵਨਿੰਗ ਕਾਲਜ ਲਈ ਨਵੇਂ ਨਾਮ ਦਾ ਸੁਝਾਅ

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿਆਲ ਸਿੰਘ ਈਵਨਿੰਗ ਕਾਲਜ ਦਾ ਨਾਮ ਬੰਦਾ ਸਿੰਘ ਬਹਾਦਰ ਦੇ ਨਾਮ 'ਤੇ ਰੱਖਣ ਦੀ ਤਜਵੀਜ਼ ਬਾਰੇ ਚੱਲ ਰਹੇ ਵਿਵਾਦ ਦਰਮਿਆਨ ਸੰਸਥਾ ਨੇ ਹੁਣ ਦਿੱਲੀ ਯੂਨੀਵਰਸਿਟੀ (ਡੀ ਯੂ) ਦੇ ਵਿਚਾਰ ਲਈ ਨਵੇਂ ਨਾਮ 'ਦਿਆਲ ਸਿੰਘ ਮਜੀਠੀਆ ਕਾਲਜ' ਦਾ ਸੁਝਾਅ ਦਿੱਤਾ ਹੈ। ਇਹ ਨਵਾਂ ਨਾਮ ਸਰਦਾਰ ਦਿਆਲ ਸਿੰਘ ਮਜੀਠੀਆ, ਜੋ ਦਿ ਟ੍ਰਿਬਿਊਨ, ਪੰਜਾਬ ਨੈਸ਼ਨਲ ਬੈਂਕ ਅਤੇ ਦਿਆਲ ਸਿੰਘ ਟਰੱਸਟ ਜਿਹੀਆਂ ਸੰਸਥਾਵਾਂ ਦੇ ਬਾਨੀ ਹਨ, ਦੀ ਵਿਰਾਸਤ ਨੂੰ ਦਰਸਾਉਂਦਾ ਹੈ।

ਨਵਾਂ ਨਾਮ ਦਿਆਲ ਸਿੰਘ ਈਵਨਿੰਗ ਕਾਲਜ ਦੇ ਸਟਾਫ ਵੱਲੋਂ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨਾਂ ਦੇ ਪ੍ਰਤੀਕਰਮ ਵਜੋਂ ਤਜਵੀਜ਼ ਕੀਤਾ ਗਿਆ ਹੈ। ਉਹ ਕਾਲਜ ਦੇ ਨਾਂ ਵਿੱਚੋਂ 'ਦਿਆਲ ਸਿੰਘ' ਨਾਮ ਹਟਾਉਣ ਦੇ ਖਿਲਾਫ਼ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਨਾਮ ਬਦਲੀ ਇਸ ਮਹਾਨ ਸਮਾਜ ਸੇਵਕ ਦੇ ਯੋਗਦਾਨ ਨੂੰ ਧੋਖਾ ਦੇਣ ਦੇ ਬਰਾਬਰ ਹੋਵੇਗਾ। ਕਾਲਜ ਦੀ ਗਵਰਨਿੰਗ ਬਾਡੀ ਨੇ ਦੋ ਨਾਵਾਂ- ਦਿਆਲ ਸਿੰਘ ਮਜੀਠੀਆ ਕਾਲਜ ਅਤੇ ਬੰਦਾ ਸਿੰਘ ਬਹਾਦਰ ਕਾਲਜ- ਨੂੰ ਹਰੀ ਝੰਡੀ ਦੇਣ ਮਗਰੋਂ ਅੰਤਿਮ ਫੈਸਲੇ ਲਈ ਦਿੱਲੀ ਯੂਨੀਵਰਸਿਟੀ ਨੂੰ ਭੇਜ ਦਿੱਤੇ ਹਨ।

ਸੂਤਰਾਂ ਮੁਤਾਬਕ ਯੂਨੀਵਰਸਿਟੀ ਦੀ ਫੈਸਲੇ ਕਰਨ ਵਾਲੀ ਸਿਖਰਲੀ ਸੰਸਥਾ- ਕਾਰਜਕਾਰੀ ਕੌਂਸਲ ਦੀ 30 ਜੁਲਾਈ ਨੂੰ ਬੈਠਕ ਹੈ, ਪਰ ਦਿਆਲ ਸਿੰਘ ਈਵਨਿੰਗ ਕਾਲਜ ਦੀ ਨਾਂ ਤਬਦੀਲੀ ਏਜੰਡੇ 'ਤੇ ਨਹੀਂ ਹੈ। ਕਾਲਜ ਸਟਾਫ ਨੇ ਇਸ ਨਵੀਂ ਪੇਸ਼ਕਦਮੀ ਦਾ ਸਵਾਗਤ ਕਰਦੇ ਹੋਏ ਕਿਹਾ, "ਇਸ (ਮਸਲੇ) ਨੂੰ ਸਪਲੀਮੈਂਟਰੀ ਏਜੰਡੇ ਵਜੋਂ ਲਿਆਂਦਾ ਜਾ ਸਕਦਾ ਹੈ ਤੇ ਅਸੀਂ ਉਮੀਦ ਕਰਦੇ ਹਾਂ ਕਿ ਦਿੱਲੀ 'ਵਰਸਿਟੀ ਕੌਂਸਲ 'ਦਿਆਲ ਸਿੰਘ ਮਜੀਠੀਆ ਕਾਲਜ' ਦੇ ਨਾਮ ਦੀ ਚੋਣ ਕਰੇਗੀ।" ਕਾਲਜ ਦੀ ਗਵਰਨਿੰਗ ਬਾਡੀ ਨੂੰ 23 ਮਈ ਦੀ ਪਿਛਲੀ ਮੀਟਿੰਗ ਵਿੱਚ ਦੋ ਨਾਵਾਂ- ਬੰਦਾ ਸਿੰਘ ਬਹਾਦਰ ਅਤੇ ਮਜੀਠੀਆ ਕਾਲਜ- ਦੀ ਤਜਵੀਜ਼ ਰੱਖਣ ਬਦਲੇ ਨੁਕਤਾਚੀਨੀ ਦਾ ਸਾਹਮਣਾ ਕਰਨਾ ਪਿਆ ਸੀ। ਸਟਾਫ ਕੌਂਸਲ ਮੈਂਬਰਾਂ ਨੇ ਉਦੋਂ ਦੂਜੀ ਤਜਵੀਜ਼ (ਮਜੀਠੀਆ ਕਾਲਜ) 'ਚ ਦਿਆਲ ਸਿੰਘ ਦਾ ਨਾਮ ਨਾ ਹੋਣ 'ਤੇ ਇਤਰਾਜ਼ ਜਤਾਇਆ ਸੀ।

ਲਿਹਾਜ਼ਾ ਦੂਜੇ ਨਾਮ ਨੂੰ ਸੋਧ ਕੇ ਦਿਆਲ ਸਿੰਘ ਮਜੀਠੀਆ ਕਾਲਜ ਕੀਤਾ ਗਿਆ। ਗਵਰਨਿੰਗ ਬਾਡੀ ਨੇ ਕਾਲਜ ਨੂੰ ਮੌਜੂਦਾ ਕੈਂਪਸ ਤੋਂ ਤਬਦੀਲ ਕਰਨ ਤੋਂ ਵੀ ਇਨਕਾਰ ਕੀਤਾ ਹੈ।

# ਪੰਜਾਬ-ਹਿਮਾਚਲ ਸਰਹੱਦ 'ਤੇ ਸਰਗਰਮ ਖੈਰ ਦੀ ਲੱਕੜ ਦੇ ਤਸਕਰਾਂ ਦੇ ਗਰੋਹ ਦਾ ਪਰਦਾਫਾਸ਼

**ਰੋਪੜ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਪੜ ਦੇ ਜ਼ਿਲ੍ਹਾ ਜੰਗਲਾਤ ਵਿਭਾਗ ਨੇ ਪੰਜਾਬ ਅਤੇ ਹਿਮਾਚਲ ਦੀਆਂ ਸਰਹੱਦਾਂ 'ਤੇ ਕੰਮ ਕਰ ਰਹੇ ਖੈਰ ਦੀ ਲੱਕੜ ਦੇ ਅੰਤਰ-ਰਾਜੀ ਤਸਕਰਾਂ ਦੇ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਇਸ ਨੇ ਪੰਜਾਬ ਹਿਮਾਚਲ ਸਰਹੱਦ ਨੇੜੇ ਕਲਿਆਣਪੁਰ ਜੰਗਲਾਤ ਖੇਤਰ ਵਿੱਚ ਦੇਰ ਰਾਤ ਚਲਾਏ ਗਏ ਅਪਰੇਸ਼ਨ ਦੌਰਾਨ 11 ਖੈਰ ਦੇ ਲੱਠਿਆਂ ਨਾਲ ਲੱਦੀ ਇੱਕ ਪਿਕਅਪ ਗੱਡੀ ਜ਼ਬਤ ਕੀਤੀ ਹੈ। ਡੀ.ਐਫ.ਓ. ਰੋਪੜ ਕੰਵਰਦੀਪ ਸਿੰਘ ਅਨੁਸਾਰ ਇਹ ਜ਼ਬਤੀ ਖੈਰ ਦੀ ਤਸਕਰੀ ਕਰਨ ਵਾਲੇ ਅੰਤਰ-ਰਾਜੀ ਗਰੋਹ ਦੀ ਆਵਾਮੜੀ ਬਾਰੇ ਮਿਲੇ ਖਾਸ ਖੁਫੀਆ ਇਨਪੁਟਸ ਦੇ ਆਧਾਰ 'ਤੇ ਸ਼ੁਰੂ ਕੀਤੇ ਗਏ ਤਿੰਨ ਰਾਤਾਂ ਦੇ ਨਿਗਰਾਨੀ ਅਪਰੇਸ਼ਨ ਤੋਂ ਬਾਅਦ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਟੀਮਾਂ ਨੇ ਇਹ ਖੁਫੀਆ ਜਾਣਕਾਰੀ ਇਕੱਠੀ ਕੀਤੀ ਸੀ ਕਿ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਤਸਕਰਾਂ 'ਤੇ ਅਧਾਰਿਤ ਇੱਕ ਸੰਗਠਿਤ ਨੈੱਟਵਰਕ ਇਸ ਖੇਤਰ ਵਿੱਚ ਸਰਗਰਮ ਸੀ। ਸੂਚਨਾ 'ਤੇ ਕਾਰਵਾਈ ਕਰਦਿਆਂ ਜੰਗਲਾਤ ਕਰਮਚਾਰੀਆਂ ਨੇ ਵਾਹਨ ਨੂੰ ਰੋਕਣ ਤੋਂ ਪਹਿਲਾਂ ਲਗਾਤਾਰ ਤਿੰਨ ਰਾਤਾਂ ਲਈ ਰਣਨੀਤਕ ਬਿੰਦੂਆਂ 'ਤੇ ਨਾਕੇ ਲਾਏ।

ਡੀ.ਐਫ.ਓ. ਨੇ ਕਿਹਾ, ਖੈਰ ਦੇ 11 ਗੈਰ-ਕਾਨੂੰਨੀ ਤਰੀਕੇ ਨਾਲ ਕੱਟੇ ਗਏ ਲੱਠਿਆਂ ਨੂੰ ਲੈ ਕੇ ਜਾ ਰਹੀ ਪਿਕਅਪ



ਨੂੰ ਜ਼ਬਤ ਕਰ ਲਿਆ ਗਿਆ, ਹਾਲਾਂਕਿ ਲੱਕੜ ਨੂੰ ਲਿਜਾਣ ਵਾਲੇ ਹਨੇਰੇ ਦੀ ਆੜ ਵਿੱਚ ਭੱਜਣ ਵਿੱਚ ਕਾਮਯਾਬ ਹੋ ਗਏ। ਜੰਗਲਾਤ ਅਧਿਕਾਰੀਆਂ ਨੇ ਕਿਹਾ ਕਿ ਦੋਸ਼ੀਆਂ ਦੀ ਪਛਾਣ ਕਰਨ ਅਤੇ ਲੱਕੜ ਦੀ ਉਤਪਤੀ ਦਾ ਪਤਾ ਲਗਾਉਣ ਲਈ ਯਤਨ ਜਾਰੀ ਹਨ।

ਤਾਜ਼ਾ ਅਪਰੇਸ਼ਨ ਚਮਕੌਰ ਸਾਹਿਬ ਖੇਤਰ ਵਿੱਚ ਜੰਗਲਾਤ ਵਿਭਾਗ ਦੀ ਇੱਕ ਹੋਰ ਵੱਡੀ ਸਫਲਤਾ ਦੇ ਕੁਝ ਹਫ਼ਤੇ ਬਾਅਦ ਆਇਆ ਹੈ, ਜਿੱਥੇ ਅਧਿਕਾਰੀਆਂ ਨੇ ਮੋਹਾਲੀ ਰੋਪੜ ਸਰਹੱਦ ਦੇ ਨਾਲ ਕੰਮ ਕਰ ਰਹੇ ਹਰਿਆਣਾ ਅਧਾਰਿਤ ਤਸਕਰੀ ਦੇ ਸ਼ੱਕੀ ਨੈੱਟਵਰਕ ਨੂੰ ਤੋੜਿਆ ਹੈ।

ਉਸ ਮਾਮਲੇ ਵਿੱਚ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਜੰਗਲਾਤ ਟੀਮਾਂ ਨੇ ਹਰਿਆਣਾ ਦੇ ਯਮੁਨਾਨਗਰ ਜ਼ਿਲ੍ਹੇ ਵਿੱਚ ਰਜਿਸਟਰਡ ਚਾਰ ਵਾਹਨਾਂ, ਇੱਕ ਟਰੈਕਟਰ ਟ੍ਰਾਲੀ, ਇੱਕ ਪਿਕਅਪ, ਇੱਕ ਟਾਟਾ ਸੂਮੋ ਅਤੇ ਇੱਕ ਟਯੋਟਾ ਏਟੀਓਸ ਲਿਵਾ ਨੂੰ ਰੋਕਿਆ। ਲਗਪਗ 50 ਖੈਰ ਦੇ ਲੱਠੇ ਬਰਾਮਦ ਕੀਤੇ ਗਏ, ਜੋ ਇਸ ਸਾਲ ਜ਼ਿਲ੍ਹੇ ਵਿੱਚ ਸਭ ਤੋਂ ਵੱਡੀ ਜ਼ਬਤੀ ਵਿੱਚੋਂ ਇੱਕ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਹਰਿਆਣਾ ਅਧਾਰਿਤ ਗਰੋਹ ਨੇ ਗੁਆਂਢੀ ਰਾਜਾਂ ਵਿੱਚ ਲੱਕੜ ਲਿਜਾਣ ਤੋਂ ਪਹਿਲਾਂ ਖੈਰ ਦੇ ਦਰੱਖਤਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਕੱਟਣ ਲਈ ਪੰਜਾਬ ਵਿੱਚ ਪ੍ਰਵੇਸ਼ ਕੀਤਾ ਸੀ। ਵਾਰ-ਵਾਰ ਬਰਾਮਦਗੀਆਂ ਦਰਸਾਉਂਦੀਆਂ ਹਨ ਕਿ ਸੰਗਠਿਤ ਅੰਤਰ-ਰਾਜੀ ਨੈੱਟਵਰਕ ਵਪਾਰਕ ਲਾਭਾਂ ਲਈ ਰੋਪੜ ਦੀਆਂ ਸ਼ਿਵਾਲਿਕ ਪਹਾੜੀਆਂ ਦੇ ਖੈਰ ਨਾਲ ਭਰਪੂਰ ਜੰਗਲਾਂ ਨੂੰ ਨਿਸ਼ਾਨਾ ਬਣਾ ਰਹੇ ਹਨ।

ਖੈਰ ਦੀ ਲੱਕੜ ਕੱਥਾ ਕੱਢਣ ਲਈ ਬਹੁਤ ਕੀਮਤੀ ਹੈ, ਜੋ ਪਾਨ ਉਦਯੋਗ, ਫਾਰਮਾਸਿਊਟੀਕਲ ਅਤੇ ਰਵਾਇਤੀ ਦਵਾਈਆਂ ਵਿੱਚ ਵਿਆਪਕ ਤੌਰ 'ਤੇ ਵਰਤੀ ਜਾਂਦੀ ਹੈ। ਇਸਦੀ ਉੱਚ ਮਾਰਕੀਟ ਕੀਮਤ ਨੇ ਇਸ ਪ੍ਰਜਾਤੀ ਨੂੰ ਪੰਜਾਬ, ਹਿਮਾਚਲ ਪ੍ਰਦੇਸ਼, ਹਰਿਆਣਾ ਅਤੇ ਉਤਰਾਖੰਡ ਵਿੱਚ ਕੰਮ ਕਰ ਰਹੇ ਲੱਕੜ ਦੇ ਤਸਕਰਾਂ ਲਈ ਮੁੱਖ ਨਿਸ਼ਾਨਾ ਬਣਾ ਦਿੱਤਾ ਹੈ।

ਤਾਜ਼ਾ ਜ਼ਬਤੀਆਂ ਇਸ ਸਾਲ ਦੇ ਸ਼ੁਰੂ ਵਿੱਚ ਉੱਤਰ ਪ੍ਰਦੇਸ਼ ਜੰਗਲਾਤ ਵਿਭਾਗ ਦੀ ਅਗਵਾਈ ਵਿੱਚ ਇੱਕ ਅੰਤਰ-ਰਾਜੀ ਜਾਂਚ ਦੇ ਪਿਛੋਕੜ ਵਿੱਚ ਵੀ ਆਈਆਂ ਹਨ। ਉਸ ਜਾਂਚ ਦੌਰਾਨ, ਯੂਪੀ ਦੇ ਜੰਗਲਾਤ ਅਧਿਕਾਰੀਆਂ ਨੇ ਪੰਜਾਬ ਵਿੱਚ ਲੱਕੜ ਦੇ ਡਿਪੂਆਂ 'ਤੇ ਛਾਪੇਮਾਰੀ ਕੀਤੀ ਅਤੇ ਖੈਰ ਦੀ ਲੱਕੜ ਦੇ ਗੈਰ-ਕਾਨੂੰਨੀ ਵਪਾਰ ਨਾਲ ਜੁੜੇ ਕਈ ਸ਼ੱਕੀਆਂ ਨੂੰ ਗ੍ਰਿਫਤਾਰ ਕੀਤਾ। ਜਾਂਚਕਰਤਾਵਾਂ ਨੇ ਉਦੋਂ ਉੱਤਰੀ ਭਾਰਤ ਵਿੱਚ ਪ੍ਰੋਸੈਸਿੰਗ ਯੂਨਿਟਾਂ ਤੱਕ ਗੈਰ-ਕਾਨੂੰਨੀ ਤਰੀਕੇ ਨਾਲ ਕੱਟੇ ਗਏ ਲੱਕੜ ਨੂੰ ਲਿਜਾਣ ਵਾਲੀ ਇੱਕ ਸੰਗਠਿਤ ਸਪਲਾਈ ਲੜੀ ਵੱਲ ਇਸ਼ਾਰਾ ਕੀਤਾ ਸੀ।

ਡੀ.ਐਫ.ਓ. ਕੰਵਰਦੀਪ ਸਿੰਘ ਨੇ ਕਿਹਾ ਕਿ ਵਿਭਾਗ ਨੇ ਸੰਵੇਦਨਸ਼ੀਲ ਜੰਗਲਾਤ ਖੇਤਰਾਂ ਵਿੱਚ ਅਤੇ ਅੰਤਰ-ਰਾਜੀ ਰੂਟਾਂ ਦੇ ਨਾਲ ਨਿਗਰਾਨੀ ਨੂੰ ਹੋਰ ਮਜ਼ਬੂਤ ਕਰ ਦਿੱਤਾ ਹੈ।

ਵਾਤਾਵਰਣ ਪ੍ਰੇਮੀਆਂ ਨੇ ਗੈਰ-ਕਾਨੂੰਨੀ ਖੈਰ ਦੀ ਕਟਾਈ ਦੀਆਂ ਵਧਦੀਆਂ ਘਟਨਾਵਾਂ 'ਤੇ ਵਾਰ-ਵਾਰ ਚਿੰਤਾ ਪ੍ਰਗਟ ਕੀਤੀ ਹੈ, ਇਹ ਚੇਤਾਵਨੀ ਦਿੱਤੀ ਹੈ ਕਿ ਇਸ ਪ੍ਰਜਾਤੀ ਦੀ ਲਗਾਤਾਰ ਕਮੀ ਕਾਰਨ ਸ਼ਿਵਾਲਿਕ ਖੇਤਰ ਵਿੱਚ ਜੰਗਲੀ ਕਵਰ ਦਾ ਨੁਕਸਾਨ, ਮਿੱਟੀ ਦਾ ਕਟਆਉ ਅਤੇ ਵਾਤਾਵਰਣ ਦਾ ਵਿਗੜਨਾ ਹੋ ਸਕਦਾ ਹੈ।

## ਮੀਨਾਕਸ਼ੀ ਗੋਇਲ ਅਗਲੇ ਹੁਕਮਾਂ ਤੱਕ ਪੰਜਾਬ ਯੂਨੀਵਰਸਿਟੀ ਦੀ ਕਾਰਜਕਾਰੀ ਵਾਈਸ ਚਾਂਸਲਰ ਨਿਯੁਕਤ

**ਨਵੀਂ ਦਿੱਲੀ, 2 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਰੇਣੂ ਵਿਗ ਨੂੰ ਮਿਲੇ ਕਾਰਜਕਾਲ ਦੇ ਵਾਧੇ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਹੁਣ ਵੀ.ਸੀ. ਦੀ ਜ਼ਿੰਮੇਵਾਰੀ ਡਾ: ਮੀਨਾਕਸ਼ੀ ਗੋਇਲ ਵੱਲੋਂ ਨਿਭਾਈ ਜਾਵੇਗੀ। ਜਾਣਕਾਰੀ ਅਨੁਸਾਰ ਉਪ ਰਾਸ਼ਟਰਪਤੀ ਅਤੇ ਪੀ.ਯੂ. ਦੇ ਚਾਂਸਲਰ ਸੀ.ਪੀ. ਰਾਧਾਕ੍ਰਿਸ਼ਨਨ ਨੇ ਪੰਜਾਬ ਯੂਨੀਵਰਸਿਟੀ ਦੇ ਡੀਨ ਆਫ਼ ਯੂਨੀਵਰਸਿਟੀ ਇੰਸਟਰਕਸ਼ਨਜ਼ ਮੀਨਾਕਸ਼ੀ ਗੋਇਲ ਨੂੰ ਉਦੋਂ ਤੱਕ ਵਾਈਸ ਚਾਂਸਲਰ ਦਾ ਅਹੁਦਾ ਸੰਭਾਲਣ ਲਈ ਕਿਹਾ ਹੈ ਜਦੋਂ ਤੱਕ ਅਗਲੇ ਵੀ.ਸੀ. ਬਾਰੇ ਫ਼ੈਸਲਾ ਨਹੀਂ ਲਿਆ ਜਾਂਦਾ। ਜ਼ਿਕਰਯੋਗ ਹੈ ਕਿ ਪ੍ਰੋਫੈਸਰ ਰੇਣੂ ਵਿਗ ਦਾ ਵੀ.ਸੀ. ਵਜੋਂ ਅੱਜ ਆਖਰੀ ਕੰਮਕਾਜੀ ਦਿਨ ਸੀ।

ਰੇਣੂ ਵਿਗ ਨੂੰ ਪਿਛਲੇ ਮਾਰਚ ਵਿੱਚ ਚਾਂਸਲਰ ਵੱਲੋਂ ਚਾਰ ਮਹੀਨੇ ਦਾ ਵਾਧਾ ਦਿੱਤਾ ਗਿਆ ਸੀ ਅਤੇ ਇਸ ਦੇ ਨਾਲ ਹੀ ਇੱਕ ਸਰਚ ਕਮੇਟੀ ਵੀ ਬਣਾਈ ਗਈ ਸੀ। ਹਾਲਾਂਕਿ, ਉਸ ਕਮੇਟੀ ਵੱਲੋਂ ਅਜੇ ਤੱਕ ਇਸ ਮਾਮਲੇ @ਤੇ ਕੋਈ ਅੰਤਿਮ ਫ਼ੈਸਲਾ ਨਹੀਂ ਲਿਆ ਗਿਆ ਹੈ। ਰੇਣੂ ਵਿਗ ਪਹਿਲਾਂ ਪੀ.ਯੂ. ਦੀ ਕਾਰਜਕਾਰੀ ਵਾਈਸ ਚਾਂਸਲਰ ਬਣੇ ਸਨ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਇਸ ਵੱਕਾਰੀ ਯੂਨੀਵਰਸਿਟੀ ਦੀ ਪਹਿਲੀ ਮਹਿਲਾ ਵੀ.ਸੀ. ਨਿਯੁਕਤ ਕੀਤਾ ਗਿਆ ਸੀ।



# ਡਲਹੌਜ਼ੀ ਤੇ ਬਰੋਟ ਦੀਆਂ ਵਾਦੀਆਂ ਦੇ ਨਜ਼ਾਰੇ



ਗਗਨਦੀਪ ਸਿੰਘ ਗੁਰਾਇਆ

9781500050

ਜੇਠ ਹਾੜ੍ਹ ਦੀਆਂ ਤਿੱਖੜ ਧੁੱਪਾਂ ਦਾ ਸਤਾਇਆ ਮਨ ਪਹਾੜਾਂ ਦੀ ਠੰਢ ਮਾਣਨ ਨੂੰ ਲੋਚਦਾ ਹੈ। ਉੱਤਰੀ ਭਾਰਤ ਵਾਸਤੇ ਹਿਮਾਚਲ ਦੀਆਂ ਵਾਦੀਆਂ ਅਤੇ ਪਹਾੜਾਂ ਵਿਚ ਵਗਦੀਆਂ ਠੰਢੀਆਂ ਹਵਾਵਾਂ ਮਨ ਨੂੰ ਸਕੂਨ ਦਿੰਦੀਆਂ ਹਨ। ਹਿਮਾਚਲ ਦਾ ਅੱਖਰੀ ਅਰਥ ਹੀ ਬਰਫ਼ ਦਾ ਘਰ ਹੈ। ਕੁਝ ਦਿਨਾਂ ਵਾਸਤੇ ਪਹਾੜਾਂ ਦੇ ਸ਼ਾਂਤ ਅਤੇ ਠੰਢੇ ਮਾਹੌਲ ਵਿਚ ਜਾਣ ਵਾਸਤੇ ਹਰ ਕੋਈ ਤਿਆਰ ਰਹਿੰਦਾ ਹੈ।

ਹਿਮਾਚਲ ਪ੍ਰਦੇਸ਼ ਵਿਚ ਡਲਹੌਜ਼ੀ ਬਹੁਤ ਸੋਹਣੀ ਅਤੇ ਠੰਢੀ ਥਾਂ ਹੈ। ਇਸ ਨੂੰ ਲਾਰਡ ਡਲਹੌਜ਼ੀ ਨੇ ਵਸਾਇਆ ਸੀ। ਇਸ ਕਰਕੇ ਹੀ ਇਸ ਦਾ ਨਾਂ ਡਲਹੌਜ਼ੀ ਪਿਆ। ਪਠਾਨਕੋਟ ਤੋਂ ਲਗਪਗ 75 ਕਿਲੋਮੀਟਰ ਦੀ ਦੂਰੀ ’ਤੇ ਡਲਹੌਜ਼ੀ ਸਥਿਤ ਹੈ। ਪੰਜਾਬ ਦੇ ਕੇਵਲ ਦੋ ਜ਼ਿਲ੍ਹੇ ਗੁਰਦਾਸਪੁਰ ਅਤੇ ਪਠਾਨਕੋਟ ਹੀ ਹਨ ਜਿਨ੍ਹਾਂ ਵਿਚ ਪਹਾੜੀ ਇਲਾਕਾ ਆਉਂਦਾ ਹੈ। ਪਠਾਨਕੋਟ ਤੋਂ ਲਗਪਗ 40 ਕਿਲੋਮੀਟਰ ਦਾ ਸਫ਼ਰ ਪਹਾੜੀ ਹੈ ਜੋ ਪੰਜਾਬ ਵਿਚ ਪੈਂਦਾ ਹੈ। ਜਿਵੇਂ-ਜਿਵੇਂ ਡਲਹੌਜ਼ੀ ਵੱਲ ਵਧਦੇ ਹਾਂ ਤਾਂ ਹਵਾ ਵਿਚ ਠੰਢਕ ਮਹਿਸੂਸ ਹੁੰਦੀ ਹੈ। ਡਲਹੌਜ਼ੀ ਤੋਂ ਸੱਤ ਕਿਲੋਮੀਟਰ ਪਹਿਲਾਂ ਇਕ ਨਿੱਕਾ ਜਿਹਾ ਕਸਬਾ ਬਨੀਖੇਤ ਹੈ, ਇੱਥੋਂ ਹੀ ਡਲਹੌਜ਼ੀ ਸ਼ੁਰੂ ਹੋ ਜਾਂਦਾ ਹੈ। ਡਲਹੌਜ਼ੀ ਦੀ ਸਮੁੰਦਰ ਤਲ ਤੋਂ ਉਚਾਈ ਲਗਪਗ 2036 ਮੀਟਰ ਹੈ। ਇੱਥੇ ਸਰਦੀਆਂ ਵਿਚ ਕਾਫੀ ਬਰਫ਼ਬਾਰੀ ਹੋ ਜਾਂਦੀ ਹੈ।

ਲੱਕੜ ਮੰਡੀ ਦਾ ਇਲਾਕਾ ਤਾਂ ਚਿੱਟੀ ਚਾਦਰ ਵਾਂਗ ਹੀ ਢਕਿਆ ਜਾਂਦਾ ਹੈ। ਇੱਥੇ ਹੀ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦੇ ਚਾਚਾ ਉੱਘੇ ਆਜ਼ਾਦੀ ਘੁਲਾਟੀਏ ਸਰਦਾਰ ਅਜੀਤ ਸਿੰਘ ਦੀ ਸਮਾਧ ਹੈ। ਬਾਜ਼ਾਰ ਵਿਚ ਜ਼ਿਆਦਾ ਰੌਣਕ ਵਾਲੇ ਇਲਾਕੇ ਗਾਂਧੀ ਚੌਕ ਅਤੇ ਸੁਭਾਸ਼ ਚੌਕ ਹਨ। ਮਾਲ ਰੋਡ ਦੇ ਸੱਜੇ ਅਤੇ ਖੱਬੇ ਪਾਸੇ ਦੋ ਸੜਕਾਂ ਹਨ, ਜਿਨ੍ਹਾਂ ਨੂੰ ਠੰਢੀ ਸੜਕ ਅਤੇ ਗਰਮ ਸੜਕ ਕਿਹਾ ਜਾਂਦਾ ਹੈ, ਜੋ ਗਾਂਧੀ ਚੌਕ ਅਤੇ ਸੁਭਾਸ਼ ਚੌਕ ਨੂੰ ਜੋੜਦੀਆਂ ਹਨ। ਲੱਕੜ ਮੰਡੀ ਤੋਂ ਹੀ ਕਾਲਾ ਟੌਪ ਜੋ ਕਿ ਵਾਈਲਡ ਲਾਈਫ ਸੈਂਚੁਰੀ ਹੈ, ਨੂੰ ਰਸਤਾ ਜਾਂਦਾ ਹੈ। ਇਸ ਤੋਂ ਇਲਾਵਾ ਰੌਕ ਗਾਰਡਨ, ਪੰਜ ਪੁਲਾ, ਸੱਤ ਧਾਰਾ, ਸੁਭਾਸ਼ ਬਾਉਲੀ, ਡਲਹੌਜ਼ੀ ਪਬਲਿਕ ਸਕੂਲ ਅਤੇ ਡਾਇਣ ਕੁੰਡ ਆਦਿ ਵੇਖਣਯੋਗ ਥਾਵਾਂ ਹਨ। ਦਾਇਨ ਕੁੰਡ ਪੀਕ ਬਹੁਤ ਉੱਚੀ ਜਗ੍ਹਾ 2745 ਮੀਟਰ ’ਤੇ ਸਥਿਤ ਹੈ। ਡਗਸ਼ਾਈ ਵਿਚ ਰਹਿਣ ਲਈ ਬਹੁਤ ਸਾਰੇ ਹੋਟਲ ਅਤੇ ਯੂਥ ਹੋਸਟਲ ਹੈ। ਇਸ ਤੋਂ ਇਲਾਵਾ ਪੰਜਾਬ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰੈਸਟ ਹਾਊਸ ਵੀ ਹਨ। ਅੱਜ ਤੋਂ ਕੁਝ ਵਰ੍ਹੇ ਪਹਿਲਾਂ ਡਲਹੌਜ਼ੀ ਬਹੁਤ ਸਸਤਾ ਅਤੇ ਸ਼ਾਂਤ ਮਾਹੌਲ ਸੀ ਪਰ ਹੁਣ ਉੱਥੇ ਵੀ ਬਹੁਤ ਭੀੜ ਭੜੱਕਾ ਹੋ ਗਿਆ ਹੈ।

ਡਲਹੌਜ਼ੀ ਤੋਂ ਲਗਪਗ 22 ਕਿਲੋਮੀਟਰ ਦੀ ਵਿੱਥ ’ਤੇ ਖਜਿਆਰ ਪੈਂਦਾ ਹੈ, ਜਿਸ ਨੂੰ ਕਿ ਭਾਰਤ ਦਾ ਮਿੰਨੀ ਸਵਿਟਜ਼ਰਲੈਂਡ ਵੀ ਕਿਹਾ ਜਾਂਦਾ ਹੈ। ਇਸ ਦੀ ਸਮੁੰਦਰ ਤਲ ਤੋਂ ਉਚਾਈ 1951 ਮੀਟਰ ਹੈ। ਪਹਾੜਾਂ ਦੇ ਵਿਚਾਲੇ ਕਈ ਏਕੜਾਂ ਵਿਚ ਫੈਲਿਆ ਹੋਇਆ ਹਰਿਆ ਭਰਿਆ ਘਾਹ ਦਾ ਮੈਦਾਨ ਜਾਣੋ ਮਨ ਨੂੰ ਸ਼ਾਂਤ ਕਰ ਦਿੰਦਾ ਹੈ। ਇਸ ਨੂੰ ਚਾਰ ਚੁਫੇਰਿਓਂ ਦੇਵਦਾਰ ਤੇ ਚੀਲ ਦੇ ਲੰਬੇ ਸੰਘਣੇ ਦਰੱਖ਼ਤਾਂ ਨੇ ਘੇਰਿਆ ਹੋਇਆ ਹੈ, ਜਿਨ੍ਹਾਂ ਵਿੱਚੋਂ ਸੂਰਜ ਦੀ ਰੋਸ਼ਨੀ ਵੀ ਪੁਣ ਕੇ ਆਉਂਦੀ ਹੈ। ਕਦੇ ਧੁੱਪ ਅਤੇ ਫੇਰ ਬੱਦਲਾਂ ਦੀ ਛਾਂ ਹੋ ਜਾਂਦੀ ਹੈ। ਪੈਂਦੀਆਂ ਕਣੀਆਂ ਵਿਚ ਇੱਥੇ ਘੁੰਮਣ ਦਾ ਆਪਣਾ ਹੀ ਵੱਖਰਾ ਨਜ਼ਾਰਾ ਹੈ, ਜਿਸ ਨੂੰ ਲਫ਼ਜ਼ਾਂ ਵਿਚ ਬਿਆਨ ਕਰਨਾ ਅਸੰਭਵ ਹੈ। ‘ਕੁਛ ਕੁਛ ਹੋਤਾ ਹੈ’ ਅਤੇ ਹੋਰ ਬਹੁਤ ਸਾਰੀਆਂ ਬਾਲੀਵੁੱਡ ਫਿਲਮਾਂ ਦੀ ਇੱਥੇ ਸ਼ੂਟਿੰਗ ਹੁੰਦੀ ਹੀ ਰਹਿੰਦੀ ਹੈ। ਖਜਿਆਰ ਦਾ ਜ਼ਿਲ੍ਹਾ ਵੀ ਚੰਬਾ ਹੀ ਹੈ ਜੋ ਕਿ ਡਲਹੌਜ਼ੀ ਤੋਂ ਲਗਪਗ 50 ਕਿਲੋਮੀਟਰ ਦੀ ਦੂਰੀ ’ਤੇ ਹੈ।

ਖਜਿਆਰ ਤੋਂ 19 ਕਿਲੋਮੀਟਰ ਦੂਰ ‘ਜੋਤ’ ਨਾਮਕ ਕਸਬਾ ਹੈ ਜਿਸਦੀ ਉੱਚਾਈ 2650 ਮੀਟਰ ਹੈ। ਇੰਨੀ ਉੱਚਾਈ ਹੋਣ ਕਰਕੇ ਇੱਥੇ ਸਾਰਾ ਸਾਲ ਠੰਢ ਰਹਿੰਦੀ ਹੈ ਅਤੇ ਯੱਖ ਸੀਤ ਹਵਾਵਾਂ ਤੇਜ਼ ਚੱਲਣ ਕਰਕੇ ਜੂਨ ਜੁਲਾਈ ਦੇ ਮੌਸਮ ਵਿਚ ਵੀ ਗਰਮ ਕੱਪੜੇ ਪਾਉਣੇ ਪੈਂਦੇ ਹਨ। ਇੱਥੇ ਰਹਿਣ ਦਾ ਕੋਈ ਜ਼ਿਆਦਾ ਇੰਤਜ਼ਾਮ ਨਹੀਂ ਹੈ ਬਸ ਕੁਝ ਕੁ ਢਾਬੇ ਹਨ। ਹਰੇ ਕਚੂਰ ਪਹਾੜਾਂ ਉੱਤੇ ਟਰੈਕਿੰਗ ਕਰਨ ਦਾ ਵੱਖਰਾ ਜਿਹਾ ਹੀ ਆਨੰਦ ਹੈ। ਉੱਪਰ ਗੁੱਜਰਾਂ ਦੇ ਕੁਝ ਕੱਚੇ ਘਰ ਬਣੇ ਹੋਏ ਹਨ, ਜਿਨ੍ਹਾਂ ਵਿਚ ਗ਼ਦਰ ਫਿਲਮ ਦੀ ਸ਼ੂਟਿੰਗ ਹੋਈ ਸੀ। ਗੁੱਜਰਾਂ ਨੇ ਮੱਝਾਂ ਰੱਖੀਆਂ ਹੋਈਆਂ ਹਨ ਅਤੇ ਮੁੱਖ ਕਿੱਤਾ ਦੁੱਧ ਦਾ ਹੈ। ਮਿਹਨਤੀ ਅਤੇ ਨਿੱਘੇ ਸੁਭਾਅ ਦੇ ਇਹ ਲੋਕ ਸੈਲਾਨੀਆਂ ਦੀ ਸੇਵਾ ਕਰ ਕੇ ਖ਼ੁਸ਼ ਹੁੰਦੇ ਹਨ। ਸਰਦੀਆਂ ਵਿਚ ਜਦੋਂ ਇੱਥੇ ਬਰਫ਼ ਪੈ ਜਾਂਦੀ ਹੈ ਤਾਂ ਇਹ ਲੋਕ ਥੱਲੇ ਪਠਾਨਕੋਟ ਚਲੇ ਜਾਂਦੇ ਹਨ।

ਜੋਤ ਤੋਂ ਲਾਹੜੂ, ਸ਼ਾਹਪੁਰ ਅਤੇ ਗੱਗਲ ਹੁੰਦੇ ਹੋਏ ਧਰਮਸ਼ਾਲਾ ਪੁੱਜਿਆ ਜਾ ਸਕਦਾ ਹੈ ਜੋ ਕਿ ਜੋਤ ਤੋਂ ਲਗਪਗ ਸੌ ਕਿਲੋਮੀਟਰ ਦੂਰ



ਹੈ। ਧਰਮਸ਼ਾਲਾ ਦੀ ਉੱਚਾਈ 1387 ਮੀਟਰ ਹੈ। ਧਰਮਸ਼ਾਲਾ ਕਾਂਗੜੇ ਜ਼ਿਲ੍ਹੇ ਵਿਚ ਪੈਂਦਾ ਹੈ। 9 ਕਿਲੋਮੀਟਰ ਦੀ ਵਿੱਥ ’ਤੇ ਮੈਕਲੋਡਗੰਜ ਹੈ। ਇੱਥੇ ਤਿੱਬਤੀਆਂ ਦੇ ਰੂਹਾਨੀ ਆਗੂ ਦਲਾਈਲਾਮਾ ਦਾ ਹੈੱਡਕੁਆਰਟਰ ਹੈ। ਬਾਜ਼ਾਰ ਵਿਚ ਬਹੁਤ ਵਿਸ਼ਾਲ ਮੰਦਰ ਬਣਿਆ ਹੋਇਆ ਹੈ ਜਿੱਥੇ ਸਾਰੇ ਬੋਧੀ ਇਕੱਠੇ ਹੋ ਕੇ ਪੂਜਾ ਅਰਚਨਾ ਕਰਦੇ ਹਨ। ਮੈਕਲੋਡਗੰਜ ਦੀ ਉਚਾਈ 1770 ਮੀਟਰ ਹੈ। ਇੱਥੇ ਦਰੱਖ਼ਤਾਂ ਦੇ ਵਿਚਾਲੇ ਇਕ ਛੋਟੀ ਜਿਹੀ ਝੀਲ ਬਣੀ ਹੈ ਜਿਸ ਨੂੰ ਡੱਲ ਲੇਕ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਬਹੁਤ ਵੱਡੇ ਖੇਤਰ ਵਿਚ ਆਰਮੀ ਦੀ ਕੰਟੋਨਮੈਂਟ ਹੈ। ਭਗਸੂਨਾਗ ਵਾਟਰ ਫਾਲ ਹੈ ਜਿੱਥੇ ਜਾ ਕੇ ਸੈਲਾਨੀ ਨਹਾਉਂਦੇ ਹਨ ਅਤੇ ਝਰਨੇ ਵਿਚ ਅਠਖੇਲੀਆਂ ਕਰਦੇ ਹਨ। ਮੈਕਲੋਡਗੰਜ ਤੋਂ ਤਿੰਨ ਚਾਰ ਕਿਲੋਮੀਟਰ ਦੀ ਵਿੱਥ ’ਤੇ ਨੱਡੀ ਨਾਮਕ ਕਸਬਾ ਹੈ ਇੱਥੇ ਇਕ ਸਨ ਪੁਆਇੰਟ ਹੈ ਜਿੱਥੇ ਸਵੇਰ ਵੇਲੇ ਸੂਰਜ ਚੜ੍ਹਨ ਦਾ ਨਜ਼ਾਰਾ ਤੱਕਿਆ ਜਾ ਸਕਦਾ ਹੈ। ਮਿੱਠੀ-ਮਿੱਠੀ ਜਿਹੀ ਠੰਢ ਮਾਨੋ ਪੋਹ ਮਾਘ ਦੀਆਂ ਧੁੰਦਾਂ ਅਤੇ ਕੰਬਣੀ ਦਾ ਅਹਿਸਾਸ ਕਰਵਾਉਂਦੀ ਹੈ। ਕੁਦਰਤ ਦੀ ਗੋਦ ਵਿਚ ਇਕ ਮੈਡੀਟੇਸ਼ਨ ਸੈਂਟਰ ਹੈ ਜਿੱਥੇ ਕਿ ਭਰਪੂਰ ਸ਼ਾਂਤੀ ਹੈ ਅਤੇ ਕੁਦਰਤ ਨਾਲ ਇਕਮਿਕ ਹੋਣ ਦਾ ਅਹਿਸਾਸ ਹੁੰਦਾ ਹੈ। ਰਹਿਣ ਵਾਸਤੇ ਬਹੁਤ ਸਾਰੇ ਹੋਟਲ ਅਤੇ ਰਹਿਣ ਬਸੇਰੇ ਹਨ।

ਧਰਮਸ਼ਾਲਾ ਤੋਂ 16 ਕਿਲੋਮੀਟਰ ਦੀ ਦੂਰੀ ’ਤੇ ਪਾਲਮਪੁਰ ਜਾਂਦਿਆਂ ਰਸਤੇ ਵਿਚ ਚਮੁੰਡਾ ਦੇਵੀ ਮੰਦਿਰ ਹੈ। ਪਾਲਮਪੁਰ ਦੀ ਸਮੁੰਦਰ ਤਲ ਤੋਂ ਉਚਾਈ ਕੇਵਲ 1219 ਮੀਟਰ ਹੈ ਤੇ ਜ਼ਿਲ੍ਹਾ ਕਾਂਗੜਾ ਹੈ ਪਾਲਮਪੁਰ ਵੀ ਧਰਮਸ਼ਾਲਾ ਵਾਂਗ ਬਹੁਤ ਵੱਡਾ ਸ਼ਹਿਰ ਹੈ। ਬਾਜ਼ਾਰ ਵਿਚ ਹਰ ਵਸਤੂ ਉਪਲਬਧ ਹੈ। ਇੱਥੇ ਚਾਹ ਦੇ ਬਹੁਤ ਵੱਡੇ-ਵੱਡੇ ਬਾਗ਼ ਹਨ। ਚਾਹ ਦੇ ਸੁਗੰਧਿਤ ਬਾਗ਼ਾਂ ਵਿਚ ਅਲੌਕਿਕ ਦ੍ਰਿਸ਼ ਕੈਮਰਾਬੱਧ ਕਰਨ ਦਾ ਵੀ ਅਨੋਖਾ ਹੀ ਨਜ਼ਾਰਾ ਹੈ। ਇਹ ਇਕ ਤਰ੍ਹਾਂ ਦਾ ਨੀਮ ਪਹਾੜੀ ਖੇਤਰ ਹੈ। ਇੱਥੋਂ ਦੀਆਂ ਪਹਾੜੀਆਂ ’ਤੇ ਕਿਆਰੀਆਂ ਬਣਾ ਕੇ ਹਰ ਤਰ੍ਹਾਂ ਦੀ ਖੇਤੀ ਕੀਤੀ ਜਾਂਦੀ ਹੈ। ਸ਼ਹਿਰ ਵਿਚ ਪਾਲਮਪੁਰ ਕੋਆਪਰੇਟਿਵ ਚਾਹ ਦੀ ਫੈਕਟਰੀ ਹੈ ਜਿਸ ਵਿਚ ਪੱਤੀਆਂ ਨੂੰ ਸੁਕਾਉਣ ਤੋਂ ਲੈ ਕੇ ਚਾਹ ਤਿਆਰ ਹੋਣ ਤਕ ਸਾਰੀ ਪ੍ਰਕਿਰਿਆ ਨੂੰ ਦਿਖਾਇਆ ਜਾਂਦਾ ਹੈ। ਸੈਲਾਨੀ ਮਰਜ਼ੀ ਮੁਤਾਬਿਕ ਚਾਹ ਖ਼ਰੀਦ ਵੀ ਸਕਦੇ ਹਨ। ਪਾਲਮਪੁਰ ਤੋਂ 14 ਕਿਲੋਮੀਟਰ ਦੂਰ ਅੰਧਰੇਟੇ ਵਿਚ ਪ੍ਰਸਿੱਧ ਚਿੱਤਰਕਾਰ ਸੋਭਾ ਸਿੰਘ ਦੀ ਯਾਦ ਵਿਚ ਆਰਟ ਗੈਲਰੀ ਬਣੀ ਹੋਈ ਹੈ। ਇੱਥੇ ਸੋਭਾ ਸਿੰਘ ਨੇ ਜ਼ਿੰਦਗੀ ਦੇ ਕਈ ਸਾਲ ਗੁਜ਼ਾਰੇ। ਉਨ੍ਹਾਂ ਨਾਲ ਸਬੰਧਤ ਵਸਤੂਆਂ ਅੱਜ ਵੀ ਅਜਾਇਬ ਘਰ ਵਿਚ ਮੌਜੂਦ ਹਨ। ਪੰਜਾਬੀ ਨਾਟਕ ਦੀ ਮਸ਼ਹੂਰ ਸ਼ਖ਼ਸੀਅਤ ਨੌਰਾ ਰਿਚਰਡਜ਼ ਨੇ ਵੀ ਆਪਣੀ ਜ਼ਿੰਦਗੀ ਦਾ ਆਖ਼ਰੀ ਸਮਾਂ ਅੰਧਰੇਟੇ ਦੀਆਂ ਖ਼ੂਬਸੂਰਤ ਵਾਦੀਆਂ ਵਿਚ ਗੁਜ਼ਾਰਿਆ। ਇੱਥੇ ਉਨ੍ਹਾਂ ਦੀ ਯਾਦਗਾਰ ਵੀ ਬਣੀ ਹੋਈ ਹੈ।

ਪਾਲਮਪੁਰ ਤੋਂ ਬੈਜਨਾਥ ਹੁੰਦੇ ਹੋਏ ਬੀੜ ਬਿਲਿੰਗ ਨਾਂ ਦੀ ਬਹੁਤ ਹੀ ਸੋਹਣੀ ਜਗ੍ਹਾ ਆਉਂਦੀ ਹੈ। ਚਾਰੇ ਪਾਸੇ ਹਰਿਆਲੀ ਹੀ ਹਰਿਆਲੀ। ਭਾਵੇਂ ਕਿ ਬੀੜ ਅਤੇ ਬਿਲਿੰਗ ਦਾ ਆਪਸ ਵਿਚ ਫ਼ੈਸਲਾ 14 ਕਿਲੋਮੀਟਰ ਦਾ ਹੈ, ਪਰ ਏਸ਼ੀਆ ਦਾ ਮਸ਼ਹੂਰ ਪੈਰਾਗਲਾਈਡਿੰਗ ਪੁਆਇੰਟ ਇੱਥੇ ਹੋਣ ਕਰਕੇ ਇਸ ਨੂੰ ਇਕੱਠਾ ਬੀੜ ਬਿਲਿੰਗ ਹੀ ਕਿਹਾ ਜਾਂਦਾ ਹੈ ਬਲਿੰਗ ਵਿਚ ਰਹਿਣ ਵਾਸਤੇ ਟੈਂਟਾਂ ਦਾ ਪ੍ਰਬੰਧ ਹੈ। ਟੈਂਟਾਂ ਵਿਚ ਰਹਿਣ ਦਾ ਵੀ ਵੱਖਰਾ ਹੀ ਸੁਆਦ ਹੈ। ਭਾਰਤ ਦੇ ਹਰ ਖਿੱਤੇ ਵਿੱਚੋਂ ਲੋਕ ਇੱਥੇ ਪੈਰਾਗਲਾਈਡਿੰਗ ਕਰਨ ਆਉਂਦੇ ਹਨ। 2015 ਦੇ ਵਿਸ਼ਵ ਪੈਰਾ ਗਲਾਈਡਿੰਗ ਮੁਕਾਬਲੇ ਇੱਥੇ ਹੀ ਹੋਏ ਸਨ। ਪੈਰਾਗਲਾਈਡਿੰਗ ਵਾਸਤੇ ਬੀੜ ਬਿਲਿੰਗ ਸੰਸਾਰ ਦਾ ਦੂਜਾ ਸਭ ਤੋਂ ਸੁਰੱਖਿਅਤ ਅਤੇ ਮਨੋਰੰਜਨ ਭਰਪੂਰ ਸਥਾਨ ਹੈ।

ਬੀੜ ਬਿਲਿੰਗ ਤੋਂ ਬਰੋਟ ਜਾਂਦੇ ਹੋਏ ਰਸਤੇ ਵਿਚ ਜੋਗਿੰਦਰ ਨਗਰ ਸ਼ਹਿਰ ਆਉਂਦਾ ਹੈ, ਜਿੱਥੇ ਕਿ ਸ਼ਾਨਨ ਪਾਵਰ ਹਾਊਸ ਦੇਖਣਯੋਗ ਸਥਾਨ ਹੈ। ਹਿਮਾਲਾ ਪਰਬਤ ਦੀਆਂ ਧੌਲਾਧਾਰ ਪਹਾੜੀਆਂ ਵਿਚ ਘਿਰਿਆ ਹੋਇਆ ਸਮੁੰਦਰੀ ਤਲ ਤੋਂ 1820 ਮੀਟਰ ਦੀ ਉੱਚਾਈ ’ਤੇ ਸਥਿਤ ਛੋਟਾ ਜਿਹਾ ਕਸਬਾ ਬਰੋਟ ਬਹੁਤ ਹੀ ਠੰਢੀ ਜਗ੍ਹਾ ਹੈ। ਇਸ ਨੂੰ ਜ਼ਿਲ੍ਹਾ ਮੰਡੀ ਪੈਂਦਾ ਹੈ ਜੋ ਕਿ 66 ਕਿਲੋਮੀਟਰ ਦੀ ਦੂਰੀ ’ਤੇ ਹੈ। ਮੰਡੀ ਤੋਂ ਹੀ ਕੁੱਲੂ ਮਨਾਲੀ ਅਤੇ ਮਣੀਕਰਨ ਪਹੁੰਚਿਆ ਜਾ ਸਕਦਾ ਹੈ। ਬਰੋਟ ਵਿੱਚੋਂ ਲੰਘਦਾ ਦਰਿਆ ਸ਼ਹਿਰ ਨੂੰ ਦੋ ਹਿੱਸਿਆਂ ਵਿਚ ਵੰਡਦਾ ਹੈ ਅਤੇ ਪਾਣੀ ਵਿੱਚੋਂ ਲੰਘ ਕੇ ਆਉਂਦੀ ਠੰਢੀ ਹਵਾ ਸਰੀਰ ਨੂੰ ਠੰਢਕ ਪ੍ਰਦਾਨ ਕਰਦੀ ਹੈ। ਦਰੱਖ਼ਤਾਂ ਦੀ ਛਾਵੇਂ ਵਲ ਵਲੇਵੇਂ ਖਾਂਦੀਆਂ ਸੜਕਾਂ ਸਫ਼ਰ ਨੂੰ ਹੋਰ ਵੀ ਰੋਮਾਂਚਕ ਬਣਾਉਂਦੀਆਂ ਹਨ। ਇੱਥੇ ਰਹਿਣ ਲਈ ਹੋਟਲ, ਹੋਮ ਸਟੇਅ ਅਤੇ ਟੈਂਟਾਂ ਦਾ ਵਧੀਆ ਪ੍ਰਬੰਧ ਹੈ। ਪਹਾੜੀ ਉੱਤੇ ਟ੍ਰੈਕਿੰਗ ਕਰਦੇ ਹੋਏ ਝਰਨੇ ਤਕ ਪਹੁੰਚਿਆ ਜਾ ਸਕਦਾ ਹੈ। ਝਰਨੇ ਥੱਲੇ ਨਹਾ ਕੇ ਸਰੀਰ ਦੀ ਸਾਰੀ ਥਕਾਵਟ ਦੂਰ ਹੋ ਜਾਂਦੀ ਹੈ ਅਤੇ ਮਨ ਆਨੰਦਿਤ ਮਹਿਸੂਸ ਕਰਦਾ ਹੈ। ਉਚਾਈ ਤੋਂ ਡਿੱਗਦਾ ਹੋਇਆ ਝਰਨੇ ਦਾ ਕਲ਼ ਕਲ਼ ਕਰਦਾ ਸਵੱਛ ਪਾਣੀ ਰੂਹ ਨੂੰ ਤਾਜ਼ਗੀ ਦਿੰਦਾ ਹੈ। ਇਸ ਤਰ੍ਹਾਂ ਪੰਜ ਸੱਤ ਦਿਨ ਦਾ ਇਹ ਅਨੋਖਾ ਅਤੇ ਠੰਢਾ ਸਫ਼ਰ ਤੁਹਾਡੀ ਜ਼ਿੰਦਗੀ ਵਿਚ ਇਕ ਹੋਰ ਨਾ ਭੁੱਲਣਯੋਗ ਯਾਦ ਜੋੜ ਦਿੰਦਾ ਹੈ। •

*ਸਮੁੰਦਰ ਤਲ ਤੋਂ ਲਗਪਗ 12 ਹਜ਼ਾਰ ਦੀ ਉਚਾਈ ’ਤੇ ਉੱਤਰਾਖੰਡ ਦੀ ਖ਼ੂਬਸੂਰਤ ਉਗਰਮ ਵਾਦੀ ’ਚ ਸਥਿਤ ਬੰਸੀਨਾਰਾਇਣ ਮੰਦਿਰ ਤਕ ਪਹੁੰਚਣ ਲਈ 12-13 ਕਿਲੋਮੀਟਰ ਦੀ ਟ੍ਰੈਕਿੰਗ ਕਰ ਕੇ ਪੈਦਲ ਹੀ ਜਾਣਾ ਪੈਂਦਾ...*

# ਸਾਲ ’ਚ ਸਿਰਫ਼ ਇਕ ਵਾਰ ਖੁੱਲ੍ਹਦਾ ਹੈ ਬੰਸੀਨਾਰਾਇਣ ਮੰਦਿਰ

• ਜੋਗੀ ਸਾਰਸਵਤ

ਉੱਤਰਾਖੰਡ ਦੇ ਚਮੋਲੀ ਜ਼ਿਲ੍ਹੇ ’ਚ ਸਥਿਤ ਬੰਸੀਨਾਰਾਇਣ ਮੰਦਿਰ ਦੀ ਇਹੀ ਵਿਸ਼ੇਸ਼ਤਾ ਉਸ ਨੂੰ ਪ੍ਰਸਿੱਧ ਕਰਦੀ ਹੈ ਕਿ ਇਹ ਮੰਦਿਰ ਪੂਰੇ ਸਾਲ ਵਿਚ ਰੱਖੜੀ ਦੇ ਤਿਉਹਾਰ ’ਤੇ ਸਿਰਫ਼ ਇਕ ਦਿਨ ਲਈ ਹੀ ਖੁੱਲ੍ਹਦਾ ਹੈ ਅਤੇ ਉਸ ਦਿਨ ਹੀ ਪੂਜਾ-ਪਾਠ ਹੁੰਦਾ ਹੈ। ਹਾਲਾਂਕਿ ਸਾਡੇ ਜਿਹੇ ਕੁਝ ਟ੍ਰੈਕਰ ਜਦੋਂ ਇਥੇ ਜਾਂਦੇ ਹਨ ਤਾਂ ਭਗਵਾਨ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਮੰਦਿਰ ਦੇ ਕਿਵਾੜ ਖੋਲ੍ਹ ਕੇ ਅਗਰਬੱਤੀ ਜਲਾ ਕੇ ਇਸ ਪ੍ਰੰਪਰਾ ਨੂੰ ਤੋੜ ਵੀ ਦਿੰਦੇ ਹਨ।

ਪ੍ਰੰਪਰਾ ਅਨੁਸਾਰ ਇੱਥੋਂ ਦੇ ਪੁਜਾਰੀ ਰਾਜਪੂਤ ਹੁੰਦੇ ਹਨ, ਜੋ ਰੱਖੜੀ ਵਾਲੇ ਦਿਨ ਇਥੇ ਪੂਜਾ-ਪਾਠ ਕਰ ਕੇ ਵਿਧੀਪੂਰਵਕ ਮੰਦਿਰ ਦੇ ਕਿਵਾੜ ਖੋਲ੍ਹਦੇ ਹਨ। ਲਗਪਗ ਦਸ ਫੁੱਟ ਉੱਚੇ ਮੰਦਿਰ ’ਚ ਭਗਵਾਨ ਵਿਸ਼ਨੂੰ ਦੀ ਚਤੁਰਭੁਜ ਮੂਰਤੀ ਬਿਰਾਜਮਾਨ ਹੈ। ਆਸ-ਪਾਸ ਦੇ ਪਿੰਡਾਂ ਦੀਆਂ ਕੁੜੀਆਂ ਤੇ ਮਹਿਲਾਵਾਂ ਪਹਿਲਾਂ ਬੰਸੀਨਾਰਾਇਣ ਨੂੰ ਰੱਖੜੀ ਬੰਨ੍ਹਦੀਆਂ ਹਨ ਅਤੇ ਇਸ ਤੋਂ ਬਾਅਦ ਹੀ ਆਪਣੇ ਭਰਾਵਾਂ ਨੂੰ ਰੱਖੜੀ ਬੰਨ੍ਹਣ ਨਿਕਲਦੀਆਂ ਹਨ। ਇਕ ਛੋਟਾ ਜਿਹਾ ਮੇਲਾ ਵੀ ਇਸੇ ਦਿਨ ਇਥੇ ਲੱਗਦਾ ਹੈ ਅਤੇ ਸੁੰਨਸਾਨ ਰਹਿਣ ਵਾਲੀ ਇਹ ਥਾਂ ਇਕ ਦਿਨ ਲਈ ਰੌਣਕ ਭਰੀ ਹੋ ਜਾਂਦੀ ਹੈ।

ਪੁਜਾਰੀ ਪੁਰਾਣ ਦਾ ਹਵਾਲਾ ਦਿੰਦੇ ਹੋਏ ਦੱਸਦੇ ਹਨ ਕਿ ਵਾਮਨ ਅਵਤਾਰ ਲੈ ਕੇ ਭਗਵਾਨ ਵਿਸ਼ਨੂੰ ਨੇ ਦਾਨਵੀਰ ਰਾਜਾ ਬਲੀ ਦਾ ਹੰਕਾਰ ਤੋੜਨ ਲਈ ਉਸ ਨੂੰ ਪਤਾਲ ਲੋਕ ਭੇਜ ਦਿੱਤਾ। ਬਲੀ ਨੇ ਭਗਵਾਨ ਨੂੰ ਆਪਣੀ ਸੁਰੱਖਿਆ ਦਾ ਪ੍ਰਬੰਧ ਕਰਨ ਲਈ ਕਿਹਾ, ਉਦੋਂ ਸ੍ਰੀ ਵਿਸ਼ਨੂੰ ਜੀ ਪਤਾਲ ਲੋਕ ’ਚ ਬਲੀ ਦੇ ਦੁਆਰਪਾਲ ਬਣ ਗਏ। ਅਜਿਹੇ ’ਚ ਆਪਣੇ ਪਤੀ ਨੂੰ ਮੁਕਤ ਕਰਾਉਣ ਲਈ ਦੇਵੀ ਲਕਸ਼ਮੀ ਪਤਾਲ ਲੋਕ ਪਹੁੰਚੀ ਅਤੇ ਰਾਜਾ ਬਲੀ ਨੂੰ ਰੱਖੜੀ ਬੰਨ੍ਹ ਕੇ ਭਗਵਾਨ ਵਿਸ਼ਨੂੰ ਨੂੰ ਮੁਕਤ ਕਰਵਾਇਆ। ਮੰਨਿਆ ਜਾਂਦਾ ਹੈ ਕਿ ਪਤਾਲ ਲੋਕ ਤੋਂ ਭਗਵਾਨ ਵਿਸ਼ਨੂੰ ਇਥੇ ਹੀ ਪ੍ਰਗਟ ਹੋਏ। ਲੋਕਾਂ ਦੀ ਮਾਨਤਾ ਹੈ ਕਿ ਰੱਖੜੀ ਬੰਨ੍ਹਣ ਨਾਲ ਭਗਵਾਨ ਵਿਸ਼ਨੂੰ ਖ਼ੁਦ ਉਨ੍ਹਾਂ ਦੀ ਰੱਖਿਆ ਕਰਦੇ ਹਨ।

ਸਮੁੰਦਰ ਤਲ ਤੋਂ ਲਗਪਗ 12 ਹਜ਼ਾਰ ਦੀ ਉਚਾਈ ’ਤੇ ਉੱਤਰਾਖੰਡ ਦੀ ਖ਼ੂਬਸੂਰਤ ਉਗਰਮ ਵਾਦੀ ’ਚ ਸਥਿਤ ਬੰਸੀਨਾਰਾਇਣ ਮੰਦਿਰ ਤਕ ਪਹੁੰਚਣ ਲਈ ਤੁਹਾਨੂੰ 12-13 ਕਿਲੋਮੀਟਰ ਦੀ ਟ੍ਰੈਕਿੰਗ ਕਰ ਕੇ ਪੈਦਲ ਹੀ ਜਾਣਾ ਪੈਂਦਾ ਹੈ। ਹਰਿਦੁਆਰ-ਬਦਰੀਨਾਥ ਮੰਦਿਰ ਰਾਜਮਾਰਗ ’ਤੇ ਚਮੋਲੀ ਅਤੇ ਜੋਸ਼ੀਮਠ ਦੇ ਰਸਤੇ ’ਚ ਇਕ ਛੋਟਾ ਜਿਹਾ ਕਸਬਾ ਆਉਂਦਾ ਹੈ ਹੇਲੰਗ, ਇਥੋਂ ਤੁਹਾਨੂੰ ਦੇਵਗਰਾਮ ਤਕ ਜੀਪ ਮਿਲ ਜਾਂਦੀ ਹੈ। ਦੇਵਗ੍ਰਾਮ ਤੋਂ ਕੁਝ ਦੂਰੀ ’ਤੇ ਪੰਜ ਕੇਦਾਰਾਂ ’ਚੋਂ ਇਕ ਕਲਪੇਸ਼ਵਰ ਮੰਦਿਰ ਹੈ, ਜਿੱਥੇ ਤੁਸੀਂ ਭਗਵਾਨ ਸ਼ਿਵ ਦੀ ਅਰਾਧਨਾ ਕਰ ਸਕਦੇ ਹੋ। ਲੋਕ ਕਥਾਵਾਂ ਅਨੁਸਾਰ ਮੰਨਿਆ ਜਾਂਦਾ ਹੈ ਕਿ ਕਲਪੇਸ਼ਵਰ ਮੰਦਿਰ ਵਾਲੀ ਜਗ੍ਹਾ ’ਤੇ ਹੀ ਭਗਵਾਨ ਆਸ਼ੂਤੋਸ਼ ਦੀਆਂ ਜਟਾਵਾਂ ਪ੍ਰਗਟ ਹੋਈਆਂ ਸਨ। ਦੇਵਗ੍ਰਾਮ ’ਚ ਰੁਕਣ ਤੇ ਖਾਣੇ ਦੀ ਕੋਈ ਪਰੇਸ਼ਾਨੀ ਨਹੀਂ ਹੈ। ਲੇਕਿਨ ਬੰਸੀਨਾਰਾਇਣ



ਮੰਦਿਰ ਤੋਂ ਇਕ ਦਿਨ ’ਚ ਜਾ ਕੇ ਵਾਪਸ ਆਉਣ ਲਗਪਗ ਅਸੰਭਵ ਹੈ। ਇਸ ਲਈ ਬਿਹਤਰ ਹੈ ਕਿ ਆਪਣਾ ਟੈਂਟ ਨਾਲ ਹੀ ਲੈ ਕੇ ਜਾਓ। ਹਾਲਾਂਕਿ ਮੰਦਿਰ ਦੇ ਪਿੱਛੇ ਅਤੇ ਆਸ-ਪਾਸ ਗੁਫ਼ਾਵਾਂ ਮੌਜੂਦ ਹਨ, ਲੇਕਿਨ ਇੰਨੀ ਉਚਾਈ ’ਤੇ ਹੋਣ ਕਾਰਨ ਇਥੇ ਹਮੇਸ਼ਾ ਮੌਸਮ ਠੰਢਾ ਰਹਿੰਦਾ ਹੈ ਅਤੇ ਅਜਿਹੇ ’ਚ ਤੁਹਾਨੂੰ ਸਲੀਪਿੰਗ ਬੈਗ ਦੀ ਵੀ ਜ਼ਰੂਰਤ ਰਹਿੰਦੀ ਹੈ। ਦੇਵਗ੍ਰਾਮ ਤੋਂ ਬੰਸੀਨਾਰਾਇਣ ਮੰਦਿਰ ਤਕ ਦਾ ਰਸਤਾ ਬਹੁਤ ਹੀ ਸੁੰਦਰ ਤੇ ਦਿਲ ਮੋਹ ਲੈਣ ਵਾਲਾ ਹੈ। ਦੇਵਗ੍ਰਾਮ ਤੋਂ ਬਾਨਾ ਪਿੰਡ ਤਕ ਤੁਹਾਨੂੰ ਅਖਰੋਟ, ਸੇਬ ਅਤੇ ਹੋਰ ਫਲਾਂ ਦੇ ਦਰੱਖ਼ਤ ਖ਼ੂਬ ਦੇਖਣ ਨੂੰ ਮਿਲਣਗੇ। ਬਾਨਾ ਇਧਰ ਦਾ ਆਖ਼ਰੀ ਪਿੰਡ ਹੈ ਅਤੇ ਇਸ ਤੋਂ ਬਾਅਦ ਕਰੀਬ ਦੋ ਕਿਲੋਮੀਟਰ ਤਕ ਜੰਗਲ ਹੀ ਜੰਗਲ ਹੈ। ਹਾਲਾਂਕਿ ਜੰਗਲ ਨਾ ਤਾਂ ਬਹੁਤ ਸੰਘਣਾ ਹੈ ਤੇ ਨਾ ਹੀ ਕਿਸੇ ਜੰਗਲੀ ਜਾਨਵਰ ਦਾ ਡਰ ਹੈ। ਸਥਾਨਕ ਲੋਕ ਵੀ ਜੰਗਲ ਤੋਂ ਘਾਹ ਜਾਂ ਲੱਕੜੀ ਲਿਆਉਂਦੇ ਹੋਏ ਮਿਲ ਜਾਂਦੇ ਹਨ ਅਤੇ ਉਨ੍ਹਾਂ ਦੇ ਨਿਯਮਿਤ ਚੱਲਦੇ ਰਹਿਣ ਨਾਲ ਹੀ ਇਕ ਪਗਡੰਡੀ ਜਿਹਾ ਰਸਤਾ ਹੀ ਬਣ ਗਿਆ ਹੈ। ਬਾਨਾ ਤੋਂ ਬਾਅਦ ਬੰਸੀਨਾਰਾਇਣ ਮੰਦਿਰ ਤਕ ਕੋਈ ਪਿੰਡ ਨਹੀਂ ਹੈ, ਲੇਕਿਨ ਮੰਦਿਰ ਦੇ ਦੂਸਰੇ ਪਾਸੇ ਥੱਲੇ ਵਾਲੇ ਪਾਸੇ ਕਲਗੋਟ ਅਤੇ ਦੂਮਕ ਪਿੰਡ ਹੈ। ਇੱਥੋਂ ਦੇ ਨਿਵਾਸੀ ਤੁਹਾਨੂੰ ਮੰਦਿਰ ਦੇ ਆਸ-ਪਾਸ ਆਪਣੀਆਂ ਭੇਡਾਂ-ਬੱਕਰੀਆਂ ਚਰਾਉਂਦੇ ਹੋਏ ਮਿਲ ਜਾਣਗੇ। ਜੇ ਮੌਸਮ ਸਾਫ਼ ਹੈ ਤਾਂ ਤੁਹਾਨੂੰ ਇੱਥੋਂ ਹਾਥੀ, ਘੋੜੀ ਅਤੇ ਨੰਦਾ ਦੇਵੀ ਜਿਹੇ ਪਰਬਤ ਦੀਆਂ ਚੋਟੀਆਂ ਦੇ ਵੀ ਸੁੰਦਰ ਦਰਸ਼ਨ ਹੋ ਸਕਦੇ ਹਨ।

ਬੰਸੀਨਾਰਾਇਣ ਮੰਦਿਰ ਕਿਉਂਕਿ ਬਹੁਤੀ ਉਚਾਈ ’ਤੇ ਹੈ, ਇਸ ਲਈ ਭਲੇ ਹੀ ਤੁਸੀਂ ਕਿਸੇ ਵੀ ਮੌਸਮ ’ਚ ਜਾਓ, ਤੁਹਾਨੂੰ ਗਰਮ ਕੱਪੜੇ ਲਿਜਾਣੇ ਜ਼ਰੂਰੀ ਹਨ ਲੇਕਿਨ ਪਹਾੜੀ ਰਸਤਿਆਂ ’ਤੇ ਫਿਸਲਣ ਹੁੰਦੀ ਹੈ ਤਾਂ ਬਿਹਤਰ ਹੋਵੇਗਾ ਕਿ ਮਾਨਸੂਨ ਦੇ ਦਿਨਾਂ ’ਚ ਤੁਸੀਂ ਇਥੋਂ ਦੀ ਯਾਤਰਾ ਦਾ ਪ੍ਰੋਗਰਾਮ ਨਾ ਬਣਾਓ। •



*ਸ੍ਰੀ ਕ੍ਰਿਸ਼ਨਾ ਅਜਾਇਬ ਘਰ ਸ੍ਰੀ ਕ੍ਰਿਸ਼ਨ ਜੀ ਦੇ ਧਾਰਮਿਕ ਤੇ ਸਮਾਜਿਕ ਦੋਵਾਂ ਰੂਪਾਂ ਨੂੰ ਮੂਰਤੀਮਾਨ ਕਰਦਾ ਹੈ। ਇਸ ਅਜਾਇਬ ਘਰ ਦੀ ਰੂਪ ਰੇਖਾ 1987 ’ਚ ਬਣੀ...*

# ਸ੍ਰੀ ਕ੍ਰਿਸ਼ਨ ਅਜਾਇਬ ਘਰ ਕੁਰੂਕਸ਼ੇਤਰ

ਕੁਰੂਕਸ਼ੇਤਰ ਨਗਰ ਦੀ ਅਧਿਆਤਮਿਕ ਅਤੇ ਇਤਿਹਾਸਕ ਮਹਾਨਤਾ ਨੂੰ ਕੁਰੂਕਸ਼ੇਤਰ ਵਿਕਾਸ ਬੋਰਡ ਨੇ ਪੁਨਰ-ਜੀਵਤ ਕਰ ਦਿੱਤਾ ਹੈ। ਇਸ ਤੱਥ ਦੀ ਪੁਸ਼ਟੀ ਲਈ ਮੈਂ ਇਸ ਨਗਰ ਦੇ ਉਨ੍ਹਾਂ ਸਥਾਨਾਂ ਬਾਰੇ ਲਿਖਣ ਦੀ ਕੋਸ਼ਿਸ਼ ਕਰਾਂਗਾ ਜੋ ਆਪਣੀ ਅਜੋਕੀ ਮਾਨਤਾ ਲਈ ਸਦਾ ਕੁਰੂਕਸ਼ੇਤਰ ਵਿਕਾਸ ਬੋਰਡ ਨੂੰ ਯਾਦ ਰੱਖਣਗੇ। ਇਨ੍ਹਾਂ ਥਾਵਾਂ ਦੀ ਧਾਰਮਿਕ ਮਾਨਤਾ ਯੁਗਾਂ ਪੁਰਾਣੀ ਮੰਨੀ ਜਾਂਦੀ ਹੈ, ਪਰ ਸਮੇਂ ਨੇ ਇਨ੍ਹਾਂ ਸਥਾਨਾਂ ਦੀ ਹਾਲਤ ਬਹੁਤ ਖਸਤਾ ਕਰ ਦਿੱਤੀ ਸੀ। ਇਸ ਦਰਦ ਕਹਾਣੀ ਨੂੰ ਕਿਸੇ ਹੋਰ ਲੇਖ ਵਿਚ ਛੇੜਾਂਗਾ, ਇਥੇ ਤਾਂ ਇੰਨੀ ਗੱਲ ਕਰ ਕੇ ਹੱਥਲੇ ਵਿਸ਼ੇ ਵੱਲ ਮੁੜਾਂਗਾ ਕਿ ਪਹਿਲੀ ਅਗਸਤ 2018 ਤੋਂ 31 ਜੁਲਾਈ 2019 ਤਕ ਕੁਰੂਕਸ਼ੇਤਰ ਵਿਕਾਸ ਬੋਰਡ ਆਪਣੀ ਸਵਰਨ ਜੈਅੰਤੀ ਮਨਾ ਰਿਹਾ ਹੈ। ਇਨ੍ਹਾਂ ਪੰਜਾਹ ਸਾਲਾਂ ਵਿਚਲੇ ਵਿਸ਼ੇਸ਼ ਕਾਰਜਾਂ ਵਿੱਚੋਂ ਇਕ ਹੈ ਸ੍ਰੀ ਕ੍ਰਿਸ਼ਨ ਅਜਾਇਬ ਘਰ। ਹਰ ਇਕ ਅਜਾਇਬ ਘਰ ਦੀ ਕੋਈ ਨਾ ਕੋਈ ਵਿਸ਼ੇਸ਼ਤਾ ਹੁੰਦੀ ਹੈ। ਇਹ ਭਾਵੇਂ ਮੁੰਬਈ ਦਾ ਹੋਵੇ, ਹੈਦਰਾਬਾਦ ਦਾ ਸੁਲਾਰਜੰਗ ਹੋਵੇ ਜਾਂ ਵਾਲਐਂਡ ਟਰਾਂਟੋ ਦਾ ਅਜਾਇਬ ਘਰ ਜਿੱਥੇ ਪੁਰਾਤਨ ਸੰਦ, ਹਥਿਆਰ ਤੇ ਸੈਨਿਕਾਂ ਦੇ ਕੱਪੜੇ ਵਿਸ਼ੇਸ਼ ਤੌਰ ’ਤੇ ਪ੍ਰਦਰਸ਼ਿਤ ਕੀਤੇ ਹੋਏ ਹਨ। ਸ੍ਰੀ ਕ੍ਰਿਸ਼ਨਾ ਅਜਾਇਬ ਘਰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਧਾਰਮਿਕ ਅਤੇ ਸਮਾਜਿਕ ਦੋਵਾਂ ਰੂਪਾਂ ਨੂੰ ਮੂਰਤੀਮਾਨ ਕਰਦਾ ਹੈ। ਇਸ ਅਜਾਇਬ ਘਰ ਦੀ ਰੂਪ ਰੇਖਾ 1987 ਵਿਚ ਬਣੀ ਅਤੇ ਇਸ ਦੀ ਸਥਾਪਨਾ ਲਗਪਗ ਪੰਜ ਏਕੜ ਭੂਮੀ ’ਤੇ ਕਰ ਕੇ ਆਰੰਭ ਹੋਈ। ਸਾਲ 1991 ਵਿਚ ਇਸ ਅਜਾਇਬ ਘਰ ਦਾ ਪਹਿਲਾ ਭਾਗ ਸਥਾਪਤ ਕੀਤਾ ਗਿਆ। ਫਿਰ 1995 ਵਿਚ ਇਸ ਨਾਲ ਦੂਜਾ ਭਾਗ ਜੋੜਿਆ ਗਿਆ। ਇਸ ਤਰ੍ਹਾਂ ਹੁਣ ਇਹ ਅਜਾਇਬ ਘਰ ਦੋ ਭਾਗਾਂ ਵਿਚ ਸਥਾਪਤ ਹੈ। ਇਸ ਅਜਾਇਬ ਘਰ ਵਿਚ ਪ੍ਰਦਰਸ਼ਿਤ ਕਲਾ-ਕ੍ਰਿਤੀਆ ਵਿਚ ਸ੍ਰੀ ਕ੍ਰਿਸ਼ਨ ਇਕ ਦੇਵਤਾ, ਵਿਸ਼ਨੂੰ ਜੀ ਦੇ ਅਵਤਾਰ, ਇਕ ਮਹਾਨ ਦਾਰਸ਼ਨਿਕ, ਮਹਾਂਕਾਵਿ ਦੇ ਮਹਾਂਨਾਇਕ, ਇਕ ਕੁਸ਼ਲ ਰਾਜਨੀਤੀਕਾਰ ਅਤੇ ਪ੍ਰੇਮੀ ਦੇ ਰੂਪ ਵਿਚ ਪ੍ਰਦਰਸ਼ਿਤ ਹਨ। ਮਹਾਨ ਕਲਾਕਾਰਾਂ ਨੇ ਸ੍ਰੀ ਕ੍ਰਿਸ਼ਨ ਜੀ ਨੂੰ ਆਪਣਾ ਪ੍ਰੇਰਨਾ-ਸਰੋਤ ਮੰਨ ਕੇ



ਸੀ. ਆਰ. ਮੋਦਗਿਲ

92157-15909

ਆਪਣੀਆਂ ਕਲਾ-ਕ੍ਰਿਤੀਆਂ ਰਾਹੀਂ ਕ੍ਰਿਸ਼ਨ ਕਥਾ ਦਾ ਚਿਤ੍ਰਣ ਕੀਤਾ ਹੈ। ਇਸ ਅਜਾਇਬ ਘਰ ਦੀਆਂ ਅੱਠ ਗੈਲਰੀਆਂ ਹਨ। ਮੈਂ ਹੱਥਲੇ ਆਰਟੀਕਲ ਵਿਚ ਪਹਿਲੀਆਂ ਦੋ ਗੈਲਰੀਆਂ ਦੀ ਗੱਲ ਹੀ ਕਰਾਂਗਾ।

## ਪਹਿਲੀ ਗੈਲਰੀ

ਇਸ ਵਿਚ ਵੱਖ-ਵੱਖ ਸ਼ੈਲੀਆਂ ਅਤੇ ਕਾਲਖੰਡਾਂ ਵਿਚ ਧਾਤੂ ਨਿਰਮਿਤ ਮੂਰਤੀਆਂ, ਲੱਕੜੀ ਅਤੇ ਹਾਥੀ ਦੰਦ ਦੀਆਂ ਕ੍ਰਿਤੀਆਂ ਪ੍ਰਦਰਸ਼ਿਤ ਹਨ। ਉਸ ਵੇਲੇ ਲੱਕੜੀ ਦੀ ਵਰਤੋਂ ਵਧੇਰੇ ਪ੍ਰਚਲਿੱਤ ਸੀ, ਇਸੇ ਲਈ ਸ਼ਿਲਪੀਆਂ ਨੇ ਵਧੇਰੇ ਇਸੇ ਨੂੰ ਅਪਣਾਇਆ। ਇਸ ਗੈਲਰੀ ਵਿਚ ਕਰਨਾਟਕ, ਤਾਮਿਲਨਾਡੂ ਅਤੇ ਆਂਧਰਾ ਪ੍ਰਦੇਸ਼, ਉੜੀਸਾ ਤੋਂ ਪ੍ਰਾਪਤ ਲੱਕੜੀ ਦੀਆਂ ਕਲਾ ਕ੍ਰਿਤੀਆਂ ਰੱਖੀਆਂ ਹੋਈਆਂ ਹਨ। ਕੁਝ ਕਲਾ ਕ੍ਰਿਤੀਆਂ ਹਾਥੀ ਦੰਦ ਦੀਆਂ ਵੀ ਬਣੀਆਂ ਹੋਈਆਂ ਹਨ। ਉੜੀਸਾ ਤੋਂ 18ਵੀਂ ਅਤੇ 19ਵੀਂ ਸਦੀ ਵਿਚ ਲੱਕੜੀ ਦੇ ਫੱਟਿਆਂ ਉੱਪਰ ਭਗਵਾਨ ਵਿਸ਼ਨੂੰ ਜੀ ਦੇ ਦਸ ਅਵਤਾਰਾਂ ਅਤੇ ਬਾਲ ਲੀਲ੍ਹਾ ਦੀਆਂ ਝਲਕੀਆਂ ਹਨ। ਦੂਸਰੇ ਫੱਟੇ ਉਪਰ ਸ੍ਰੀ ਕ੍ਰਿਸ਼ਨ ਜੀਵਨ ਦੇ ਵੱਖ-ਵੱਖ ਪ੍ਰਸੰਗ ਚਿਤ੍ਰਿਤ ਹਨ। ਇਸ ਖੰਡ ਦੀ ਉੜੀਸਾ ਤੋਂ ਹੀ ਪ੍ਰਾਪਤ ਰਾਧਾ-ਕ੍ਰਿਸ਼ਨ ਜੀ ਦੀ ਬੰਸਰੀ ਵਜਾਉਂਦਿਆਂ ਬਣਾਈ ਹੋਈ ਪ੍ਰਤਿਮਾ ਵਿਸ਼ੇਸ਼ ਖਿੱਚ ਦਾ ਕੇਂਦਰ ਹੈ। ਉੜੀਸਾ ਤੋਂ ਹੀ ਪ੍ਰਾਪਤ ਹਾਥੀ ਦੰਦ ਤੇ ਬਣੀਆਂ ਮੂਰਤੀਆਂ ਵੀ ਵਿਸ਼ੇਸ਼ ਧਿਆਨ ਦੀ ਮੰਗ ਕਰਦੀਆਂ ਹਨ। ਤਾਮਿਲਨਾਡੂ ਤੋਂ ਕਾਠ ਦੀਆਂ ਵਿਸ਼ੇਸ਼ ਸ਼ੈਲੀ ਦੀਆਂ ਮੂਰਤੀਆਂ ਤੇ ਸਥੂਲਤਾ ਵੀ ਪ੍ਰਦਰਸ਼ਿਤ ਹੈ। ਇਨ੍ਹਾਂ ਵਿਚ ਬੇਨੂੰਗੋਪਾਲ ਦੀ ਕਾਠ ਦੀ ਮੂਰਤੀ ਵਿਚ ਸ੍ਰੀ ਕ੍ਰਿਸ਼ਨ ਦੇ ਮਨੋਹਾਰੀ ਬੰਸੀਵਾਦਨ ਦਾ ਚਿਤ੍ਰਣ ਹੈ। ਕਰਨਾਟਕਾ ਦੀ ਚੰਦਨ ਦੀ ਲੱਕੜੀ ’ਤੇ ਬਣੀਆਂ ਕਲਾ-ਕ੍ਰਿਤੀਆਂ ਵਿਚ ਕਮਾਲ ਇਹ ਵੀ ਵੇਖਣ ਨੂੰ ਮਿਲਦਾ ਹੈ ਕਿ ਇਸ ਦੇ ਇਕ ਪਾਸੇ ਬੰਸੀ ਵਜਈਯਾ ਹਨ ਅਤੇ ਦੂਸਰੇ ਪਾਸੇ ਗਜ-ਉਸਾਰ ਦਾ ਪ੍ਰਸੰਗ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ ਗਿਆ ਹੈ।

ਇਸੇ ਗੈਲਰੀ ਵਿਚ ਧਾਤੂ ਦੀਆਂ ਬਣੀਆਂ ਬਹੁਤ ਹੀ ਸੁੰਦਰ ਮੂਰਤੀਆਂ ਹਨ ਜਿਨ੍ਹਾਂ ਵਿਚ ਸ੍ਰੀ ਕ੍ਰਿਸ਼ਨ ਜੀਵਨ ਦੇ ਵੱਖ-ਵੱਖ ਪ੍ਰਸੰਗ ਦਰਸਾਏ ਗਏ ਹਨ।

## ਦੂਜੀ ਗੈਲਰੀ

ਇਸ ਗੈਲਰੀ ਵਿਚ ਵਿਸ਼ੇਸ਼ ਕਰਕੇ ਹਰਿਆਣਾ ਅਤੇ ਦੁਆਰਕਾ ਨਗਰੀ (ਗੁਜਰਾਤ) ਦੇ ਪ੍ਰਾ-ਇਤਿਹਾਸਕ ਅਤੇ ਅਰਧ-ਇਤਿਹਾਸਿਕ ਤੱਥਾਂ ਉੱਪਰ ਧਿਆਨ ਖਿੱਚਿਆ ਗਿਆ ਹੈ। ਪ੍ਰਾਚੀਨ ਕੁਰੂਕਸ਼ੇਤਰ ਅਤੇ ਪੁਰਾਤਤਵ ਸਥਾਨ ਜਿਵੇਂ ਕੁਨਾਲ, ਬਨਵਲੀ, ਰਾਖੀਗੜ੍ਹੀ, ਭਿਰਡਾਨਾ, ਜੋਗਨਾਖੇੜਾ, ਬਾਲੂ ਅਤੇ ਦੌਲਤਪੁਰਾ ਆਦਿ ਤੋਂ ਮਿਲੇ ਪੁਰਾਤਨ ਅਵਸ਼ੇਸ਼ ਪ੍ਰਸਤੁਤ ਹਨ। ਇਸੇ ਤਰ੍ਹਾਂ ਦੁਆਰਕਾ ਤੋਂ ਮਿਲੇ ਸਮੁੰਦਰੀ ਤੱਟ ਅਤੇ ਸਮੁੰਦਰ ਦੇ ਅੰਦਰੋਂ ਮਿਲੇ ਅਵਸ਼ੇਸ਼ ਵੀ ਪ੍ਰਦਰਸ਼ਿਤ ਹਨ ਜੋ ਦੁਆਰਕਾ ਦੇ ਕੁਝ ਭਾਂਡੇ, ਸੰਖ ਦੀਆਂ ਚੂੜੀਆਂ ਤੋਂ ਇਲਾਵਾ ਇਕ ਮੋਹਰ ਦੇ ਰੂਪ ਵਿਚ ਵਿਖਾਏ ਗਏ ਹਨ। ਉਹ ਆਪਣੇ ਆਪ ਵਿਚ ਇਤਿਹਾਸਿਕ ਪ੍ਰਮਾਣ ਹਨ। ਇਸ ਤੋਂ ਬਿਨਾਂ ਇਸੇ ਗੈਲਰੀ ਵਿਚ ਵਿਸ਼ਨੂੰ-ਕ੍ਰਿਸ਼ਨ ਕਥਾ ਤੇ ਹਰਿਆਣਾ ਦੇ ਵੱਖ-ਵੱਖ ਸਥਾਨਾਂ ਅਤੇ ਮਥੁਰਾ ਤੋਂ ਮਿਲੀਆਂ ਵੱਡਮੁੱਲੀਆਂ ਮੂਰਤੀਆਂ ਵੀ ਪ੍ਰਦਰਸ਼ਿਤ ਹਨ। •



ਜਗਰੂਪ ਸਿੰਘ ਜਰਖੜ

2064782001

*50ਵੇਂ ਦਹਾਕੇ ’ਚ ਮਾਇਓ ਸਿੰਘ ਦੀ ‘ਮਾਇਓ ਲੰਬਰ ਕੰਪਨੀ’ ਮਿੱਲ ਫੇਲ੍ਹ ਹੋਣ ਕਿਨਾਰੇ ਹੋ ਗਈ। ਉਸ ਦੇ ਸਾਥੀ ਕਪੂਰ ਸਿੰਘ ਵੈਨਕੂਵਰ ਚਲੇ ਗਏ। ਅਖ਼ੀਰ ਮਿੱਲ ਬੈਂਕ ਕੋਲ ਗਿਰਵੀ ਹੋ ਗਈ। ਸਿੱਖ ਪਰਿਵਾਰਾਂ ਨੇ ਪਿੰਡ ਪਾਲਦੀ ਛੱਡਣਾ ਸ਼ੁਰੂ ਕਰ ਦਿੱਤਾ...*

# ਕੈਨੇਡਾ ’ਚ ਸੌ ਸਾਲ ਪਹਿਲਾਂ ਵਸੇ ਪਾਲਦੀ ਦੀ ਹੋਂਦ ਖ਼ਤਮ ਹੋਣ ਕੰਢੇ

ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਮਾਹਿਲਪੁਰ ਦੇ ਨੇੜੇ ਇੱਕ ਪਿੰਡ ਵਸਦਾ ਹੈ ਜਿਸ ਦਾ ਨਾਂਅ ਹੈ ‘ਪਿੰਡ ਪਾਲਦੀ’। ਉਥੋਂ ਦੇ 1888 ’ਚ ਸਿੱਖ ਪਰਿਵਾਰ ’ਚ ਜਨਮੇ ਮੀਆਂ ਸਿੰਘ ਸਪੁੱਤਰ ਬੂਲਾ ਸਿੰਘ ਆਪਣੇ ਦੋ ਸਾਥੀਆਂ ਕਪੂਰ ਸਿੰਘ ਅਤੇ ਦੁੱਮਣ ਸਿੰਘ ਨਾਲ ਰੋਜ਼ੀ ਰੋਟੀ ਕਮਾਉਣ ਲਈ 1906 ’ਚ ਅਮਰੀਕਾ ਦੇ ਸ਼ਹਿਰ ਸਾਨ ਫਰਾਂਸਿਸਕੋ ਗਏ। ਜ਼ਿੰਦਗੀ ਦੇ ਨਿਰਵਾਹ ਦੇ ਚਲਦੇ ਸੰਘਰਸ਼ ਅਖੀਰ 1915-16 ’ਚ ਕੈਨੇਡਾ ਦੇ ਵਿਕਟੋਰੀਆ ਦੇ ਆਈਲੈਂਡ ਵਿਚ ‘ਡੰਕਨ ਵੈਲੀ’ ਕੋਲ ਰੇਲਵੇ ਲਾਈਨਾਂ ’ਤੇ ਨੌਕਰੀ ਕਰਨ ਲੱਗੇ।

1914 ’ਚ ਸ਼ੁਰੂ ਹੋਏ ਪਹਿਲੇ ਵਿਸ਼ਵ ਯੁੱਧ ਦੌਰਾਨ ਕੈਨੇਡੀਅਨ ਨੌਜਵਾਨਾਂ ’ਚ ਫ਼ੌਜ ’ਚ ਭਰਤੀ ਹੋਣ ਦਾ ਵੱਡਾ ਰੁਝਾਨ ਸੀ। ਉਸ ਵੇਲੇ ਕੈਨੇਡੀਅਨ ਗੋਰੇ ਵੱਡੀ ਗਿਣਤੀ ’ਚ ਲੱਕੜ ਦੀ ਇਕ ‘ਸ਼ਾਹ ਮਿੱਲ’ ’ਚ ਕੰਮ ਕਰਦੇ ਸਨ ਅਤੇ ਕੈਨੇਡੀਅਨ ਨੌਜਵਾਨਾਂ ਦਾ ਰੁਝਾਨ ਫੌਜ ਵੱਲ ਨੂੰ ਹੋ ਗਿਆ। ਤਾਂ ਉਸੇ ਮਿੱਲ ’ਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਪਾਲਦੀ ਦੇ ਮੀਆਂ ਸਿੰਘ ਅਤੇ ਉਸ ਦੇ ਸਾਥੀ ਕਪੂਰ ਸਿੰਘ ਤੇ ਦੁੱਮਣ ਸਿੰਘ ਅਤੇ ਹੋਰ 34 ਦੇ ਕਰੀਬ ਨੌਜਵਾਨਾਂ ਨੇ ਇਹ ਮਿੱਲ ਲੀਜ਼ ’ਤੇ ਲੈ ਲਈ। ਪਾਲਦੀ ਪਿੰਡ ਵਾਲਾ ਮੀਆਂ ਸਿੰਘ ਤੋਂ ਮਾਇਓ ਸਿੰਘ ਬਣ ਗਿਆ। ਇਸ ਮਿੱਲ ਦਾ ਨਾਂਅ ਵੀ ‘ਮਾਇਓ ਬ੍ਰਦਰਜ਼ ਟਿੰਬਰ ਕੰਪਨੀ’ ਰੱਖਿਆ ਗਿਆ। ਕੁਦਰਤ ਦੀ ਅਜਿਹੀ ਨਿਗ੍ਹਾ ਸਵੱਲੀ ਹੋਈ ਕਿ ਮਾਇਓ ਬ੍ਰਦਰਜ਼ ਲੱਕੜ ਮਿੱਲ ਦੀ ਪੂਰੀ ਕੈਨੇਡਾ ਵਿਚ ਬੱਲੇ-ਬੱਲੇ ਹੋ ਗਈ। ਇਸ ਮਿੱਲ ਦਾ ਵਪਾਰ ਅਮਰੀਕਾ ਅਤੇ ਹੋਰ ਯੂਰਪੀਅਨ ਦੇਸ਼ਾਂ ਵਿਚ ਫੈਲ ਗਿਆ। ਮਾਇਓ ਦੀ ਪਹਿਚਾਣ ਅਮਰੀਕਾ ਦੇ ਧਨਾਢ ਬੰਦਿਆਂ ਵਿਚ ਹੋ ਗਈ। ਅਖ਼ੀਰ ਇਹ ਮਿੱਲ ਇਕੱਲੇ ਮਾਇਓ ਸਿੰਘ ਦੀ ਬਣ ਗਈ। ਇਸ ਦਾ ਨਾਂ ‘ਮਾਇਓ ਬ੍ਰਦਰਜ਼’ ਤੋਂ ਬਦਲ ਕੇ ‘ਮਾਇਓ ਲੰਬਰ’ ਕੰਪਨੀ ਰੱਖ ਲਿਆ ਗਿਆ। ਇਹ ਮਿੱਲ 14 ਹਜ਼ਾਰ ਏਕੜ ਵਿਚ ਫੈਲ ਗਈ। ਹਰ ਰੋਜ਼ 1 ਹਜ਼ਾਰ ਦੇ ਕਰੀਬ ਮੁਲਾਜ਼ਮ ਇਸ ਮਿੱਲ ’ਚ ਕੰਮ ਕਰਦੇ ਸਨ। ਜਿਨ੍ਹਾਂ ਵਿਚ ਵਧੇਰੇ ਸਿੱਖ ਪਰਿਵਾਰਾਂ ਤੋਂ ਇਲਾਵਾ ਗੋਰੇ, ਜਪਾਨੀ ਅਤੇ ਚੀਨੀ ਲੋਕ ਮਾਇਓ ਸਿੰਘ ਦੀ ਮਿੱਲ ’ਚ ਕੰਮ ਕਰਦੇ ਸਨ।

ਉਸ ਤੋਂ ਬਾਅਦ ਇਸ ਮਿੱਲ ’ਚ ਇਕ ਪਿੰਡ ਦੀ ਸਥਾਪਨਾ ਹੋਈ, ਜਿਸ ਦਾ ਨਾਂ ਮਾਇਓ ਸਿੰਘ ਨੇ ਆਪਣੇ ਜੱਦੀ ਪਿੰਡ ਦੇ ਨਾਂ ’ਤੇ ‘ਪਿੰਡ ਪਾਲਦੀ’ ਰੱਖਿਆ। ਜਿਸ ’ਚ ਸਿੱਖ ਭਾਈਚਾਰੇ ਦੇ ਲੋਕਾਂ ਤੋਂ ਇਲਾਵਾ ਜਪਾਨੀ ਲੋਕ ਵਸਣੇ ਸ਼ੁਰੂ ਹੋ ਗਏ। 1919 ’ਚ ਉਥੇ ਵੱਸਦੇ ਸਿੱਖਾਂ ਨੇ ਕੈਨੇਡਾ ਦੇ ਇਸ ਪਿੰਡ ਪਾਲਦੀ ਵਿਚ ਇਕ ਗੁਰਦੁਆਰਾ ਸਾਹਿਬ ਦੀ ਸਥਾਪਨਾ ਕੀਤੀ। ਜਿਸ ਦਾ ਨਾਂ ਰੱਖਿਆ ਗਿਆ ‘ਪਾਲਦੀ ਸਿੱਖ ਟੈਂਪਲ’। ਇਸ ਤੋਂ ਇਲਾਵਾ ਸਮੇਂ ਦੇ ਬੀਤਣ ਨਾਲ ਪਿੰਡ ਵਿਚ ਸਕੂਲ, ਪੋਸਟ ਆਫ਼ਿਸ, ਜਪਾਨੀ ਟੈਂਪਲ, ਸਟੋਰ ਆਦਿ ਸਥਾਪਿਤ ਹੋਏ। 1925 ’ਚ ਮਾਇਓ ਸਿੰਘ ਨੇ ਗੁਰਦੁਆਰਾ ਸਾਹਿਬ ਦੇ ਸਾਹਮਣੇ ਆਪਣਾ ਇਕ ਆਲੀਸ਼ਾਨ ਮਕਾਨ ਬਣਾਇਆ। ਉਸ ਵਕਤ ਜਦੋਂ ਆਮ ਬੰਦੇ









ਲਈ ਸਾਈਕਲ ਖਰੀਦਣਾ ਵੀ ਇਕ ਵੱਡੀ ਚੁਣੌਤੀ ਸੀ ਤਾਂ ਮਾਇਓ ਸਿੰਘ ਨੇ ਹਵਾਈ ਜਹਾਜ਼ ਰੱਖਿਆ ਸੀ ਅਤੇ ਉਸ ਨੇ ਆਪਣੇ ਘਰ ਹੈਲੀਪੈਡ ਬਣਾਇਆ ਸੀ। ਦੁਨੀਆ ਦੀ ਮਸ਼ਹੂਰ ਕੰਪਨੀ ਰੋਲਸ ਰਾਇਸ ਦੀਆਂ ਦੋ ਮਹਿੰਗੀਆਂ ਵੱਡੀਆਂ ਕਾਰਾਂ ਉਸ ਕੋਲ ਮੌਜੂਦ ਸਨ। ਮਾਇਓ ਸਿੰਘ ਦਸਾਂ ਨੌਹਾਂ ਦੀ ਕਿਰਤ ’ਚੋਂ ਯੂਨੀਵਰਸਿਟੀ ਆਫ਼ ਵਿਕਟੋਰੀਆ ਨੂੰ ਦਾਨ ਦਿੰਦਾ ਸੀ। 1937 ’ਚ ਇਥੇ 100 ਤੋਂ ਵੱਧ ਸਿੱਖਾਂ ਦੇ ਘਰ ਅਤੇ ਪਰਿਵਾਰ ਸਨ। ਜਿਨ੍ਹਾਂ ਦੀ ਵਸੋਂ 1500 ਤੋਂ 2000 ਦੇ ਕਰੀਬ ਸੀ। ਪਿੰਡ ਪਾਲਦੀ ਨੂੰ ਕੈਨੇਡਾ ਦੇ ਸਿੱਖਾਂ ਦਾ ਪਿੰਡ ਕਿਹਾ ਜਾਂਦਾ ਹੈ। ਪਿੰਡ ਦੀਆਂ ਗਲੀਆਂ ਦੇ ਨਾਂ ਅੱਜ ਵੀ ਉਥੋਂ ਦੀਆਂ ਗਲੀਆਂ ’ਚ ਲੱਗੀਆਂ ਨੇਮ ਪਲੇਟਾਂ ਇਸ ਗੱਲ ਦੀਆਂ ਗਵਾਹ ਹਨ ਜਿਸ ਵਿਚ ਇਕ ਗਲੀ ਕਪੂਰ ਸਿੰਘ ਦੇ ਨਾਂ ’ਤੇ, ਇਕ ਦਾ ਨਾਂ ਦੁੱਮਣ ਸਿੰਘ ਤੇ ਇਕ ਗਲੀ ਦਾ ਨਾਂ ਉਸ ਦੀ ਧਰਮਪਤਨੀ ਬਿਸ਼ਨ ਕੌਰ ਦੇ ਨਾਂ, ਜਦਕਿ ਇਕ ਹੋਰ ਗਲੀ ਦਾ ਨਾਂ ਉਸ ਦੀ ਬੇਟੀ ਜਿੰਦੋ (ਜੋਗਿੰਦਰ ਕੌਰ) ਦੇ ਨਾਂ ’ਤੇ ਹੈ। ਇਹ ਪਾਲਦੀ ਪਿੰਡ, ਵਿਕਟੋਰੀਆ ਤੋਂ 74 ਕਿਲੋਮੀਟਰ ਦੂਰ ਅਤੇ ਡੰਕਨ ਵੈਲੀ ਤੋਂ 13 ਕਿਲੋਮੀਟਰ ਦੂਰ ਉੱਤਰ ਵਾਲੇ ਪਾਸੇ ਹੈ। 1948 ’ਚ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਉਚੇਚੇ ਤੌਰ ’ਤੇ ਮਾਇਓ ਸਿੰਘ ਦੇ ਘਰ ਅਤੇ ਉਸ ਦੀ ਮਿੱਲ ਦੇਖਣ ਗਏ। ਮਾਇਓ ਸਿੰਘ ਦੇ 7 ਬੱਚੇ ਸਨ। ਜਦੋਂ ਵੀ ਉਸ ਦੇ ਘਰ ਕੋਈ ਬੱਚਾ ਪੈਦਾ ਹੁੰਦਾ ਤਾਂ ਉਹ ਆਪਣੀ ਇਕ ਦਿਨ ਦੀ ਤਨਖਾਹ ਵਿਕਟੋਰੀਆ ਯੂਨੀਵਰਸਿਟੀ ਨੂੰ ਦਾਨ ਕਰਦੇ ਸਨ।



ਅਖ਼ੀਰ ਕੁਦਰਤ ਨੇ ਪਾਸਾ ਪਲਟਿਆ। 50ਵੇਂ ਦਹਾਕੇ ’ਚ ਮਾਇਓ ਸਿੰਘ ਦੀ ‘ਮਾਇਓ ਲੰਬਰ ਕੰਪਨੀ’ ਮਿੱਲ ਫੇਲ੍ਹ ਹੋਣ ਕਿਨਾਰੇ ਹੋ ਗਈ। ਉਸ ਦੇ ਸਾਥੀ ਕਪੂਰ ਸਿੰਘ ਵੈਨਕੂਵਰ ਚਲੇ ਗਏ। ਅਖ਼ੀਰ ਮਿੱਲ ਬੈਂਕ ਕੋਲ ਗਿਰਵੀ ਹੋ ਗਈ। ਸਿੱਖ ਪਰਿਵਾਰਾਂ ਨੇ ਪਿੰਡ ਪਾਲਦੀ ਛੱਡਣਾ ਸ਼ੁਰੂ ਕਰ ਦਿੱਤਾ। 1955 ’ਚ ਮਾਇਓ ਸਿੰਘ, 1952 ’ਚ ਉਸ ਦੀ ਪਤਨੀ ਦੀ ਮੌਤ ਹੋ ਗਈ। ਸਿੱਖਾਂ ਦਾ ਪਿੰਡ ਪਾਲਦੀ ਵਿੱਚੋਂ ਉਜਾੜਾ ਸ਼ੁਰੂ ਹੋ ਗਿਆ। ਮਾਇਓ ਸਿੰਘ ਦਾ ਆਲੀਸ਼ਾਨ ਮਕਾਨ ਖੰਡਰ ਬਣ ਕੇ ਤਬਾਹ ਹੋ ਗਿਆ। ਪਰਿਵਾਰ ਬਿਖਰ ਗਿਆ। ਉਸ ਦੇ ਪੋਤੇ-ਪੋਤੀਆਂ ’ਤੇ ਪੱਛਮੀ ਸੱਭਿਆਚਾਰ ਭਾਰੂ ਹੋ ਗਿਆ ਤੇ ਉਹ ਗੋਰੇ ਗੋਰਿਆਂ ਵਾਲਾ ਜੀਵਨ ਬਿਤਾਉਣ ਲੱਗ ਪਏ। ਮਾਇਓ ਸਿੰਘ ਦੇ ਪਰਿਵਾਰ ਵਿੱਚੋਂ ਉਸ ਦੇ ਬੱਚੇ, ਪੋਤੇ-ਪੋਤੀਆਂ, ਜਿਨ੍ਹਾਂ ਵਿਚ ਪੋਤ ਨੂੰਹ, ਜੌਨੀ ਟੇਲਰ, ਰੌਬਿਨ, ਦਵਿੰਦਰ, ਜੈਲੀ, ਡਾਰਸੀ, ਸ਼ੈਰੀ ਆਦਿ ਸਿੱਖੀ ਸਰੂਪ ਤੋਂ ਦੂਰ ਆਪਣੀ ਹੋਰ ਜ਼ਿੰਦਗੀ ਵਿਚ ਹ… ਮਘਨ ਹੋ ਗਏ।

ਮੇਰੀ ਕੈਨੇਡਾ ਯਾਤਰਾ ਦੌਰਾਨ ਮੈਨੂੰ ਇਹ… ਜਗ੍ਹਾ ਸਿੱਖਾਂ ਦੇ ਉੱਜੜੇ ਬਾਗ਼ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਿਆ। ਭਾਵੇਂ ਅੱਜ… ਵੀ ਯੂਨੀਵਰਸਿਟੀ ਆਫ਼ ਵਿਕਟੋਰੀਆ ’ਚ… ਮਾਇਓ ਸਿੰਘ ਦੇ ਨਾਂ ’ਤੇ ਸਕਾਲਰਸ਼ਿਪ… ਦਿੱਤੀ ਜਾਂਦੀ ਹੈ। ਇੰਡੀਆ ਵਿਚ ਵੀ… ਉਸ ਦੇ ਨਾਂਅ ’ਤੇ ਇਕ ਹਸਪਤਾਲ ਤੇ… ਆਡੀਟੋਰੀਅਮ ਬਣੇ ਹੋਏ ਹਨ। ਅੱਜ ਵੀ… ਉੱਜੜੇ ਪਾਲਦੀ ਪਿੰਡ ’ਚ ਮਾਇਓ ਲੰਬਰ… ਮਿੱਲ ਕੋਲ 94 ਏਕੜ ਜ਼ਮੀਨ ਬੈਂਕ ਕੋਲ… ਗਿਰਵੀ ਹੈ। ਉਸ ’ਤੇ 15 ਲੱਖ ਡਾਲਰ ਦਾ… ਕਰਜ਼ਾ ਖੜ੍ਹਾ ਹੈ। ਪਿੰਡ ਪਾਲਦੀ ਵਿੱਚੋਂ ਸਿੱਖ… ਕੂਚ ਕਰ ਕੇ ਡੰਕਨ ਵੈਲੀ ਅਤੇ ਹੋਰ ਥਾਵਾਂ… ’ਤੇ ਚਲੇ ਗਏ ਹਨ, ਜੋ ਸਿੱਖਾਂ ਨੇ ਉਥੇ… ਸਕੂਲ ਬਣਾਇਆ ਸੀ ਉਹ 1997 ਵਿਚ… ਬੰਦ ਹੋ ਗਿਆ। ਮਾਇਓ ਸਿੰਘ ਦਾ ਘਰ… ਪੂਰੀ ਤਰ੍ਹਾਂ ਖੰਡਰ ਹੋਇਆ ਪਿਆ ਹੈ। ਸਿਰਫ਼… ਦੋ ਕਮਰੇ ਖਸਤਾ ਹਾਲਤ ’ਚ ਖੜ੍ਹੇ ਹਨ।

ਪਰ ਪਿੰਡ ਪਾਲਦੀ ਦਾ 99 ਸਾਲ… ਪਹਿਲਾਂ ਬਣਿਆ ਗੁਰਦੁਆਰਾ ਸਹੀ… ਸਲਾਮਤ ਹੈ। ਉਥੇ ਜਲੰਧਰ ਜ਼ਿਲ੍ਹੇ ਦਾ ਗ੍ਰੰਥੀ… ਸੰਤੋਖ ਸਿੰਘ ਸੇਵਾ ਕਰਦਾ ਹੈ। ਗੁਰਦੁਆਰਾ… ਸਾਹਿਬ ’ਚ ਮਹਾਰਾਜ ਦਾ ਸਰੂਪ ਹਰ ਰੋਜ਼… ਪ੍ਰਕਾਸ਼ ਹੁੰਦਾ ਹੈ। ਦੀਵਾਨ ਹਾਲ, ਲੰਗਰ… ਹਾਲ ਵਧੀਆ ਰੂਪ ’ਚ ਹਨ। ਇਸ ਵਿਚ… ਇਕ ਮਿਊਜ਼ੀਅਮ ਵੀ ਬਣਿਆ ਹੈ। ਜਿਥੇ… ਮਾਇਓ ਸਿੰਘ ਅਤੇ ਹੋਰ ਸਿੱਖਾਂ ਵੱਲੋਂ ਕੀਤੇ… ਸੰਘਰਸ਼ ਅਤੇ ਉਨ੍ਹਾਂ ਦੀਆਂ ਜ਼ਿੰਦਗੀ ਦੀਆਂ… ਪ੍ਰਾਪਤੀਆਂ ਦੀਆਂ ਤਸਵੀਰਾਂ ਲੱਗੀਆਂ… ਹੋਈਆ ਹਨ। ਮਾਇਓ ਸਿੰਘ ਦਾ ਪੋਤ… ਮਿਸਟਰ ਰੌਬਿਨ ਗੁਰਦੁਆਰੇ ਦਾ ਪ੍ਰਧਾਨ ਹੈ… ਕੋਈ ਟਾਵਾਂ-ਟਾਵਾਂ ਸਿੱਖ ਇੱਥੇ ਆਉਂਦਾ… ਹੈ। ਗ੍ਰੰਥੀ ਸੰਤੋਖ ਸਿੰਘ ਦੇ ਦੱਸਣ ਮੁਤਾਬਿਕ… ਨੇੜੇ ਪੈਂਦੀ ਡੰਕਨ ਵੈਲੀ ਵਿਚ ਰਹਿੰਦੇ ਸਿੱਖ… ਪਰਿਵਾਰਾਂ ਦੀ ਕਦੇ-ਕਦੇ ਇਥੇ ਇਕੱਤਰਤਾ… ਹੁੰਦੀ ਹੈ। ਪਰ ਪਾਲਦੀ ਪਿੰਡ ਵਿਚ ਕੋਈ… ਸਿੱਖ ਵੀ ਨਹੀਂ ਰਹਿੰਦਾ।

ਅਗਲੇ ਵਰ੍ਹੇ 2019 ’ਚ ਪਿੰਡ ਪਾਲਦੀ… ਦੇ ਗੁਰਦੁਆਰਾ ਸਾਹਿਬ ਦੀ ਸਥਾਪਨਾ ਦਾ… 100ਵਾਂ ਵਰ੍ਹਾ ਹੈ। ਸਿੱਖੀ ਪ੍ਰਤੀ ਸਤਿਕਾਰ… ਰੱਖਣ ਵਾਲੇ ਸਿੱਖਾਂ ਦੀ ਇਹ ਭਾਵਨਾ ਹੈ… ਕਿ ਪਿੰਡ ਪਾਲਦੀ ਦੇ ਗੁਰੂਘਰ ਦਾ ਸਥਾਪਨਾ… ਦਿਵਸ ਅਗਲੇ ਵਰ੍ਹੇ ਸ਼ਰਧਾ ਤੇ ਸਤਿਕਾਰ… ਨਾਲ ਮਨਾਇਆ ਜਾਵੇ। ਇਸ ਪਿੰਡ ਦੀ… ਹੋਂਦ ਨੂੰ ਬਚਾਉਣ ਲਈ ਜੋ 15 ਲੱਖ ਦਾ… ਬੈਂਕ ਦਾ ਕਰਜ਼ਾ ਖੜ੍ਹਾ ਹੈ, ਉਸ ਨੂੰ ਉਤਾਰ… ਕੇ ਕਿਵੇਂ ਨਾ ਕਿਵੇਂ ਸਿੱਖਾਂ ਦੇ ਕੈਨੇਡਾ ਵਿਚ… ਪਹਿਲੇ ਵਸਾਏ ਇਤਿਹਾਸਕ ਪਿੰਡ ਦੀ… ਹੋਂਦ ਨੂੰ ਬਚਾਇਆ ਜਾਵੇ ਤੇ ਗੁਰੂ ਘਰ… ਨੂੰ ਸੁਰੱਖਿਅਤ ਰੱਖਿਆ ਜਾਵੇ। ਜੇ ਸਿੱਖ… ਸੰਸਥਾ ਇਹ ਉਪਰਾਲਾ ਕਰਦੀ ਹੈ ਤਾਂ… ਇੱਕ ਵਧੀਆ ਕਦਮ ਹੋਵੇਗਾ, ਪਰ ਜੇ… ਸਿੱਖਾਂ ਨੇ ਖਾਮੋਸ਼ੀ ਧਾਰ ਲਈ ਤਾਂ ਪਿੰਡ… ਪਾਲਦੀ ਤੇ ਗੁਰੂ ਘਰ ਦੀ ਜ਼ਮੀਨ ਜੋ… ਪਹਿਲਾਂ ਹੀ ਸਰਕਾਰ ਕੋਲ ਗਿਰਵੀ ਹੈ, ਦੀ… ਹੋਂਦ ਕੈਨੇਡਾ ਦੇ ਕਾਨੂੰਨ ਮੁਤਾਬਿਕ ਨਸ਼ਟ ਹੋ… ਜਾਵੇਗੀ। ਇਹ ਸਮਾਂ ਹੀ ਦੱਸੇਗਾ ਕਿ ਇਸ… ਪਿੰਡ ਨੂੰ ਬਚਾਉਣ ਲਈ ਸਿੱਖ ਕੌਮ ਕਿਹੋ… ਜਿਹੀ ਭੂਮਿਕਾ ਨਿਭਾਉਂਦੀ ਹੈ। ਜੇਕਰ ਨਹੀਂ… ਤਾਂ ਕੈਨੇਡਾ ਸਰਕਾਰ ਦੀ ਭੂਮਿਕਾ ਨਾਲ… ਇਸ ਪਿੰਡ ਦਾ ਉਜਾੜਾ ਯਕੀਨੀ ਹੈ। •

# ਕਿਸਾਨਾਂ ’ਤੇ ਕੇਂਦਰ ਮਿਹਰਬਾਨ ਪਰ ਪੰਜਾਬ ਦੀ ਝੋਲੀ ਖਾਲੀ, ਦੇਸ਼ ਦੇ ਕਿਸਾਨਾਂ ਨੂੰ ਮਿਲੇ 46,000 ਕਰੋੜ

**ਕੌਮੀ ਪਤ੍ਰਿਕਾ**

ਜਲੰਧਰ 2 ਅਗਸਤ। ਕੇਂਦਰ ਸਰਕਾਰ ਵੱਲੋਂ ਲੋਕ ਸਭਾ ਵਿੱਚ ਪੇਸ਼ ਕੀਤੀ ਗਈ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪੁਨਰਗਠਿਤ ਮੌਸਮ ਆਧਾਰਿਤ ਫਸਲ ਬੀਮਾ ਯੋਜਨਾ ਦੀ ਤਾਜ਼ਾ ਰਿਪੋਰਟ ਨੇ ਇੱਕ ਵਾਰ ਫਿਰ ਪੰਜਾਬ ਦੀ ਗੈਰ-ਸ਼ਮੂਲੀਅਤ ਨੂੰ ਉਜਾਗਰ ਕੀਤਾ ਹੈ। 2023-24 ਤੋਂ 2025-26 ਤੱਕ ਦੇ ਅੰਕੜਿਆਂ ਵਿੱਚ ਪੰਜਾਬ ਦਾ ਨਾਂ ਸ਼ਾਮਲ ਨਹੀਂ ਹੈ, ਕਿਉਂਕਿ ਸੂਬਾ ਸਰਕਾਰ ਨੇ ਇਹ ਯੋਜਨਾ ਲਾਗੂ ਨਹੀਂ ਕੀਤੀ। ਇਹ ਜਾਣਕਾਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਰਾਮਨਾਥ ਠਾਕੁਰ ਨੇ ਲੋਕ ਸਭਾ ਵਿੱਚ ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਅਤੇ ਮਹੂਆ ਮੋਇਤਰਾ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿਚ ਦਿੱਤੀ ਤੇ ਨਾਲ ਹੀ ਕਿਹਾ ਕਿ ਪੰਜਾਬ ਸਰਕਾਰ ਨੇ ਅਜੇ ਤੱਕ ਇਸ ਸਕੀਮ ਨੂੰ ਲਾਗੂ ਨਹੀਂ ਕੀਤਾ। ਇਸ ਕਾਰਨ ਪੰਜਾਬ ਦੇ ਕਿਸਾਨਾਂ ਦੇ ਨਾਂ ਯੋਜਨਾ ਅਧੀਨ ਦਰਜ ਨਹੀਂ ਹਨ ਅਤੇ ਨਾ ਹੀ ਸੂਬੇ ਨਾਲ ਸਬੰਧਤ ਕੋਈ ਦਾਅਵਾ ਜਾਂ ਪ੍ਰੀਮੀਅਮ ਦਾ ਰਿਕਾਰਡ ਕੇਂਦਰੀ ਅੰਕੜਿਆਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਲਈ ਯੋਜਨਾ ਵਿੱਚ ਕਿਸੇ ਵਿਸ਼ੇਸ਼ ਤਬਦੀਲੀ ਦਾ ਵੀ ਕੋਈ ਪ੍ਰਸਤਾਵ ਵਿਚਾਰ ਅਧੀਨ ਨਹੀਂ ਹੈ। ਕਾਬਿਲੇ ਗੌਰ ਹੈ ਕਿ ਪੰਜਾਬ ਵੱਲੋਂ ਇਸ ਯੋਜਨਾ ਨੂੰ ਨਾ ਅਪਣਾਏ ਜਾਣ ਕਾਰਨ ਸੂਬੇ ਦੇ ਕਿਸਾਨਾਂ ਨੂੰ ਇਸ ਦਾ ਲਾਭ ਨਹੀਂ ਮਿਲ ਰਿਹਾ ਜਦਕਿ ਪਿਛਲੇ ਦੋ-ਤਿੰਨ ਸਾਲਾਂ ਵਿਚ ਲਗਾਤਾਰ ਫ਼ਸਲੀ ਨੁਕਸਾਨ ਝੱਲਣਾ ਪੈ



ਰਿਹਾ ਹੈ। ਕੇਂਦਰ ਸਰਕਾਰ ਨੇ ਲੋਕ ਸਭਾ ਵਿੱਚ ਸਪੱਸ਼ਟ ਕੀਤਾ ਹੈ ਕਿ ਪੰਜਾਬ ਸਰਕਾਰ ਨੇ ਇਸ ਯੋਜਨਾ ਨੂੰ ਲਾਗੂ ਕਰਨ ਦੀ ਚੋਣ ਨਹੀਂ ਕੀਤੀ। ਇਸ ਲਈ ਸੂਬੇ ਦੇ ਕਿਸਾਨ ਪੀਐੱਮਐੱਫਬੀਵਾਈ ਦੇ ਦਾਇਰੇ ਤੋਂ ਬਾਹਰ ਹਨ। ਲੋਕ ਸਭਾ ਵਿੱਚ ਦਿੱਤੇ ਜਵਾਬ ਮੁਤਾਬਕ, ਕੇਂਦਰ ਸਰਕਾਰ ਨੇ ਪੰਜਾਬ ਲਈ ਪੀਐੱਮਐੱਫਬੀਵਾਈ ਵਿੱਚ ਕਿਸੇ ਖ਼ਾਸ ਸੋਧ ਜਾਂ ਨਵੇਂ ਪੈਕੇਜ ਦੀ ਸੰਭਾਵਨਾ ਤੋਂ ਵੀ ਇਨਕਾਰ ਕੀਤਾ ਹੈ। ਸਰਕਾਰ ਦਾ ਕਹਿਣਾ ਹੈ ਕਿ ਜਦੋਂ ਤੱਕ ਪੰਜਾਬ ਸਰਕਾਰ ਖੁਦ ਯੋਜਨਾ ਲਾਗੂ ਕਰਨ ਦਾ ਫ਼ੈਸਲਾ ਨਹੀਂ ਕਰਦੀ, ਤਦ ਤੱਕ ਇਸ ਸਬੰਧੀ ਕੋਈ ਵੱਖਰਾ ਪ੍ਰਸਤਾਵ ਨਹੀਂ ਹੈ। ਕੇਂਦਰ ਨੇ ਇਹ ਵੀ ਦੱਸਿਆ ਕਿ ਜਿਨ੍ਹਾਂ ਰਾਜਾਂ ਵਿੱਚ ਪੀਐੱਮਐੱਫਬੀਵਾਈ ਲਾਗੂ ਹੈ, ਉੱਥੇ ਫਸਲ ਬੀਮਾ ਦਾਅਵਿਆਂ ਦੇ ਸਮੇਂ ਸਿਰ ਨਿਪਟਾਰੇ ਲਈ ਡਿਜੀਕਲੇਮ ਮਾਡਿਊਲ, ਰਾਸ਼ਟਰੀ ਫਸਲ ਬੀਮਾ ਪੋਰਟਲ, ਸੀਐੱਲਏਪੀ ਐਪ ਅਤੇ ਹੋਰ ਡਿਜੀਟਲ ਪ੍ਰਣਾਲੀਆਂ ਲਾਗੂ ਕੀਤੀਆਂ ਗਈਆਂ ਹਨ। ਸਾਉਣੀ 2024 ਤੋਂ ਦਾਅਵਿਆਂ ਦੇ ਭੁਗਤਾਨ ਵਿੱਚ ਦੇਰੀ ਕਰਨ ਵਾਲੀਆਂ ਬੀਮਾ ਕੰਪਨੀਆਂ ਅਤੇ ਸਾਉਣੀ 2025 ਤੋਂ ਸਬਸਿਡੀ ਜਾਰੀ ਕਰਨ ਵਿੱਚ ਦੇਰੀ ਕਰਨ ਵਾਲੀਆਂ ਰਾਜ ਸਰਕਾਰਾਂ ’ਤੇ 12 ਫੀਸਦੀ ਜੁਰਮਾਨੇ ਦੀ ਵਿਵਸਥਾ ਵੀ ਕੀਤੀ ਗਈ ਹੈ। ਪੰਜਾਬ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਕੁਦਰਤੀ ਆਫ਼ਤਾਂ, ਹੜ੍ਹਾਂ ਅਤੇ ਮੌਸਮੀ ਤਬਦੀਲੀਆਂ ਕਾਰਨ ਫਸਲਾਂ ਨੂੰ ਨੁਕਸਾਨ ਪਹੁੰਚਣ ਦੇ ਮਾਮਲੇ ਸਾਹਮਣੇ ਆਉਂਦੇ ਰਹੇ ਹਨ। ਅਜਿਹੇ ਹਾਲਾਤ ਵਿੱਚ ਪੀਐੱਮ ਫਸਲ ਬੀਮਾ ਯੋਜਨਾ ਨੂੰ ਲਾਗੂ ਕਰਨ ਦਾ ਮੁੱਦਾ ਵਾਰ-ਵਾਰ ਚਰਚਾ ਵਿੱਚ ਆਉਂਦਾ ਰਿਹਾ ਹੈ। ਸਰਕਾਰ ਦੁਆਰਾ ਜਾਰੀ ਅੰਕੜਿਆਂ (2023-24 ਤੋਂ 2025-26) ਅਨੁਸਾਰ ਦੇਸ਼ ਭਰ ਵਿੱਚ ਕਿਸਾਨਾਂ ਵੱਲੋਂ 4,351 ਲੱਖ ਅਰਜ਼ੀਆਂ ਦਰਜ ਕੀਤੀਆਂ ਗਈਆਂ। ਕਿਸਾਨਾਂ ਤੋਂ ਕੁੱਲ ?10,662.32 ਕਰੋੜ ਪ੍ਰੀਮੀਅਮ ਵਜੋਂ ਇਕੱਠੇ ਕੀਤੇ ਗਏ। ਬੀਮਾ ਕੰਪਨੀਆਂ ਦੁਆਰਾ ?46,002.08 ਕਰੋੜ ਦੇ ਦਾਅਵਿਆਂ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਫਿਲਹਾਲ ?4,399.06 ਕਰੋੜ ਦੇ ਦਾਅਵੇ ਲੰਬਿਤ ਹਨ। ਮਹਾਰਾਸ਼ਟਰ (?17,382 ਕਰੋੜ) ਅਤੇ ਰਾਜਸਥਾਨ (?8,697 ਕਰੋੜ) ਅਜਿਹੇ ਰਾਜ ਰਹੇ ਹਨ ਜਿੱਥੇ ਸਭ ਤੋਂ ਵੱਧ ਬੀਮਾ ਦਾਅਵਿਆਂ ਦਾ ਨਿਪਟਾਰਾ ਕੀਤਾ ਗਿਆ।

# ਨਸ਼ਿਆਂ ਕਾਰਨ ਪੰਜਾਬ ਦੀ ਜਵਾਨੀ ਰੋਜ਼ ਤੋੜ ਰਹੀ ਦਮ: ਕੇਵਲ ਸਿੰਘ ਢਿੱਲੋਂ

ਚੰਡੀਗੜ੍ਹ 2 ਅਗਸਤ। ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਮ ਆਦਮੀ ਪਾਰਟੀ ਸਰਕਾਰ ’ਤੇ ਨਸ਼ਿਆਂ ਦੇ ਮੁੱਦੇ ’ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਮਾਨ ਸਰਕਾਰ ਦਾ ‘ਯੁੱਧ ਨਸ਼ਿਆਂ ਵਿਰੁੱਧ’ ਦਾ ਦਾਅਵਾ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋ ਚੁੱਕਾ ਹੈ। ਮੋਹਾਲੀ ਦੀ ਅੰਬ ਸਾਹਿਬ ਕਲੋਨੀ ਵਿੱਚ ਪਿਛਲੇ ਮਹਿਜ਼ 18 ਦਿਨਾਂ ਅੰਦਰ ਨਸ਼ੇ ਦੀ ਓਵਰਡੋਜ਼ ਕਾਰਨ 5 ਨੌਜਵਾਨਾਂ ਦੀ ਹੋਈ ਦੁਖਦਾਈ ਮੌਤ ਨੇ ਸੂਬੇ ਦੇ ਖ਼ੌਫ਼ਨਾਕ ਹਾਲਾਤਾਂ ਨੂੰ ਜੱਗ ਜ਼ਾਹਰ ਕਰ ਦਿੱਤਾ ਹੈ। ਕੇਵਲ ਸਿੰਘ ਢਿੱਲੋਂ ਨੇ ਅੰਬ ਸਾਹਿਬ ਕਲੋਨੀ ਦੇ ਪੀੜਤ ਪਰਿਵਾਰਾਂ ਦਾ ਦਰਦ ਸਾਂਝਾ ਕਰਦਿਆਂ ਕਿਹਾ ਕੀ ਇਹ ਬਹੁਤ ਹੀ ਦਿਲ ਕੰਬਾਊ ਅਤੇ ਸ਼ਰਮਨਾਕ ਹੈ ਕਿ ਇੱਕੋ ਪਰਿਵਾਰ ਦੀ ਮਾਂ ਦੇ ਦੋਵੇਂ ਪੁੱਤਰ ਨਸ਼ੇ ਦੀ ਬਲੀ ਚੜ੍ਹ ਗਏ। ਇੱਕ ਹੋਰ ਔਰਤ ਆਪਣੇ ਦੋ ਛੋਟੇ ਬੱਚਿਆਂ ਨਾਲ ਇਕੱਲੀ ਰਹਿ ਗਈ ਹੈ, ਕਿਉਂਕਿ ਉਸ ਦਾ ਪਤੀ ਨਸ਼ੇ ਕਾਰਨ ਦੁਨੀਆ ਛੱਡ ਗਿਆ। ਇਹ ਸਿਰਫ਼ ਅੰਕੜੇ ਨਹੀਂ ਹਨ, ਇਹ ਉਹ ਪਰਿਵਾਰ ਹਨ ਜੋ ਸਰਕਾਰ ਦੀ ਵਾਅਦਾਖ਼ਲਾਫ਼ੀ ਕਾਰਨ ਉੱਜੜ ਰਹੇ ਹਨ। ਢਿੱਲੋਂ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੇ ਪੰਜਾਬੀਆਂ ਨਾਲ ਵਾਅਦਾ ਕੀਤਾ ਸੀ ਕਿ 3 ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰ ਦਿੱਤਾ ਜਾਵੇਗਾ, ਪਰ



ਅੱਜ ਸਥਿਤੀ ਇਹ ਹੈ ਕਿ ਨਸ਼ਾ ਘਟਣ ਦੀ ਬਜਾਏ ਹੋਰ ਵੱਧ ਗਿਆ ਹੈ। ਅੱਜ ਪੰਜਾਬ ਦੀ ਜਵਾਨੀ ਹਰ ਰੋਜ਼ ਦਮ ਤੋੜ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਨਸ਼ਾ ਪੀੜਤ ਪਰਿਵਾਰ ਅਤੇ ਆਮ ਨਾਗਰਿਕ ਨਸ਼ਾ ਤਸਕਰਾਂ ਦਾ ਵਿਰੋਧ ਕਰਦੇ ਹਨ ਤਾਂ ਉਨ੍ਹਾਂ ਨੂੰ ਸ਼ਰੇਆਮ ਧਮਕੀਆਂ ਦਿੱਤੀਆਂ ਜਾਂਦੀਆਂ ਹਨ, ਜਿਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਤਸਕਰਾਂ ਨੂੰ ਪ੍ਰਸ਼ਾਸਨ ਅਤੇ ਸਿਆਸੀ ਸਰਪ੍ਰਸਤੀ ਪ੍ਰਾਪਤ ਹੈ। ਭਾਜਪਾ ਨੇਤਾ ਨੇ ਅੱਗੇ ਕਿਹਾ ਕਿ ਲੋਕਾਂ ਦਾ ਸਿਸਟਮ ਤੋਂ ਵਿਸ਼ਵਾਸ ਇਸ ਹੱਦ ਤੱਕ ਉੱਠ ਚੁੱਕਾ ਹੈ ਕਿ ਪੀੜਤ ਪਰਿਵਾਰਾਂ ਨੂੰ ਨਸ਼ੇ ਤੋਂ ਤੰਗ ਆ ਕੇ ਆਪਣੇ ਘਰ? ਵੇਚਣ ਲਈ ਪੋਸਟਰ ਲਗਾਉਣੇ ਅਤੇ ਧਰਨੇ ਦੇਣ ਲਈ ਮਜਬੂਰ ਹੋਣਾ ਪੈ ਰਹਾ ਹੈ। ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਅਤੇ ਆਮ ਲੋਕਾਂ ਦਾ ਰੋਸ ‘ਆਪ’ ਸਰਕਾਰ ਦੇ ਫੇਲ੍ਹ ਹੋ ਚੁੱਕੇ ਸਿਸਟਮ ਦੀ ਪ੍ਰਤੱਖ ਨਿਸ਼ਾਨੀ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ‘ਆਪ’ ਸਰਕਾਰ ਦਾ ਝੂਠਾ ਬਦਲਾਅ ਪੰਜਾਬ ਦੇ ਲੋਕਾਂ ਨੂੰ ਬਹੁਤ ਮਹਿੰਗਾ ਪਿਆ ਹੈ, ਜਿਸਨੇ ਪੰਜਾਬ ਨੂੰ ਕਈ ਸਾਲ ਪਿੱਛੇ ਕਰ ਦਿੱਤਾ ਹੈ। ਉਨ੍ਹਾਂ ਨਸ਼ਿਆਂ ਨੂੰ ਖਤਮ ਕਰਨ ਲਈ ਇੱਕ ਤਕੜੀ ਯੋਗ ਅਗਵਾਈ ਤੇ ਨੀਤੀ ਦੀ ਲੋੜ ਹੈ ਨਾ ਕਿ ਸਿਰਫ ਇਸ਼ਤਿਹਾਰਬਾਜ਼ੀ ਸਿਸਟਮ ਦੀ ਲੋੜ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਆਪਣੇ ਬੱਚਿਆਂ ਦੇ ਸੁਰੱਖਿਅਤ ਭਵਿੱਖ ਲਈ ਪੰਜਾਬ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ ਤਾਂ ਕਿ ਡਬਲ ਇੰਜਣ ਦੀ ਸਰਕਾਰ ਨਾਲ ਇੱਥੇ ਨਸ਼ਿਆਂ ਦੀ ਜੜ੍ਹ ਪੁੱਟੀ ਜਾ ਸਕੇ।

# ਗੁਰਦਾਸਪੁਰ ’ਚ ਸਿਹਤ ਵਿਭਾਗ ਦੀ ਚੈਕਿੰਗ, ਵਣ ਵਿਭਾਗ ਦੀ ਨਰਸਰੀ ’ਚ ਮਿਲਿਆ ਡੇਂਗੂ ਦਾ ਲਾਰਵਾ

ਗੁਰਦਾਸਪੁਰ 2 ਅਗਸਤ। ਨੈਸ਼ਨਲ ਵੈਕਟਰ ਬੋਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਚਲਾਈ ਜਾ ਰਹੀ ਡੇਂਗੂ ਰੋਕਥਾਮ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਨੇ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਦਾ ਦੌਰਾ ਕਰਕੇ ਡੇਂਗੂ ਰੋਕਥਾਮ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਵੱਲੋਂ ਪਲਾਂਟ ਨਰਸਰੀਆਂ, ਫੈਕਟਰੀਆਂ ਅਤੇ ਕੰਸਟਰਕਸ਼ਨ ਸਾਈਟਾਂ ਦੀ ਵਿਸ਼ੇਸ਼ ਤੌਰ ’ਤੇ ਚੈਕਿੰਗ ਕੀਤੀ ਗਈ। ਸਿਵਲ ਸਰਜਨ ਨੇ ਜ਼ਿਲ੍ਹਾ ਵਣ ਅਫ਼ਸਰ ਗੁਰਅਮਨਪ੍ਰੀਤ ਸਿੰਘ ਦੀ ਮੌਜੂਦਗੀ ਵਿੱਚ ਪੰਜਾਬ ਵਣ ਵਿਭਾਗ ਦੀ ਪਲਾਂਟ ਨਰਸਰੀ ਦਾ ਨਿਰੀਖਣ ਕੀਤਾ, ਜਿੱਥੇ ਕਈ ਥਾਵਾਂ ’ਤੇ ਡੇਂਗੂ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਮਿਲਿਆ। ਸਿਹਤ ਵਿਭਾਗ ਦੀ ਟੀਮ ਨੇ ਮੌਕੇ ’ਤੇ ਹੀ ਲਾਰਵੇ ਨੂੰ ਨਸ਼ਟ ਕਰਵਾਇਆ ਅਤੇ ਵਣ ਵਿਭਾਗ ਦੇ ਕਰਮਚਾਰੀਆਂ ਨੂੰ ਸਾਫ਼-ਸਫ਼ਾਈ ਬਰਕਰਾਰ ਰੱਖਣ ਅਤੇ ਪਾਣੀ ਖੜ੍ਹਾ ਨਾ ਹੋਣ ਦੇਣ ਦੀ ਹਦਾਇਤ ਕੀਤੀ। ਡਾ. ਮਹੇਸ਼ ਕੁਮਾਰ ਪ੍ਰਭਾਕਰ ਨੇ ਦੱਸਿਆ ਕਿ ਮੁਹਿੰਮ ਤਹਿਤ ਜਿਨ੍ਹਾਂ ਥਾਵਾਂ ’ਤੇ ਵੀ ਲਾਰਵਾ ਮਿਲਿਆ, ਉੱਥੇ ਤੁਰੰਤ ਕਾਰਵਾਈ ਕਰਦੇ ਹੋਏ ਉਸ ਨੂੰ ਨਸ਼ਟ ਕੀਤਾ ਗਿਆ। ਨਾਲ ਹੀ ਲੋਕਾਂ



ਨੂੰ ਡੇਂਗੂ, ਮਲੇਰੀਆ ਅਤੇ ਹੋਰ ਮੱਛਰ-ਜਨਿਤ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ ਅਤੇ ਘਰਾਂ ਤੇ ਆਲੇ-ਦੁਆਲੇ ਪਾਣੀ ਇਕੱਠਾ ਨਾ ਹੋਣ ਦੇਣ ਦੀ ਅਪੀਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੱਛਰਾਂ ਦੀ ਰੋਕਥਾਮ ਲਈ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਫੌਗਿੰਗ ਮਸ਼ੀਨਾਂ ਅਤੇ ਸਪਰੇਅ ਪੰਪ ਮੁਹੱਈਆ ਕਰਵਾਏ ਗਏ ਹਨ। ਟੀਮਾਂ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਲਗਾਤਾਰ ਫੌਗਿੰਗ, ਸਪਰੇਅ ਅਤੇ ਲਾਰਵਾ ਚੈਕਿੰਗ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਮੱਛਰਾਂ ਤੋਂ ਬਚਾਅ ਅਤੇ ਸਿਹਤ ਸੰਬੰਧੀ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ। ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਡੇਂਗੂ ਅਤੇ ਮਲੇਰੀਆ ਦੀ ਰੋਕਥਾਮ ਲਈ 202 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਜਦਕਿ 80 ਬ੍ਰੀਡਿੰਗ ਚੈਕਰ ਵੀ ਫੀਲਡ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਮਮਤਾ, ਜ਼ਿਲ੍ਹਾ ਵਣ ਅਫ਼ਸਰ ਗੁਰਅਮਨਪ੍ਰੀਤ ਸਿੰਘ ਅਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਜਲੰਧਰ ਵਿਚ ਸੜਕ ’ਤੇ ਪਏ ਟੋਇਆਂ ਵਿਚ ਫਸੀ ਥਾਰ ਗੱਡੀ

**ਕੌਮੀ ਪਤ੍ਰਿਕਾ**

ਜਲੰਧਰ 2 ਅਗਸਤ। ਫੋਕਲ ਪੁਆਇੰਟ ਦੇ ਟਰਾਂਸਪੋਰਟ ਨਗਰ ’ਚ ਨੈਸ਼ਨਲ ਹਾਈਵੇਅ ਅਥਾਰਿਟੀ ਆਫ਼ ਇੰਡੀਆ ਵੱਲੋਂ ਸੀਵਰੇਜ ਲਾਈਨ ਦੇ ਨਿਰਮਾਣ ਦੌਰਾਨ ਸੜਕ ਪਾਣੀ ਨਾਲ ਭਰ ਗਈ ਹੈ। ਸਥਾਨਕ ਲੋਕਾਂ ਮੁਤਾਬਕ ਸੜਕ ’ਤੇ ਢਾਈ ਤੋਂ 3 ਫੁੱਟ ਡੂੰਘੇ ਟੋਏ ਹਨ, ਜਿਸ ਕਾਰਨ ਰੋਜ਼ਾਨਾ ਕਈ ਹਾਦਸੇ ਵਾਪਰਦੇ ਹਨ। ਲੋਕਾਂ ਨੇ ਇਸ ਮੁੱਦੇ ਨੂੰ ਲੈ ਕੇ ਪ੍ਰਸ਼ਾਸਨ ਨੂੰ ਕਈ ਵਾਰ ਅਪੀਲ ਕੀਤੀ ਹੈ। ਅੱਜ ਇਕ ਥਾਰ ਸੜਕ ਵਿਚ ਬਣੇ ਟੋਇਆਂ ਅਤੇ ਪਾਣੀ ਵਿੱਚ ਫਸ ਗਿਆ। ਥਾਰ ਨੂੰ ਟਰੈਕਟਰ ਦੀ ਮਦਦ ਨਾਲ ਬਾਹਰ ਕੱਢਿਆ ਗਿਆ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਉਹ ਇਹ ਨਹੀਂ ਦੱਸ ਸਕਦੇ ਕਿ ਟੋਏ ਸੜਕ ਵਿੱਚ ਹਨ ਜਾਂ ਸੜਕ ਟੋਇਆਂ ਵਿੱਚ ਹੈ। ਲੋਕ ਹਰ ਰੋਜ਼ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ। ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਪੰਕਜ ਕੁਮਾਰ ਨੇ ਕਿਹਾ ਕਿ ਮੀਂਹ ਪਏ ਪੰਜ ਦਿਨ ਹੋ ਗਏ ਹਨ ਪਰ ਉਦੋਂ ਤੋਂ ਸੜਕ ਪਾਣੀ ਨਾਲ ਭਰੀ ਹੋਈ ਹੈ। ਨੈਸ਼ਨਲ ਹਾਈਵੇਅ ਅਥਾਰਿਟੀ ਵੱਲੋਂ ਉਸਾਰੀ ਦਾ ਕੰਮ ਕੀਤਾ ਜਾ ਰਿਹਾ ਹੈ। ਪੰਕਜ ਮੁਤਾਬਕ ਨੈਸ਼ਨਲ ਹਾਈਵੇਅ ਅਥਾਰਿਟੀ ਨੇ ਸੰਤਵਾਲ ਤੋਂ ਥੋੜ੍ਹੀ ਦੂਰੀ ’ਤੇ ਉਸਾਰੀ ਸ਼ੁਰੂ ਕੀਤੀ ਸੀ ਪਰ ਪਾਣੀ ਭਰਨ ਕਾਰਨ ਪ੍ਰਾਜੈਕਟ ਨੂੰ ਛੱਡ ਦਿੱਤਾ। ਪੰਕਜ ਨੇ ਦੱਸਿਆ ਕਿ ਰੋਜ਼ਾਨਾ 50 ਤੋਂ 100 ਵਾਹਨ ਫਸ ਰਹੇ ਹਨ। ਪਾਣੀ ਭਰੇ ਟੋਏ ਨਜ਼ਰ ਨਹੀਂ ਆਉਂਦੇ, ਜਿਸ ਕਾਰਨ ਸੱਟਾਂ ਲੱਗਦੀਆਂ ਹਨ। ਉਸ ਨੇ ਇਸ ਮੁੱਦੇ ਬਾਰੇ NHAI ਨੂੰ ਕਈ ਵਾਰ ਸ਼ਿਕਾਇਤ ਕੀਤੀ ਹੈ। ਪੰਕਜ ਮੁਤਾਬਕ ਨੈਸ਼ਨਲ ਹਾਈਵੇਅ ਟਰੈਫਿਕ ਸੇਫਟੀ ਐਡਮਿਨਿਸਟਰੇਸ਼ਨ ਦੇ ਬਹੁਤ ਸਾਰੇ ਵਾਹਨ ਆਉਂਦੇ ਹਨ ਅਤੇ ਮਿੱਟੀ ਪੈਂਦੀ ਰਹਿੰਦੀ ਹੈ ਪਰ ਕੋਈ ਸਥਾਈ ਹੱਲ ਨਹੀਂ ਹੁੰਦਾ। ਜਦੋਂ ਵਾਹਨ ਫਸ ਜਾਂਦੇ ਹਨ ਤਾਂ ਉਹ ਨਿੱਜੀ ਤੌਰ ’ਤੇ ਉਨ੍ਹਾਂ ਦੀ ਮਦਦ ਕਰਦੇ ਹਨ ਅਤੇ ਕਈ ਵਾਰ ਟੋ ਟਰੱਕ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਬਾਹਰ ਕੱਢਣ ਲਈ ਹੋਰ ਵਾਹਨਾਂ ਨੂੰ ਬੁਲਾਉਂਦੇ ਹਨ। ਧਿਆਨ ਦੇਣਯੋਗ ਹੈ ਕਿ ਕੁਝ ਦਿਨ ਪਹਿਲਾਂ ਇਸੇ ਥਾਂ ’ਤੇ ਕੁਝ ਲੋਕ ਹਾਦਸੇ ਦਾ ਸ਼ਿਕਾਰ ਹੋਏ ਸਨ।




ਜਦੋਂ ਪੱਤਰਕਾਰ ਘਟਨਾ ਸਥਾਨ ਨੂੰ ਕਵਰ ਕਰ ਰਹੇ ਸਨ ਤਾਂ ਕਈ ਵਾਹਨ ਪਾਣੀ ’ਚ ਫਸ ਗਏ। ਹਾਲਾਂਕਿ ਸੜਕ ਪਾਣੀ ’ਚ ਡੁੱਬੀ ਰਹਿੰਦੀ ਹੈ। ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਚੰਦਨ ਨੇ ਕਿਹਾ ਕਿ ਸਰਵਿਸ ਲੇਨ ਦੀ ਹਾਲਤ ਕਾਫ਼ੀ ਖ਼ਰਾਬ ਹੋ ਚੁੱਕੀ ਹੈ। ਦਰਅਸਲ ਸੀਵਰੇਜ ਲਾਈਨ ਵਿਛਾਉਣ ਦਾ ਕੰਮ ਚੱਲ ਰਿਹਾ ਹੈ। ਚੰਦਨ ਮੁਤਾਬਕ ਇਸ ਸੜਕ ’ਤੇ ਟੋਇਆਂ ’ਚ ਲੋਕ ਡਿੱਗ ਰਹੇ ਹਨ ਅਤੇ ਬਾਹਰ ਨਿਕਲਣ ਲਈ ਸਿਰਫ਼ ਇਕ ਜਾਂ ਦੋ ਹਜ਼ਾਰ ਰੁਪਏ ਦਿੰਦੇ ਹਨ। ਇਲਾਕੇ ਦੇ ਵਸਨੀਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ ’ਤੇ ਪਾਣੀ ਇੰਨਾ ਜ਼ਿਆਦਾ ਹੈ ਕਿ ਇਸ ’ਤੇ ਚੱਲਣ ਵਾਲਾ ਕੋਈ ਵੀ ਵਾਹਨ ਡੁੱਬ ਜਾਵੇਗਾ। ਵਿਅਕਤੀ ਮੁਤਾਬਕ ਹਰ 10 ਮਿੰਟਾਂ ’ਚ ਪੈਦਲ ਯਾਤਰੀ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ।

# ਵਾਰਾਣਸੀ ਤੋਂ ਪਵਿੱਤਰ ਮਿੱਟੀ ਪਹਿਲੀ ਅਗਸਤ ਨੂੰ ਪੰਜਾਬ ਪਹੁੰਚੇਗੀ, ਸੂਬੇ ਭਰ ਵਿੱਚ ਨਿਕਲਣਗੀਆਂ ਕਲਸ਼ ਯਾਤਰਾਵਾਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਅਗਸਤ। ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦੀ ਜਨਮ ਭੂਮੀ ਵਾਰਾਣਸੀ ਤੋਂ 29 ਜੁਲਾਈ ਨੂੰ ਸ਼ੁਰੂ ਹੋਈ ਪਵਿੱਤਰ ਮਿੱਟੀ ਦੀ ਰਾਸ਼ਟਰਵਿਆਪੀ ਯਾਤਰਾ ਦਾ 2 ਅਗਸਤ ਸਵੇਰੇ 10 ਵਜੇ ਪੰਜਾਬ ਦੀ ਸਰਹੱਦ ’ਤੇ ਪੈਰਾਡਾਈਜ਼ ਰਿਜ਼ੋਰਟ, ਪਿੰਡ ਝਰਮੜੀ (ਲਾਲੜੂ ਨੇੜੇ) ਭਾਰਤੀ ਜਨਤਾ ਪਾਰਟੀ ਦੇ ਆਗੂਆਂ ਅਤੇ ਪ੍ਰਮੁੱਖ ਸੰਤ ਮਹਾਂਪੁਰਸ਼ਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਤੋਂ ਬਾਅਦ ਇਹ ਪਵਿੱਤਰ ਯਾਤਰਾ ਰਾਮ ਤਲਾਈ ਰੋਡ, ਡੇਰਾਬੱਸੀ ਅਤੇ ਮੈਟਰੋ ਹੋਲਸੇਲ, ਜ਼ੀਰਕਪੁਰ ਰਾਹੀਂ ਆਰਿਆ ਸਮਾਜ ਮੰਦਰ, ਸੈਕਟਰ-7, ਚੰਡੀਗੜ੍ਹ ਪਹੁੰਚੇਗੀ, ਜਿੱਥੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਉਪਰੰਤ ਪਵਿੱਤਰ ਮਿੱਟੀ ਨਾਲ ਸਜੇ ਕਲਸ਼ ਯਾਤਰਾਵਾਂ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਲਈ ਰਵਾਨਾ ਕੀਤਾ ਜਾਵੇਗਾ, ਜਿਸ ਨਾਲ ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਛੇ ਮਹੀਨੇ ਲੰਬੇ ਰਾਜ-ਪੱਧਰੀ ਅਭਿਆਨ ਦੀ ਸ਼ੁਰੂਆਤ ਹੋਵੇਗੀ। 2 ਤੋਂ 6 ਅਗਸਤ ਤੱਕ ਕਲਸ਼ ਯਾਤਰਾਵਾਂ ਜ਼ਿਲ੍ਹਾ ਮੁੱਖ ਦਫ਼ਤਰਾਂ ਤੋਂ ਪਿੰਡਾਂ ਤੱਕ ਪਹੁੰਚਣਗੀਆਂ ਅਤੇ ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦਾ ਸਮਾਨਤਾ, ਭਾਈਚਾਰਾ, ਸਮਾਜਿਕ ਨਿਆਂ ਅਤੇ ਬੇਗਮਪੁਰਾ ਦੇ ਆਦਰਸ਼ ਦਾ ਸੰਦੇਸ਼ ਘਰ-ਘਰ ਤੱਕ ਲੈ ਕੇ ਜਾਣਗੀਆਂ। ਇਸ ਤੋਂ ਬਾਅਦ ਸਕੂਲਾਂ, ਕਾਲਜਾਂ ਅਤੇ ਨੌਜਵਾਨਾਂ ਵਿਚ ਦੋ ਮਹੀਨਿਆਂ ਦਾ ਵਿਸ਼ੇਸ਼ ਜਾਗਰੂਕਤਾ ਅਭਿਆਨ ਚਲਾਇਆ ਜਾਵੇਗਾ। ਇਹ ਰਾਸ਼ਟਰਵਿਆਪੀ ਅਭਿਆਨ 20 ਫਰਵਰੀ ਨੂੰ ਵਾਰਾਣਸੀ ਵਿੱਚ ਸਮਾਪਤੀ ਯਾਤਰਾ ਨਾਲ ਸੰਪੰਨ ਹੋਵੇਗਾ। ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਆਯੋਜਿਤ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਭਾਜਪਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਸਰਦਾਰ ਜਗਮੋਹਨ ਸਿੰਘ ਰਾਜੂ ਨੇ ਕਿਹਾ ਕਿ ਪਾਰਟੀ ਨੇ ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਛੇ ਮਹੀਨੇ ਦਾ ਵਿਸਤ੍ਰਿਤ ਪ੍ਰੋਗਰਾਮ ਤਿਆਰ ਕੀਤਾ ਹੈ, ਜਿਸ ਦਾ ਉਦੇਸ਼ ਗੁਰੂ ਜੀ ਦਾ ਸਮਾਨਤਾ, ਸਮਾਜਿਕ ਸਦਭਾਵਨਾ, ਭਾਈਚਾਰੇ ਅਤੇ ਨਿਆਂ ਦਾ ਸੰਦੇਸ਼ ਪੰਜਾਬ ਦੇ ਹਰ ਘਰ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਅਭਿਆਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਭਕਾ ਸਾਥ, ਸਭਕਾ ਵਿਕਾਸ, ਸਭਕਾ ਵਿਸ਼ਵਾਸ ਦੇ ਸੰਕਲਪ ਨੂੰ ਦਰਸਾਉਂਦਾ ਹੈ। ਭਾਜਪਾ ਨੇ ਹਮੇਸ਼ਾ ਦੇਸ਼ ਦੇ ਮਹਾਨ ਸੰਤਾਂ ਅਤੇ ਗੁਰੂਆਂ ਦੀ ਆਧਿਆਤਮਿਕ ਅਤੇ




ਸੱਭਿਆਚਾਰਕ ਵਿਰਾਸਤ ਦਾ ਸਤਿਕਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350ਵਾਂ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 400ਵਾਂ ਪ੍ਰਕਾਸ਼ ਪੁਰਬ ਵੀ ਰਾਸ਼ਟਰੀ ਪੱਧਰ ’ਤੇ ਮਨਾਂ ਚੁੱਕੀ ਹੈ ਅਤੇ ਹੁਣ ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਲੋਕ ਅੰਦੋਲਨ ਬਣਾਉਣ ਲਈ ਵਚਨਬੱਧ ਹੈ। ਰਾਜੂ ਨੇ ਦੱਸਿਆ ਕਿ 29 ਜੁਲਾਈ ਨੂੰ ਵਾਰਾਣਸੀ ਤੋਂ ਪਵਿੱਤਰ ਮਿੱਟੀ ਦੀ ਰਾਸ਼ਟਰਵਿਆਪੀ ਯਾਤਰਾ ਦਾ ਸ਼ੁਭਾਰੰਭ ਹੋਇਆ ਸੀ। 2 ਅਗਸਤ ਨੂੰ ਇਸ ਦੇ ਪੰਜਾਬ ਪਹੁੰਚਣ ਨਾਲ ਸੂਬੇ ਵਿੱਚ ਇਸ ਇਤਿਹਾਸਕ ਅਭਿਆਨ ਦੀ ਰਸਮੀ ਸ਼ੁਰੂਆਤ ਹੋਵੇਗੀ। ਚੰਡੀਗੜ੍ਹ ਨਗਰ ਨਿਗਮ ’ਚ ਕਰੋੜਾਂ ਰੁਪਏ ਦੀ ਗੈਰਕਾਨੂੰਨੀ ਵਸੂਲੀ ਦਾ ਮਾਮਲਾ, ਵਿਜੀਲੈਂਸ ਨੇ ਲਿਆ ਐਕਸ਼ਨ; ਇੰਸਪੈਕਟਰਾਂ ਅਤੇ ਕਰਮਚਾਰੀਆਂ ਖ਼?ਲਾਫ਼ ਐਫਆਈਆਰ ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪੰਜਾਬ ਦੇ ਹਰ ਵਰਗ ਦੇ ਲੋਕ ਇਨ੍ਹਾਂ ਇਤਿਹਾਸਕ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਸੰਤ ਗੁਰੂ ਰਵਿਦਾਸ ਜੀ ਮਹਾਰਾਜ ਦੇ ਸ਼ਾਂਤੀ, ਸਮਾਨਤਾ, ਏਕਤਾ ਅਤੇ ਸਮਾਜਿਕ ਸਦਭਾਵਨਾ ਦੇ ਸੰਦੇਸ਼ ਨੂੰ ਸੂਬੇ ਦੇ ਕੋਨੇ-ਕੋਨੇ ਤੱਕ ਪਹੁੰਚਾਉਣਗੇ।

## ਬਿਹਾਰੀ ਕਾਲੋਨੀ ’ਚ ਸ਼ਰੇਆਮ ਵਿਕ ਰਿਹਾ ਚਿੱਟਾ ! ਸਮੱਗਲਰ ਨੇ ਵੀਡੀਓ ਬਣਾ ਕੇ ਪੁਲਸ ਨੂੰ ਦਿੱਤਾ ਖੁੱਲ੍ਹਾ ਚੈਲੰਜ

ਲੁਧਿਆਣਾ 2 ਅਗਸਤ। ਮਹਾਨਗਰ ਵਿਚ ਨਸ਼ਾ ਤਸਕਰਾਂ ਦੇ ਬੇਖੌਫ਼ ਹੌਸਲਿਆਂ ਤੇ ਪੁਲਸ ਪ੍ਰਸ਼ਾਸਨ ਦੀ ਨਾਕਾਮੀ ਨੂੰ ਉਜਾਗਰ ਕਰਦੀ ਇਕ ਬੇਹੱਦ ਹੈਰਾਨ ਕਰਨ ਵਾਲੀ ਵੀਡੀਓ ਸਾਹਮਣੇ ਆਈ ਹੈ। ਥਾਣਾ ਡਵੀਜ਼ਨ ਨੰਬਰ 7 ਦੇ ਅਧੀਨ ਆਉਂਦੇ ਤਾਜਪੁਰ ਰੋਡ ਸਥਿਤ ਬਿਹਾਰੀ ਕਾਲੋਨੀ ਦੀ ਇਕ ਫੇਸਬੁੱਕ ਲਾਈਵ ਵੀਡੀਓ ਸੋਸ਼ਲ ਮੀਡੀਆ ’ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿਚ ਇਕ ਨਸ਼ਾ ਸਮੱਗਲਰ ਸ਼ਰੇਆਮ ਕੈਮਰੇ ਦੇ ਸਾਹਮਣੇ ਨਸ਼ੇ ਦੀਆਂ ਪੁੜੀਆਂ ਤਿਆਰ ਕਰਦਾ ਤੇ ਪੁਲਸ ਨੂੰ ਖੁੱਲ੍ਹੀ ਚੁਣੌਤੀ ਦਿੰਦਾ ਨਜ਼ਰ ਆ ਰਿਹਾ ਹੈ। ਇਲਾਕੇ ਦੇ ਹੀ ਰਹਿਣ ਵਾਲੇ ਅਵਤਾਰ ਸਾਹਨੀ ਨਾਮੀ ਨੌਜਵਾਨ ਨੇ ਹਿੰਮਤ ਦਿਖਾਉਂਦੇ ਆਪਣੇ ਆਫ਼ੀਸ਼ੀਅਲ ਫੇਸਬੁੱਕ ਅਕਾਊਂਟ ਤੋਂ ਇਹ ਲਾਈਵ ਵੀਡੀਓ ਬਣਾਈ। ਵੀਡੀਓ ਵਿਚ ਕਾਲੇ ਰੰਗ ਦੀ ਟੀ-ਸ਼ਰਟ ਪਾ ਕੇ ਬੈਠਾ ਮੁੱਖ ਸਮੱਗਲਰ ਕੈਮਰੇ ਦੇ ਸਾਹਮਣੇ ਬਿਨਾਂ ਕਿਸੇ ਡਰ ਦੇ ਨਸ਼ੇ ਦੀਆਂ ਪੁੜੀਆਂ ’ਤੇ ਰਬੜ ਬੈਂਡ ਚੜ੍ਹਾ ਰਿਹਾ ਹੈ। ਹੱਦ ਤਾਂ ਉਦੋਂ ਹੋ ਗਈ ਜਦੋਂ ਵੀਡੀਓ ਬਣਾ ਰਹੇ ਨੌਜਵਾਨ ਨੇ ਉਸ ਨੂੰ ਪੁਲਸ ਕਾਰਵਾਈ ਤੇ ਜੇਲ੍ਹ ਜਾਣ ਦਾ ਡਰ ਦਿਖਾਇਆ ਤਾਂ ਤਸਕਰ ਨੇ ਡਰਨ ਦੀ ਬਜਾਏ ਸ਼ਾਤਰਾਨਾ ਢੰਗ ਨਾਲ ਮੁਸਕਰਾਉਂਦੇ ਕੈਮਰੇ ਵੱਲ ਉਂਗਲਾਂ ਨਾਲ ‘ਵਿਕਟਰੀ’ ਦਾ ਨਿਸ਼ਾਨ ਬਣਾ ਦਿੱਤਾ। ਇਸ ਵੀਡੀਓ ਦੇ ਸਭ ਤੋਂ ਵੱਧ ਹੈਰਾਨ ਕਰ ਦੇਣ ਵਾਲੇ ਹਿੱਸੇ ਵਿਚ ਵੀਡੀਓ ਬਣਾਉਣ ਵਾਲੇ ਨੌਜਵਾਨ ਨੇ ਦਾਅਵਾ ਕੀਤਾ ਕਿ ਉਸ ਨੇ ਸਥਾਨਕ ਪੁਲਸ ਨੂੰ ਅਡਵਾਂਸ ਵਿਚ ‘ਮਹੀਨਾ’ ਦੇ ਰੱਖਿਆ ਹੈ। ਉਸ ਨੇ ਸ਼ਰੇਆਮ ਆਖਿਆ ਕਿ ਜਦੋਂ ਤੱਕ ਉਸ ਦਾ ਦਿੱਤਾ ਹੋਇਆ ਮਹੀਨਾ ਖ਼ਤਮ ਨਹੀਂ ਹੁੰਦਾ, ਉਹ ਆਪਣਾ ਇਹ ਧੰਦਾ ਇਵੇਂ ਹੀ ਜਾਰੀ ਰੱਖੇਗਾ ਅਤੇ ਉਸ ਦਾ ਕੋਈ ਕੁਝ ਨਹੀਂ ਵਿਗਾੜ ਸਕਦਾ। ਸਥਾਨਕ ਲੋਕਾਂ ਅਨੁਸਾਰ ਬਿਹਾਰੀ ਕਾਲੋਨੀ ਪੂਰੀ ਤਰ੍ਹਾਂ ਨਸ਼ੇ ਦਾ ਗੜ੍ਹ ਬਣ ਚੁੱਕੀ ਹੈ, ਜਿੱਥੇ ਸਵੇਰ ਤੋਂ ਦੇਰ ਰਾਤ ਤੱਕ ਨਸ਼ੜੀਆਂ ਦੀ ਭੀੜ ਲੱਗੀ ਰਹਿੰਦੀ ਹੈ। ਲੋਕਾਂ ਦਾ ਦੋਸ਼ ਹੈ ਕਿ ਇਲਾਕੇ ਵਿੱਚ ਪੁਲਸ ਦੀ ਗਸ਼ਤ ਨਾ ਦੇ ਬਰਾਬਰ ਹੈ। ਇਸ ਲਾਈਵ ਵੀਡੀਓ ਨੇ ਲੁਧਿਆਣਾ ਪੁਲਸ ਦੇ ਨਸ਼ਾ-ਵਿਰੋਧੀ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ।

### ਸਹਾਰਨਪੁਰ ਦੀ ਪਟਾਕਾ ਫੈਕਟਰੀ ’ਚ ਧਮਾਕਾ, ਕਈ ਲੋਕਾਂ ਦੀ ਮੌਤ, ਮੌਕੇ ’ਤੇ ਅਫ਼ਰਾ-ਤਫ਼ਰੀ ਦਾ ਮਾਹੌਲ

ਸਹਾਰਨਪੁਰ 2 ਅਗਸਤ। ਗੰਗੋਹ ਥਾਣਾ ਖੇਤਰ ਦੇ ਨਯਾ ਪਿੰਡ ਵਿੱਚ ਸ਼ੁੱਕਰਵਾਰ ਨੂੰ ਇੱਕ ਪਟਾਕਾ ਫੈਕਟਰੀ ਵਿੱਚ ਭਿਆਨਕ ਧਮਾਕਾ ਹੋ ਗਿਆ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਆਸ-ਪਾਸ ਦੇ ਇਲਾਕੇ ਵਿੱਚ ਅਫ਼ਰਾ-ਤਫ਼ਰੀ ਮਚ ਗਈ। ਸ਼ੁਰੂਆਤੀ ਜਾਣਕਾਰੀ ਅਨੁਸਾਰ ਇਸ ਹਾਦਸੇ ਵਿੱਚ ਚਾਰ ਤੋਂ ਵੱਧ ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ, ਜਦੋਂ ਕਿ ਕਈ ਹੋਰਨਾਂ ਦੇ ਜ਼ਖ਼ਮੀ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ।

## ਬਾਘਾ ਪੁਰਾਣਾ ਪੁਲਸ ਵੱਲੋਂ ਨਸ਼ਿਆਂ ਖ਼ਿਲਾਫ਼ ਮੁਹਿੰਮ ਤਹਿਤ 10 ਕਾਬੂ, 7 ਮਾਮਲੇ ਦਰਜ

ਮੋਗਾ 2 ਅਗਸਤ। ਜ਼ਿਲਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਮੋਗਾ ਪੁਲਸ ਵਲੋਂ ਨਸ਼ੀਲੇ ਪਦਾਰਥਾਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸਬ ਡਵੀਜ਼ਨ ਬਾਘਾ ਪੁਰਾਣਾ ਵਿਚ 7 ਮਾਮਲੇ ਦਰਜ ਕਰ ਕੇ 10 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਬ ਡਵੀਜ਼ਨ ਬਾਘਾ ਪੁਰਾਣਾ ਦੇ ਡੀ. ਐੱਸ. ਪੀ. ਜਸਬਿੰਦਰ ਸਿੰਘ ਦੀ ਅਗਵਾਈ ਹੇਠ 8 ਤੋਂ 14 ਜੁਲਾਈ ਤੱਕ ਡਰੱਗ ਹਾਟਸਪਾਟ ਇਲਾਕਿਆਂ ਵਿਚ ਚਲਾਈ ਗਈ ਤਲਾਸ਼ੀ ਮੁਹਿੰਮ ਦੌਰਾਨ 30 ਗ੍ਰਾਮ ਹੈਰੋਇਨ ਅਤੇ 90 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਇਸ ਦੌਰਾਨ 10 ਵਿਅਕਤੀਆਂ ਨੂੰ ਕਾਬੂ ਕਰ ਕੇ ਉਨ੍ਹਾਂ ਖ਼ਿਲਾਫ਼ 7 ਮਾਮਲੇ ਦਰਜ ਕੀਤੇ ਗਏ। ਐੱਸ. ਐੱਸ. ਪੀ. ਚਾਹਲ ਨੇ ਦੱਸਿਆ ਕਿ ਇਸ ਤੋਂ ਇਲਾਵਾ 7 ਵਿਅਕਤੀਆਂ ਨੂੰ ਨਸ਼ਾ ਛੁਡਾਓ ਕੇਂਦਰ ਵਿਚ ਦਾਖ਼ਲ ਕਰਵਾਇਆ ਗਿਆ, ਜਦਕਿ 22 ਵਿਅਕਤੀਆਂ ਖ਼ਿਲਾਫ਼ ਰੋਕੂ ਕਾਰਵਾਈ ਕੀਤੀ ਗਈ। ਪੁਲਸ ਵੱਲੋਂ 108 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 22 ਦਰਜ ਮਾਮਲੇ ਮਾਣਯੋਗ ਅਦਾਲਤ ਵਿਚ ਪੇਸ਼ ਕੀਤੇ ਗਏ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਪਤਵੰਤੇ ਵਿਅਕਤੀਆਂ ਨਾਲ ਸੰਪਰਕ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਦੌਰਾਨ ਨਸ਼ਿਆਂ ਦੇ ਦੁਸ਼ਪ੍ਰਭਾਵਾਂ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਖਾਤਮੇ ਲਈ ਪੁਲਸ ਨੂੰ ਪੂਰਾ ਸਹਿਯੋਗ ਦੇਣ।

# ਮਨੁੱਖੀ ਅਧਿਕਾਰ ਕਮਿਸ਼ਨ ਨੇ ਬਰਨਾਲਾ ਮਾਮਲੇ ਦਾ ਲਿਆ ਨੋਟਿਸ; ਪੰਜਾਬ ਸਰਕਾਰ ਤੇ DGP ਤੋਂ ਮੰਗੀ ਰਿਪੋਰਟ

**ਕੌਮੀ ਪਤ੍ਰਿਕਾ**

ਬਰਨਾਲਾ 2 ਅਗਸਤ। ਬਰਨਾਲਾ ’ਚ ਸਫਾਈ ਸੇਵਕਾਂ ’ਤੇ ਹੋਏ ਕਥਿਤ ਪੁਲਸ ਲਾਠੀਚਾਰਜ ਮਾਮਲੇ ਨੇ ਹੁਣ ਰਾਸ਼ਟਰੀ ਪੱਧਰ ’ਤੇ ਗੰਭੀਰ ਰੂਪ ਧਾਰ ਲਿਆ ਹੈ। ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ (ਐੱਨ.ਐੱਚ.ਆਰ.ਸੀ.) ਨੇ ਇਸ ਘਟਨਾ ਦਾ ਨੋਟਿਸ ਲੈਂਦਿਆਂ ਪੰਜਾਬ ਦੇ ਮੁੱਖ ਸਕੱਤਰ ਅਤੇ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਨੂੰ ਦੋ ਹਫਤਿਆਂ ਅੰਦਰ ਵਿਸਥਾਰਪੂਰਵਕ ਐਕਸ਼ਨ ਟੇਕਨ ਰਿਪੋਰਟ (ਏ.ਟੀ.ਆਰ.) ਭੇਜਣ ਦੇ ਨਿਰਦੇਸ਼ ਜਾਰੀ ਕੀਤੇ ਹਨ। 27 ਜੁਲਾਈ 2026 ਨੂੰ ਜਾਰੀ ਪੱਤਰ ਅਨੁਸਾਰ ਕਮਿਸ਼ਨ ਨੇ ਸ਼ਿਕਾਇਤ ਨੂੰ ਪਹਿਲੀ ਨਜ਼ਰ ’ਚ ਮਨੁੱਖੀ ਅਧਿਕਾਰਾਂ ਦੇ ਉਲੰਘਣ ਨਾਲ ਜੁੜਿਆ ਮੰਨਦਿਆਂ ਮਨੁੱਖੀ ਅਧਿਕਾਰ ਸੁਰੱਖਿਆ ਐਕਟ, 1993 ਦੀ ਧਾਰਾ 12 ਤਹਿਤ ਕਾਰਵਾਈ ਸ਼ੁਰੂ ਕੀਤੀ ਹੈ। ਇਹ ਮਾਮਲਾ ਕਮਿਸ਼ਨ ਦੇ ਮੈਂਬਰ ਪ੍ਰਿਯੰਕ ਕਾਨੂੰਨਗੋ ਦੀ ਅਗਵਾਈ ਵਾਲੇ ਬੈਂਚ ਸਾਹਮਣੇ ਰੱਖਿਆ ਗਿਆ, ਜਿਸ ਤੋਂ ਬਾਅਦ ਪੰਜਾਬ ਸਰਕਾਰ ਤੋਂ ਪੂਰਾ ਤੱਥਾਤਮਕ ਵੇਰਵਾ ਮੰਗਿਆ ਗਿਆ ਹੈ। ਕਮਿਸ਼ਨ ਵੱਲੋਂ ਜਾਰੀ ਨੋਟਿਸ ’ਚ ਕਿਹਾ ਗਿਆ ਹੈ ਕਿ ਸ਼ਿਕਾਇਤ ਅਨੁਸਾਰ ਬਰਨਾਲਾ ’ਚ ਸਫਾਈ ਕਰਮਚਾਰੀ ਆਪਣੀਆਂ ਜਾਇਜ਼ ਮੰਗਾਂ-ਨੌਕਰੀ ਰੈਗੂਲਰ ਕਰਨ, ਤਨਖਾਹ ਵਧਾਉਣ ਅਤੇ ਰੋਜ਼ਗਾਰ ਸੁਰੱਖਿਆ ਲਈ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ। ਦੋਸ਼ ਹੈ ਕਿ ਇਸ ਦੌਰਾਨ ਪੁਲਸ ਨੇ ਲੋੜ ਤੋਂ ਵਧ ਬਲ ਦੀ ਵਰਤੋਂ ਕਰਦਿਆਂ ਲਾਠੀਚਾਰਜ ਕੀਤਾ, ਜਿਸ ’ਚ ਔਰਤਾਂ ਸਮੇਤ ਕਈ ਸਫਾਈ ਕਰਮਚਾਰੀ ਜ਼ਖਮੀ ਹੋਏ। ਸ਼ਿਕਾਇਤਕਰਤਾ ਨੇ ਇਸ ਨੂੰ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਾਰ ਦਿੰਦਿਆਂ ਕਮਿਸ਼ਨ ਕੋਲ ਦਖਲ ਦੀ ਮੰਗ ਕੀਤੀ ਸੀ। ਕਮਿਸ਼ਨ ਨੇ ਪੰਜਾਬ ਸਰਕਾਰ ਨੂੰ 9 ਮਹੱਤਵਪੂਰਨ ਬਿੰਦੂਆਂ ’ਤੇ



ਵਿਸਥਾਰ ਨਾਲ ਜਵਾਬ ਦੇਣ ਲਈ ਕਿਹਾ ਹੈ। ਇਨ੍ਹਾਂ ’ਚ ਲਾਠੀਚਾਰਜ ਦੇ ਹੁਕਮ ਦੇਣ ਵਾਲੇ ਅਧਿਕਾਰੀ ਦਾ ਵੇਰਵਾ, ਬਲ ਦੀ ਵਰਤੋਂ ਦੇ ਕਾਰਨ, ਜ਼ਖਮੀ ਹੋਏ ਸਫਾਈ ਕਰਮਚਾਰੀਆਂ ਦੀ ਗਿਣਤੀ, ਉਨ੍ਹਾਂ ਦੇ ਨਾਂ, ਸੱਟਾਂ ਦੀ ਪ੍ਰਕਿਰਤੀ, ਮੌਜੂਦਾ ਸਿਹਤ ਸਥਿਤੀ ਅਤੇ ਮੈਡੀਕਲ ਰਿਕਾਰਡਾਂ ਦੀਆਂ ਕਾਪੀਆਂ ਸ਼ਾਮਲ ਹਨ। ਇਸ ਤੋਂ ਇਲਾਵਾ ਕਮਿਸ਼ਨ ਨੇ ਪੁੱਛਿਆ ਹੈ ਕਿ ਕੀ ਜ਼ਖਮੀਆਂ ਦੀ ਤੁਰੰਤ ਮੈਡੀਕਲ ਜਾਂਚ ਕਰਵਾਈ ਗਈ ਸੀ ਅਤੇ ਕੀ ਉਨ੍ਹਾਂ ਦੇ ਮੈਡੀਕੋ-ਲੀਗਲ ਸਰਟੀਫਿਕੇਟ (ਐੱਮ.ਐੱਲ.ਸੀ.) ਤਿਆਰ ਕੀਤੇ ਗਏ। ਜੇ ਐੱਮ.ਐੱਲ.ਸੀ. ਨਹੀਂ ਬਣੇ ਤਾਂ ਇਸ ਦੇ ਕਾਰਨ ਵੀ ਸਪੱਸ਼ਟ ਕਰਨ ਲਈ ਕਿਹਾ ਗਿਆ ਹੈ। ਐੱਨ.ਐੱਚ.ਆਰ.ਸੀ. ਨੇ ਇਹ ਵੀ ਜਾਣਨਾ ਚਾਹਿਆ ਹੈ ਕਿ ਕੀ ਇਸ ਘਟਨਾ ਦੇ ਸਬੰਧ ’ਚ ਕੋਈ ਐੱਫ.ਆਈ.ਆਰ., ਡੀ.ਡੀ.ਆਰ. ਜਾਂ ਹੋਰ ਫੌਜਦਾਰੀ ਜਾਂ ਵਿਭਾਗੀ ਕਾਰਵਾਈ ਕੀਤੀ ਗਈ ਹੈ। ਜੇਕਰ ਕੋਈ ਜਾਂਚ ਜਾਂ ਮੈਜਿਸਟਰੀਅਲ ਇਨਕੁਆਰੀ ਚੱਲ ਰਹੀ ਹੈ ਤਾਂ ਉਸ ਦੀ ਮੌਜੂਦਾ ਸਥਿਤੀ ਦੀ ਜਾਣਕਾਰੀ ਵੀ ਮੰਗੀ ਗਈ ਹੈ। ਕਮਿਸ਼ਨ ਨੇ ਪੁਲਸ ਵੱਲੋਂ ਸਟੈਂਡਰਡ ਆਪ੍ਰੇਟਿੰਗ ਪ੍ਰੋਸੀਜਰ (ਐੱਸ.ਓ.ਪੀ.) ਦੀ ਪਾਲਣਾ ਬਾਰੇ ਵੀ ਸਵਾਲ ਉਠਾਏ ਹਨ। ਨੋਟਿਸ ’ਚ ਕਿਹਾ ਗਿਆ ਹੈ ਕਿ ਜੇ ਬਲ ਦੀ ਵਰਤੋਂ ਕੀਤੀ ਗਈ ਸੀ ਤਾਂ ਉਸ ਨਾਲ ਸਬੰਧਤ ਰਿਕਾਰਡ, ਵੀਡੀਓ ਫੁਟੇਜ਼, ਵਾਇਰਲੈੱਸ ਲਾਗ ਬੁੱਕ, ਡਿਊਟੀ ਰੋਸਟਰ ਅਤੇ ਹੋਰ ਦਸਤਾਵੇਜ਼ ਵੀ ਰਿਪੋਰਟ ਨਾਲ ਨੱਥੀ ਕੀਤੇ ਜਾਣ। ਇਸ ਦੇ ਨਾਲ ਹੀ ਕਮਿਸ਼ਨ ਨੇ ਰਾਜ ਸਰਕਾਰ ਨੂੰ ਇਹ ਵੀ ਦੱਸਣ ਲਈ ਕਿਹਾ ਹੈ ਕਿ ਭਵਿੱਖ ’ਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਅਤੇ ਸਫਾਈ ਕਰਮਚਾਰੀਆਂ ਦੇ ਅਧਿਕਾਰਾਂ ਅਤੇ ਮਾਣ-ਸਨਮਾਨ ਦੀ ਰੱਖਿਆ ਲਈ ਕਿਹੜੇ ਠੋਸ ਕਦਮ ਚੁੱਕੇ ਜਾ ਰਹੇ ਹਨ। ਐੱਨ.ਐੱਚ.ਆਰ.ਸੀ. ਨੇ ਸਪੱਸ਼ਟ ਕੀਤਾ ਹੈ ਕਿ ਇਹ ਵਿਸਥਾਰਪੂਰਵਕ ਐਕਸ਼ਨ ਟੇਕਨ ਰਿਪੋਰਟ ਦੋ ਹਫਤਿਆਂ ਦੇ ਅੰਦਰ ਕਮਿਸ਼ਨ ਨੂੰ ਭੇਜੀ ਜਾਵੇ। ਕਮਿਸ਼ਨ ਨੇ ਇਹ ਵੀ ਨਿਰਦੇਸ਼ ਦਿੱਤੇ ਹਨ ਕਿ ਰਿਪੋਰਟ ਦੀ ਇਕ ਕਾਪੀ ਈ-ਮੇਲ ਰਾਹੀਂ ਵੀ ਭੇਜੀ ਜਾਵੇ, ਤਾਂ ਜੋ ਮਾਮਲੇ ਦੀ ਅਗਲੀ ਸੁਣਵਾਈ ਅਤੇ ਜਾਂਚ ਸਮੇਂ ਸਿਰ ਅੱਗੇ ਵਧਾਈ ਜਾ ਸਕੇ। ਇਸ ਨੋਟਿਸ ਤੋਂ ਬਾਅਦ ਬਰਨਾਲਾ ਲਾਠੀਚਾਰਜ ਮਾਮਲਾ ਹੁਣ ਰਾਜ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਲਈ ਇਕ ਗੰਭੀਰ ਜਾਂਚ ਦਾ ਵਿਸ਼ਾ ਬਣ ਗਿਆ ਹੈ।